## ਭਾਜਪਾ ਘੁਸਪੈਠੀਆਂ ਦੇ ਵਿਰੁੱਧ, ਮੁਸਲਮਾਨਾਂ ਦੇ ਨਹੀਂ : ਨਿਤਿਨ ਗਡਕਰੀ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 6 ਅਪ੍ਰੈਲ। ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੀਨੀਅਰ ਨੇਤਾ ਅਤੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਅਸਾਮ ਅਤੇ ਪੱਛਮੀ ਬੰਗਾਲ ਵਿੱਚ ਪਾਰਟੀ ਦੀਆਂ ਚੋਣ ਸੰਭਾਵਨਾਵਾਂ 'ਤੇ ਭਰੋਸਾ ਪ੍ਰਗਟ ਕਰਦੇ ਹੋਏ ਐਤਵਾਰ ਨੂੰ ਕਿਹਾ ਕਿ ਭਾਜਪਾ ਘੁਸਪੈਠੀਆਂ ਦਾ ਵਿਰੋਧ ਕਰਦੀ ਹੈ, ਮੁਸਲਮਾਨਾਂ ਦਾ ਨਹੀਂ। ਅਸਾਮ ਵਿੱਚ ਵਿਧਾਨ ਸਭਾ ਚੋਣਾਂ 9 ਅਪ੍ਰੈਲ ਨੂੰ ਹੋਣੀਆਂ ਹਨ, ਜਦੋਂ ਕਿ ਪੱਛਮੀ ਬੰਗਾਲ ਵਿੱਚ 23 ਅਤੇ 29 ਅਪ੍ਰੈਲ ਨੂੰ ਦੋ ਪੜਾਵਾਂ ਵਿੱਚ ਵੋਟਾਂ ਪੈਣਗੀਆਂ, ਜਿਨ੍ਹਾਂ ਦੀ ਗਿਣਤੀ 4 ਮਈ ਨੂੰ ਹੋਵੇਗੀ। ਗਡਕਰੀ ਨੇ ਕਿਹਾ, ਮੈਨੂੰ ਵਿਸ਼ਵਾਸ ਹੈ ਕਿ ਅਸੀਂ ਅਸਾਮ ਅਤੇ ਪੱਛਮੀ ਬੰਗਾਲ ਦੋਵਾਂ ਵਿੱਚ ਜਿੱਤਾਂਗੇ। ਭਾਜਪਾ ਦੀ ਨੀਤੀ ਧਾਰਮਿਕ ਪਛਾਣ ਦੀ ਪਰਵਾਹ ਕੀਤੇ ਬਿਨਾਂ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਦੀ ਹੈ। ਅਸੀਂ ਘੁਸਪੈਠੀਆਂ ਦੇ ਵਿਰੁੱਧ ਹਾਂ, ਮੁਸਲਮਾਨਾਂ ਦੇ ਨਹੀਂ। ਪਾਰਟੀ ਦੇ ਵਿਕਾਸ ਏਜੰਡੇ ਨੂੰ ਉਜਾਗਰ ਕਰਦੇ ਉਨ੍ਹਾਂ ਕਿਹਾ ਕਿ ਵੱਡੇ ਪੱਧਰ 'ਤੇ ਬੁਨਿਆਦੀ ਢਾਂਚਾ ਨਿਵੇਸ਼ ਅਤੇ ਸ਼ਾਸਨ-ਕੇਂਦ੍ਰਿਤ ਪਹੁੰਚ ਭਾਜਪਾ ਦੀ ਚੋਣ ਰਣਨੀਤੀ ਦੇ ਮੁੱਖ ਥੰਮ?ਹ ਹਨ। ਉਨ੍ਹਾਂ ਕਿਹਾ, ਅਸਾਮ ਸਮੇਤ ਉੱਤਰ-ਪੂਰਬੀ ਖੇਤਰ ਵਿੱਚ ਲਗਭਗ 5 ਲੱਖ ਕਰੋੜ ਰੁਪਏ ਦੇ ਪ੍ਰੋਜੈਕਟ 'ਤੇ ਕੰਮ ਚੱਲ ਕੀਤਾ ਜਾ ਰਿਹਾ ਹੈ। ਲਗਭਗ 1.5 ਲੱਖ ਕਰੋੜ ਰੁਪਏ ਦੇ ਬੁਨਿਆਦੀ ਢਾਂਚੇ ਦੇ ਪ੍ਰਾਜੈਕਟ ਪੂਰੇ ਹੋ ਚੁੱਕੇ ਹਨ, ਜਦੋਂ ਕਿ 1.5 ਲੱਖ ਕਰੋੜ ਤੋਂ 2 ਲੱਖ ਕਰੋੜ ਰੁਪਏ ਦੇ ਪ੍ਰੋਜੈਕਟ ਨਿਰਮਾਣ ਅਧੀਨ ਹਨ। ਇਸ ਤੋਂ ਇਲਾਵਾ ਲਗਭਗ 2 ਲੱਖ ਕਰੋੜ ਰੁਪਏ ਦੇ ਪ੍ਰੋਜੈਕਟ ਪ੍ਰਸਤਾਵਿਤ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀਆਂ, ਖਾਸ ਕਰਕੇ ਸੜਕੀ ਆਵਾਜਾਈ, ਹਾਈਵੇਅ ਅਤੇ ਲੌਜਿਸਟਿਕਸ ਦੇ ਖੇਤਰਾਂ ਵਿੱਚ, ਸੰਪਰਕ ਨੂੰ ਬਿਹਤਰ ਬਣਾਉਣ, ਵਪਾਰ ਨੂੰ ਉਤਸ਼ਾਹਿਤ ਕਰਨ ਅਤੇ ਆਰਥਿਕ ਵਿਕਾਸ ਨੂੰ ਤੇਜ਼ ਕਰਨ ਦੇ ਉਦੇਸ਼ ਨਾਲ ਹਨ। ਗਡਕਰੀ ਨੇ ਕਿਹਾ, ਇਹ ਨਿਰੰਤਰ ਯਤਨ ਅਸਾਮ ਅਤੇ ਉੱਤਰ-ਪੂਰਬੀ ਖੇਤਰ ਦੇ ਬੁਨਿਆਦੀ ਢਾਂਚੇ ਦੇ ਦ੍ਰਿਸ਼ ਨੂੰ ਬਦਲ ਦੇਵੇਗਾ। ਇਹ ਬਿਆਨ ਉਸ ਸਮੇਂ ਆਏ ਹਨ, ਜਦੋਂ ਹਿਮੰਤ ਬਿਸਵਾ ਸਰਮਾ ਦੀ ਅਗਵਾਈ ਵਾਲੀ ਸਰਕਾਰ ਆਪਣੇ ਵਿਕਾਸ ਕਾਰਜਾਂ ਅਤੇ ਭਲਾਈ ਯੋਜਨਾਵਾਂ ਦੇ ਆਧਾਰ 'ਤੇ ਸੱਤਾ ਵਿੱਚ ਵਾਪਸ ਆਉਣ ਦੀ ਕੋਸ਼ਿਸ਼ ਕਰ ਰਹੀ ਹੈ। ਗਡਕਰੀ ਨੇ ਦੁਹਰਾਇਆ ਕਿ ਸਮਾਵੇਸ਼ ਭਾਜਪਾ ਦੀ ਨੀਤੀ ਦਾ ਕੇਂਦਰ ਹੈ ਅਤੇ ਪਾਰਟੀ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਵਿੱਚ ਵਿਸ਼ਵਾਸ ਰੱਖਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਪਾਰਟੀ ਦਾ ਵਿਰੋਧ ਸਿਰਫ਼ ਘੁਸਪੈਠ ਦੇ ਵਿਰੁੱਧ ਹੈ, ਕਿਸੇ ਖਾਸ ਧਰਮ ਦੇ ਵਿਰੁੱਧ ਨਹੀਂ। ਹਾਲ ਹੀ ਵਿੱਚ ਅਸਾਮ ਵਿੱਚ ਇੱਕ ਰੈਲੀ ਨੂੰ ਸੰਬੋਧਨ ਕਰਦੇ ਉਨ੍ਹਾਂ ਨੇ ਕਿਹਾ ਕਿ ਭਾਰਤ ਸਾਂਝੀ ਵਿਰਾਸਤ ਵਾਲੇ ਸ਼ਰਨਾਰਥੀਆਂ ਨੂੰ ਪਨਾਹ ਦੇ ਸਕਦਾ ਹੈ ਪਰ ਗੈਰ-ਕਾਨੂੰਨੀ ਤੌਰ 'ਤੇ ਦਾਖਲ ਹੋਣ ਵਾਲਿਆਂ ਨੂੰ ਸਵੀਕਾਰ ਨਹੀਂ ਕਰ ਸਕਦਾ, ਕਿਉਂਕਿ



ਇਸ ਨਾਲ ਦੇਸ਼ ਧਰਮਸ਼ਾਲਾ ਵਿੱਚ ਬਦਲ ਜਾਵੇਗਾ। ਵਿਭਿੰਨਤਾ ਵਿੱਚ ਏਕਤਾ ਨੂੰ ਦੇਸ਼ ਦੀ ਮੁੱਖ ਭਾਵਨਾ ਦੱਸਦਿਆਂ ਗਡਕਰੀ ਨੇ ਕਿਹਾ ਕਿ ਭਾਜਪਾ ਕਿਸੇ ਵੀ ਜਾਤੀ, ਧਰਮ ਜਾਂ ਭਾਸ਼ਾ ਦੇ ਵਿਰੁੱਧ ਨਹੀਂ ਹੈ ਅਤੇ ਸੰਵਿਧਾਨ ਅਨੁਸਾਰ ਅਧਿਕਾਰ ਦੇਣ ਦਾ ਸਮਰਥਨ ਕਰਦੀ ਹੈ। ਉਹ ਨਾਗਰਿਕਤਾ (ਸੋਧ) ਕਾਨੂੰਨ ਤਹਿਤ ਸਤਾਏ ਗਏ ਘੱਟ ਗਿਣਤੀਆਂ ਨੂੰ ਦਿੱਤੀ ਗਈ ਨਾਗਰਿਕਤਾ ਦਾ ਹਵਾਲਾ ਦੇ ਰਹੇ ਸਨ। ਪੱਛਮੀ ਬੰਗਾਲ ਬਾਰੇ ਉਨ੍ਹਾਂ ਕਿਹਾ ਕਿ ਉੱਥੇ ਵੋਟਰਾਂ ਵਿੱਚ ਰਾਜਨੀਤਿਕ ਤਬਦੀਲੀ ਦੀ ਇੱਛਾ ਵੱਧ ਰਹੀ ਹੈ। ਉਨ੍ਹਾਂ ਕਿਹਾ, ਲੋਕ ਬਦਲਾਅ ਦੇ ਹੱਕ ਵਿੱਚ ਹਨ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਭਾਜਪਾ ਰਾਜ ਵਿੱਚ ਮਹੱਤਵਪੂਰਨ ਸਫਲਤਾ ਪ੍ਰਾਪਤ ਕਰੇਗੀ। ਰਾਜ ਵਿੱਚ ਇੱਕ ਸਖ਼ਤ ਮੁਕਾਬਲੇ ਨੂੰ ਸਵੀਕਾਰ ਕਰਦੇ ਉਨ੍ਹਾਂ ਕਿਹਾ ਕਿ ਪਾਰਟੀ ਬੇਲੋੜੀ ਰਾਜਨੀਤਿਕ ਟਕਰਾਅ ਦੀ ਬਜਾਏ ਸ਼ਾਸਨ ਅਤੇ ਵਿਕਾਸ ਦੇ ਮੁੱਦਿਆਂ 'ਤੇ ਧਿਆਨ ਕੇਂਦਰਿਤ ਕਰੇਗੀ। 2021 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੱਖ ਵਿਰੋਧੀ ਪਾਰਟੀ ਵਜੋਂ ਉਭਰਨ ਤੋਂ ਬਾਅਦ ਭਾਜਪਾ ਰਾਜ ਵਿੱਚ ਆਪਣਾ ਅਧਾਰ ਹੋਰ ਮਜ਼ਬੂਤ ??ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਮੁੱਖ ਮੰਤਰੀ ਮਮਤਾ ਬੈਨਰਜੀ ਦੇ ਇਸ ਦੋਸ਼ ਦੇ ਜਵਾਬ ਵਿੱਚ ਕਿ ਕੇਂਦਰ ਸਰਕਾਰ ਵੋਟਰ ਸੂਚੀਆਂ ਦੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸਆਈਆਰ) ਰਾਹੀਂ ਚੋਣਾਂ ਤੋਂ ਪਹਿਲਾਂ ਵੋਟਰਾਂ ਦੇ ਨਾਮ ਹਟਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਗਡਕਰੀ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਨੀਤੀ ਨਿਰਮਾਣ ਵਿੱਚ ਰਾਸ਼ਟਰੀ ਹਿੱਤ ਨੂੰ ਤਰਜੀਹ ਦਿੰਦੀ ਹੈ। ਉਨ੍ਹਾਂ ਕਿਹਾ, ਅਸੀਂ ਰਾਸ਼ਟਰੀ ਮੁੱਦਿਆਂ 'ਤੇ ਕਿਸੇ ਵੀ ਤਰ੍ਹਾਂ ਦੀ ਰਾਜਨੀਤੀ ਨਹੀਂ ਕਰਨਾ ਚਾਹੁੰਦੇ। ਸਾਨੂੰ ਰਾਸ਼ਟਰੀ ਹਿੱਤ ਨੂੰ ਸਰਵਉੱਚ ਸਮਝਦੇ ਹੋਏ ਵਰਗੇ) ਮੁੱਦਿਆਂ ਨੂੰ ਦੇਖਣਾ ਚਾਹੀਦਾ ਹੈ।

# ਰੋਗਾਂ ਦੇ ਜਾਲ਼ 'ਚ ਫਸਾ ਰਿਹਾ ਕੰਮ ਦਾ ਬੋਝ



ਭਾਰਤ ਵਿਚ ਦਿਲ ਦੀਆਂ ਬੀਮਾਰੀਆਂ ਅਤੇ ਡਾਇਬਟੀਜ਼ ਨਾਲ ਜੁੜੇ ਚਿੰਤਾਜਨਕ ਅੰਕੜੇ ਅਕਸਰ ਚਰਚਾ ਦਾ ਵਿਸ਼ਾ ਬਣਦੇ ਹਨ। ਲੱਖਾਂ ਲੋਕਾਂ ਦੀ ਜ਼ਿੰਦਗੀ ਖ਼ਤਰੇ ਵਿਚ ਪਾ ਰਹੇ ਜਾਨਲੇਵਾ ਪ੍ਰਦੂਸ਼ਣ 'ਤੇ ਵੀ ਬਹੁਤ ਚਰਚਾ ਹੋ ਰਹੀ ਹੈ ਪਰ ਸਿਹਤ ਨਾਲ ਜੁੜੀ ਇਕ ਹੋਰ ਚੁਣੌਤੀ ਵੀ ਹੈ ਜਿਸ ਦਾ ਜ਼ਿਕਰ ਓਨਾ ਨਹੀਂ ਹੋ ਰਿਹਾ, ਇਹ ਚੁਣੌਤੀ ਹੈ ਥਕਾਨ। ਹਾਲੀਆ ਜਾਰੀ ਇਕ ਰਿਪੋਰਟ ਵਿਚ ਦੱਸਿਆ ਗਿਆ ਹੈ ਕਿ 18 ਤੋਂ 64 ਸਾਲ ਦੇ ਲੋਕਾਂ ਦੀ ਆਬਾਦੀ ਵਿਚ 22 ਫ਼ੀਸਦੀ ਲੋਕ ਅਜਿਹੇ ਹਨ ਜਿਨ੍ਹਾਂ ਨੂੰ ਸਭ ਤੋਂ ਵੱਧ ਪਰੇਸ਼ਾਨੀ ਥਕਾਵਟ ਤੋਂ ਹੈ। ਮਿਟੇਲ ਨਾਂ ਦੀ ਸੰਸਥਾ ਵੱਲੋਂ ਜਾਰੀ ਇਸ ਰਿਪੋਰਟ ਮੁਤਾਬਕ ਲੋਕਾਂ ਲਈ ਇਹ ਹਾਈ ਬਲੱਡ ਪ੍ਰੈਸ਼ਰ ਅਤੇ ਡਾਇਬਟੀਜ਼ ਤੋਂ ਵੀ ਵੱਡੀ ਚਿੰਤਾ ਹੈ। ਔਰਤਾਂ ਇਸ ਤੋਂ ਜ਼ਿਆਦਾ ਪਰੇਸ਼ਾਨ ਹਨ। 25 ਫ਼ੀਸਦੀ ਔਰਤਾਂ ਦਾ ਕਹਿਣਾ ਹੈ ਕਿ ਉਹ ਸਭ ਤੋਂ ਜ਼ਿਆਦਾ ਪਰੇਸ਼ਾਨ ਥਕਾਵਟ ਦੀ ਸਮੱਸਿਆ ਤੋਂ ਹਨ। ਮਿਟੇਲ ਦੀ ਇਹ ਰਿਪੋਰਟ ਇਕ ਸਰਵੇਖਣ 'ਤੇ ਆਧਾਰਿਤ ਹੈ। ਬੀਤੇ ਸਾਲ ਜੂਨ ਵਿਚ 3, 029 ਲੋਕ ਇਸ ਸਰਵੇਖਣ ਦਾ ਹਿਸਾ ਬਣੇ ਸਨ।

ਦੁਨੀਆ ਦੇ ਮਸ਼ਹੂਰ ਅਰਥ ਸ਼ਾਸਤਰੀ ਜਾਨ ਕੀਨਸ ਨੇ ਇਕ ਵਾਰ ਕਿਹਾ ਸੀ ਕਿ ਭਵਿੱਖ ਵਿਚ ਲੋਕਾਂ ਕੋਲ ਫ਼ੁਰਸਤ ਦੇ ਕਾਫੀ ਪਲ ਹੋਣਗੇ ਪਰ ਲੱਗਦਾ ਹੈ ਕਿ ਭਾਰਤ ਨੂੰ ਇਸ ਭਵਿੱਖਬਾਣੀ ਨੂੰ ਗ਼ਲਤ ਸਾਬਤ ਕਰਨ ਵਾਲੇ ਦੇਸ਼ ਦੇ ਰੂਪ ਵਿਚ ਚੁਣਿਆ ਜਾ ਸਕਦਾ ਹੈ। ਹਾਲਾਂਕਿ ਭਾਰਤ ਵਿਚ ਨਿੱਜੀ ਖੇਤਰ ਦੀ ਮਸਰੂਫ਼ੀਅਤ ਦੇਖੀਏ ਤਾਂ ਇਹ ਅੰਕੜੇ ਹੈਰਾਨੀ ਪੈਦਾ ਨਹੀਂ ਕਰਦੇ। ਕੰਮ ਅਤੇ ਜ਼ਿੰਦਗੀ ਵਿਚ ਸੰਤੁਲਨ ਸਾਡੇ ਦੇਸ਼ ਵਿਚ ਚੁਟਕਲਿਆਂ ਦਾ ਵਿਸ਼ਾ ਬਣ ਚੁੱਕਾ ਹੈ। ਇਥੇ ਇਕ ਕਰਮਚਾਰੀ ਸਾਲ ਭਰ ਵਿਚ ਔਸਤਨ 2200 ਘੰਟੇ ਕੰਮ ਕਰਦਾ ਹੈ। ਇਹ ਅੰਕੜਾ ਬਾਕੀ ਦੇਸ਼ਾਂ ਦੀ ਤੁਲਨਾ ਵਿਚ ਕਿਤੇ ਜ਼ਿਆਦਾ ਹੈ। ਭਾਰਤ ਦੇ ਲੋਕ ਪ੍ਰਤੀ ਹਫ਼ਤਾ ਔਸਤਨ 52 ਘੰਟੇ ਕੰਮ ਕਰਦੇ ਹਨ ਅਤੇ ਇਹ ਅੰਕੜਾ ਅਮਰੀਕਾ, ਬ੍ਰਿਟੇਨ ਅਤੇ ਚੀਨ ਤੋਂ ਕਾਫ਼ੀ ਵੱਧ ਹੈ। ਪਿਛਲੇ ਸਾਲ ਉਨ੍ਹਾਂ ਦੇਸ਼ਾਂ ਦੀ ਸੂਚੀ ਵਿਚ ਭਾਰਤ ਚੌਥੇ ਸਥਾਨ 'ਤੇ ਸੀ ਜਿਥੇ ਲੋਕਾਂ ਨੂੰ ਸਭ ਤੋਂ ਘੱਟ ਛੁੱਟੀਆਂ ਮਿਲ ਰਹੀਆਂ ਹਨ। ਕੰਮਕਾਜੀ ਆਬਾਦੀ ਦੀ ਥਕਾਵਟ ਆਉਣ ਵਾਲੇ ਸਮੇਂ ਵਿਚ ਇਕ ਵੱਡੀ ਸਮੱਸਿਆ ਸਾਬਿਤ ਹੋਣ ਵਾਲੀ ਹੈ। ਥਕਾਵਟ ਦਾ ਮਤਲਬ ਸਿਰਫ਼ ਥਕਾਨ ਨਹੀਂ ਸਗੋਂ ਅਨੀਮੀਆ, ਡਿਪ੍ਰੈਸ਼ਨ ਅਤੇ ਡਾਇਬਟੀਜ਼ ਵਰਗੀਆਂ ਹੋਰ ਬਿਮਾਰੀਆਂ ਦੀ ਵੀ ਕਨਸੋਅ ਹੈ। ਮਾਹਿਰਾਂ ਮੁਤਾਬਕ ਭਾਰਤ ਨੂੰ ਇਸ ਸਮੱਸਿਆ 'ਤੇ ਗੰਭੀਰਤਾ ਨਾਲ ਸੋਚਣ ਅਤੇ ਕਾਰਜ ਪ੍ਰਣਾਲੀ ਦੀ ਨਵੇਂ ਸਿਰੇ ਤੋਂ ਸਮੀਖਿਆ ਕਰਨ ਦੀ ਲੋੜ ਹੈ। •



# ਰੈਸਟਲੈੱਸ ਸਿੰਡਰੋਮ

## ਲੱਛਣ ਤੇ ਇਲਾਜ

ਜੇ ਕਰ ਤੁਹਾਨੂੰ ਬੈਠੇ ਜਾਂ ਲੇਟੇ ਹੋਏ ਪੈਰ ਹਿਲਾਉਣ ਦੀ ਆਦਤ ਹੈ ਤਾਂ ਸੁਚੇਤ ਹੋ ਜਾਓ। ਇਹ ਰੈਸਟਲੈੱਸ ਸਿੰਡਰੋਮ ਦੇ ਲੱਛਣ ਹੋ ਸਕਦੇ ਹਨ। ਇਸ ਦਾ ਕਾਰਨ ਆਇਰਨ ਦੀ ਕਮੀ ਹੋਣਾ ਹੈ। ਇਹ ਸਮੱਸਿਆ 10 ਫ਼ੀਸਦੀ ਲੋਕਾਂ ਨੂੰ ਹੁੰਦੀ ਹੈ। ਜ਼ਿਆਦਾਤਰ 35 ਸਾਲ ਤੋਂ ਵੱਧ ਦੀ ਉਮਰ ਦੇ ਮਨੁੱਖਾਂ ਨੂੰ ਇਹ ਸਮੱਸਿਆ ਹੁੰਦੀ ਹੈ। ਹਾਰਵਰਡ ਮੈਡੀਕਲ ਸਕੂਲ ਬੋਸਟਨ ਦੇ ਪ੍ਰੋਫੈਸਰ ਅਤੇ ਇਸ ਜਾਂਚ ਦੇ ਪ੍ਰਮੁੱਖ ਡਾ. ਡਬਲਿਊ ਵਿੰਕਮੈਨ ਦਾ ਕਹਿਣਾ ਹੈ ਕਿ ਇਸ ਰੋਗ ਨਾਲ ਪੀੜਤ ਵਿਅਕਤੀ ਔਸਤਨ ਨੀਂਦ ਨਾ ਆਉਣ ਤੋਂ ਪਹਿਲਾਂ 200-300 ਵਾਰ ਆਪਣੇ ਪੈਰ ਹਿਲਾਉਂਦਾ ਹੈ। ਖੋਜਕਾਰਾਂ ਦਾ ਇਹ ਸਪਸ਼ਟ ਕਹਿਣਾ ਹੈ ਕਿ ਲਗਾਤਾਰ ਪੈਰ ਹਿਲਾਉਣ ਵਰਗੇ ਰੋਗ ਤੋਂ ਦਿਲ ਦਾ ਦੌਰਾ ਪੈਣ ਦੀ ਸੰਭਾਵਨਾ ਵੱਧ ਜਾਂਦੀ ਹੈ।

### ਕੀ ਹੈ ਰੈਸਟਲੈੱਸ ਸਿੰਡਰੋਮ

ਇਹ ਨਰਵਸ ਸਿਸਟਮ ਨਾਲ ਜੁੜਿਆ ਰੋਗ ਹੈ। ਪੈਰ ਹਿਲਾਉਣ ਉੱਤੇ ਵਿਅਕਤੀ ਵਿਚ ਡੋਪਾਮਾਇਨ ਹਾਰਮੋਨ ਕਾਰਨ ਉਸ ਨੂੰ ਅਜਿਹਾ ਵਾਰ-ਵਾਰ ਕਰਨ ਦਾ ਦਿਲ ਕਰਦਾ ਹੈ। ਇਸ ਨੂੰ ਸਲੀਪ ਡਿਸ-ਆਰਡਰ ਵੀ ਕਹਿੰਦੇ ਹਨ। ਨੀਂਦ ਪੂਰੀ ਨਾ ਹੋਣ ਉੱਤੇ ਉਹ ਥੱਕਿਆ ਹੋਇਆ ਮਹਿਸੂਸ ਕਰਦਾ ਹੈ। ਜਾਂਚ ਲੱਛਣਾਂ ਦੇ ਆਧਾਰ ਉੱਤੇ ਬਲੱਡ ਟੈਸਟ ਕੀਤਾ ਜਾਂਦਾ ਹੈ। ਨੀਂਦ ਨਾ ਆਉਣ ਦੀ ਮੁਸ਼ਕਿਲ ਵਧਣ ਉੱਤੇ ਪਾਲੀਸੋਮਨੋਗਰਾਫੀ (ਪੀਏਸਜੀ) ਵੀ ਕਰਵਾ ਕੇ ਇਸ ਦੀ ਪੁਸ਼ਟੀ ਕੀਤੀ ਜਾਂਦੀ ਹੈ। ਇਸ ਜਾਂਚ ਤੋਂ ਨੀਂਦ ਨਾ ਆਉਣ ਦੇ ਕਾਰਣਾਂ ਬਾਰੇ ਪਤਾ ਲਗਾਇਆ ਜਾਂਦਾ ਹੈ।

### ਲੱਛਣ

ਪੈਰਾਂ ਵਿਚ ਝੁੰਜਲਾਹਟ ਅਤੇ ਕੀੜੀਆਂ ਚੱਲਣ ਵਰਗਾ ਮਹਿਸੂਸ ਹੋਣਾ। ਦਿਨ ਵਿਚ ਬੈਠਣ ਅਤੇ ਕੁਝ ਲੋਕਾਂ ਵਿਚ ਰਾਤ ਨੂੰ ਸੌਂਦੇ ਸਮੇਂ ਵੀ ਪੈਰ ਹਿਲਾਉਣਾ, ਪੈਰ ਘੁਟਾਉਣ ਦੀ ਇੱਛਾ ਕਰਨਾ ਅਤੇ ਥਕਾਵਟ ਆਦਿ ਕੁਝ ਮੁੱਖ ਲੱਛਣ ਹਨ।

> ਇਹ ਨਰਵਸ ਸਿਸਟਮ ਨਾਲ ਜੁੜਿਆ ਰੋਗ ਹੈ ਜੋ ਕਿ ਆਇਰਨ ਦੀ ਕਮੀ ਕਾਰਨ ਹੁੰਦਾ ਹੈ।ਸ਼ੂਗਰ ਤੇ ਬੀਪੀ ਰੋਗੀਆਂ 'ਚ ਇਸ ਦਾ ਖ਼ਤਰਾ ਵੱਧਦਾ ਹੈ।

### ਕਾਰਨ

ਇਹ ਰੋਗ ਆਇਰਨ ਦੀ ਕਮੀ ਕਾਰਨ ਹੁੰਦਾ ਹੈ। ਇਸ ਤੋਂ ਇਲਾਵਾ ਕਿਡਨੀ, ਪਾਰਕਿੰਸੰਸ ਪੀੜਿਤ ਮਰੀਜ਼ਾਂ ਅਤੇ ਗਰਭਵਤੀਆਂ ਵਿਚ ਡਲਿਵਰੀ ਦੇ ਅੰਤਿਮ ਦਿਨਾਂ ਵਿਚ ਹਾਰਮੋਨਲ ਬਦਲਾਅ ਵੀ ਕਾਰਨ ਹੋ ਸਕਦੇ ਹਨ। ਜ਼ਿਆਦਾ ਸ਼ਰਾਬ ਪੀਣ ਅਤੇ ਕੁਝ ਖ਼ਾਸ ਦਵਾਈਆਂ (ਜ਼ੁਕਾਮ ਅਤੇ ਐਲਰਜੀ) ਤੋਂ ਵੀ ਹੋਣ ਦਾ ਖ਼ਤਰਾ ਰਹਿੰਦਾ ਹੈ। ਸ਼ੂਗਰ, ਬੀਪੀ ਅਤੇ ਹਿਰਦਾ ਰੋਗੀਆਂ ਵਿਚ ਇਸ ਦਾ ਖ਼ਤਰਾ ਵਧਦਾ ਹੈ।

### ਇਲਾਜ

ਇਲਾਜ ਦੇ ਤੌਰ 'ਤੇ ਆਇਰਨ ਦੀਆਂ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਬੀਮਾਰੀ ਗੰਭੀਰ ਹੋਣ ਉੱਤੇ ਹੋਰ ਦਵਾਈਆਂ ਵੀ ਦਿੱਤੀਆਂ ਜਾਂਦੀਆਂ ਹਨ ਜੋ ਸੌਣ ਤੋਂ ਦੋ ਘੰਟੇ ਪਹਿਲਾਂ ਖਾਣੀਆਂ ਹੁੰਦੀਆਂ ਹਨ। ਇਹ ਉਨੀਂਦਰਾ ਦੂਰ ਕਰ ਹਾਲਤ ਸਥਿਰ ਕਰਦੀਆਂ ਹਨ। ਕੁਝ ਖ਼ਾਸ ਕਸਰਤ ਜਿਵੇਂ ਹੌਟ ਐਂਡ ਕੋਲਡ ਬਾਥ, ਵਾਇਬਰੇਟਿੰਗ ਪੈਡ ਉੱਤੇ ਪੈਰ ਰੱਖਣ ਨਾਲ ਵੀ ਰਾਹਤ ਮਿਲਦੀ ਹੈ। ਜੇਕਰ ਤੁਹਾਨੂੰ ਅਜਿਹੇ ਲੱਛਣ ਦਿਖਾਈ ਦਿੰਦੇ ਹਨ ਤਾਂ ਤੁਰੰਤ ਡਾਕਟਰੀ ਸਲਾਹ ਲਵੋ। ਘਰ ਬੈਠੇ ਰਹਿਣ ਨਾਲ ਰੋਗ ਵਧੇਗਾ। ਇਸ ਲਈ ਬਿਹਤਰ ਇਹੀ ਹੈ ਕਿ ਸਮੇਂ ਸਿਰ ਡਾਕਟਰ ਦੀ ਸਲਾਹ ਲਓ ਤੇ ਇਲਾਜ ਸ਼ੁਰੂ ਕਰੋ।

### ਛੱਡੋ ਇਹ ਆਦਤਾਂ

ਰਾਤ ਨੂੰ ਸੌਣ ਤੋਂ ਪਹਿਲਾਂ ਜਾਂ ਬਿਸਤਰੇ 'ਤੇ ਲੇਟੇ ਹੋਇਆਂ ਪੈਰ ਹਿਲਾਉਣ ਦੀ ਆਦਤ ਠੀਕ ਨਹੀਂ ਹੈ। ਪੈਰ ਹਿਲਾਉਣ ਵਾਲੇ ਵਿਅਕਤੀ ਬਾਰੇ ਵਿਚ ਕਿਹਾ ਜਾਂਦਾ ਹੈ ਕਿ ਉਹ ਆਪਣੇ ਪਰਿਵਾਰ ਬਾਰੇ ਜ਼ਿਆਦਾ ਸੋਚਦੇ ਹਨ। ਅਜਿਹਾ ਕਰਨ ਨਾਲ ਵਿਅਕਤੀ ਦੇ ਨਕਾਰਾਤਮਕ ਵਿਚਾਰਾਂ ਨੂੰ ਊਰਜਾ ਮਿਲਦੀ ਹੈ ਜੋ ਸਕਾਰਾਤਮਕ ਸੋਚ 'ਤੇ ਹਾਵੀ ਹੋ ਜਾਂਦੀ ਹੈ। ਅਜਿਹੇ ਵਿਅਕਤੀ ਆਪਣੇ ਕੰਮ ਵਿਚ ਨਿਰਾਸ਼ ਰਹਿੰਦੇ ਹਨ। ਜੋ ਵਿਅਕਤੀ ਜ਼ਿਆਦਾ ਚਿੰਤਾ ਵਿਚ ਰਹਿੰਦਾ ਹੈ, ਉਸ ਨੂੰ ਪੈਰ ਹਿਲਾਉਣ ਦੀ ਆਦਤ ਹੋ ਜਾਂਦੀ ਹੈ। ਜ਼ਿਆਦਾਤਰ ਲੋਕ ਜਿਨ੍ਹਾਂ ਨੂੰ ਘਰ-ਪਰਿਵਾਰ ਦੀ ਜ਼ਿਆਦਾ ਚਿੰਤਾ ਸਤਾਉਂਦੀ ਹੈ, ਉਹ ਸੌਂਦੇ ਸਮੇਂ ਪੈਰ ਹਿਲਾਉਂਦੇ ਵੇਖੇ ਜਾ ਸਕਦੇ ਹਨ।

ਸੋ, ਮਾਮੂਲੀ ਜਿਹਾ ਦਿਖਾਈ ਦੇਣ ਵਾਲੀ ਇਹ ਆਦਤ ਗੰਭੀਰ ਰੋਗ ਦਾ ਇਸ਼ਾਰਾ ਹੋ ਸਕਦਾ ਹੈ। ਪਰ ਸਹੀ ਜਾਣਕਾਰੀ ਰੱਖੋ ਅਤੇ ਸਮੇਂ ਸਿਰ ਡਾਕਟਰੀ ਇਲਾਜ ਜ਼ਰੂਰ ਕਰਵਾਓ। ਆਪਣੇ ਘਰੇਲੂ ਡਾਕਟਰ ਖ਼ੁਦ ਕਦੇ ਨਾ ਬਣੋ।

• ਡਾ: ਰਿਪੁਦਮਨ ਸਿੰਘ
98152001343

> ਮੁੱਢਲੀ ਸੁਰੱਖਿਆ ਹਫ਼ਤੇ ਦਾ ਮਕਸਦ ਲੋਕਾਂ ਨੂੰ ਸੁਰੱਖਿਆ ਕਦਮਾਂ ਬਾਰੇ ਜਾਗਰੂਕ ਕਰਕੇ ਹਾਦਸਿਆਂ ਤੋਂ ਬਚਾਅ ਲਈ ਪ੍ਰੇਰਿਤ ਕਰਨਾ ਹੈ। ਸਮੇਂ ਸਿਰ ਦਿੱਤੀ ਫਰਸਟ ਏਡ ਨਾਲ ਕੀਮਤੀ ਜਾਨ ਬਚਾ ਸਕਦੀ ਹੈ...

ਕੌਮੀ ਸੁਰੱਖਿਆ ਸਪਤਾਹ



# ਜੀਵਨ ਸੁਰੱਖਿਆ ਲਈ ਅਪਣਾਓ ਫਰਸਟ ਏਡ

> ਜ਼ਖ਼ਮੀ ਵਿਅਕਤੀ ਨੂੰ ਦੇਖਦਿਆਂ ਸਾਰ ਹੀ ਸੰਭਾਵੀ ਖ਼ਤਰੇ ਨੂੰ ਭਾਂਪੋ। ਜ਼ਖ਼ਮੀ ਦੀ ਸਰੀਰਕ ਹਿੱਲਜੁਲ ਅਤੇ ਸਾਹ-ਪ੍ਰਣਾਲੀ ਦੀ ਜਾਂਚ ਕਰੋ ਅਤੇ ਇਹ ਵੀ ਯਕੀਨੀ ਬਣਾਓ ਕਿ ਉਸ ਦੇ ਸਾਹ ਲੈਣ 'ਚ ਕੋਈ ਰੁਕਾਵਟ ਤਾਂ ਪੈਦਾ ਨਹੀਂ ਹੋ ਰਹੀ ?

ਕੌਮੀ ਪੱਧਰ 'ਤੇ 4 ਤੋਂ 10 ਮਾਰਚ ਤਕ ਦਾ ਸਮਾਂ ਨੈਸ਼ਨਲ ਸੇਫਟੀ ਵੀਕ ਦੇ ਤੌਰ 'ਤੇ ਮਨਾਇਆ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਸੁਰੱਖਿਆ ਲਈ ਚੁੱਕੇ ਜਾਣ ਵਾਲੇ ਕਦਮਾਂ ਬਾਰੇ ਜਾਗਰੂਕ ਕਰਕੇ ਹਾਦਸਿਆਂ ਤੋਂ ਬਚਾਅ ਕਰਨ ਲਈ ਪ੍ਰੇਰਿਤ ਕੀਤਾ ਜਾ ਸਕੇ। ਘਰਾਂ, ਦਫ਼ਤਰਾਂ, ਫੈਕਟਰੀਆਂ, ਬਹੁ-ਮੰਜ਼ਲੀ ਇਮਾਰਤਾਂ, ਗੋਦਾਮਾਂ, ਖੇਤਾਂ, ਜੰਗਲਾਂ, ਮੈਰਿਜ ਪੈਲੇਸਾਂ, ਸਿਨੇਮਾ ਹਾਲਜ਼ ਆਦਿ ਵਿੱਚ ਅਕਸਰ ਹੀ ਦੁਰਘਟਨਾਵਾਂ ਵਾਪਰ ਜਾਂਦੀਆਂ ਹਨ। ਇਹਨਾਂ ਦੁਰਘਟਨਾਵਾਂ ਵਿਚ ਜਿੱਥੇ ਭਾਰੀ ਮਾਲੀ ਨੁਕਸਾਨ ਹੁੰਦਾ ਹੈ, ਉੱਥੇ ਜਾਨੀ ਨੁਕਸਾਨ ਹੋ ਜਾਣ ਨਾਲ ਵੀ ਕਈ ਘਰਾਂ ਦੇ ਚਿਰਾਗ਼ ਬੁਝ ਜਾਂਦੇ ਹਨ। ਸੜਕਾਂ 'ਤੇ ਵਾਹਨਾਂ ਦੀ ਦਿਨੋਂ-ਦਿਨ ਵੱਧ ਰਹੀ ਆਵਾਜਾਈ ਅਤੇ ਸਾਡੀ ਤੇਜ਼ ਹੁੰਦੀ ਜਾ ਰਹੀ ਰਫ਼ਤਾਰ ਨੇ ਵੀ ਸਾਡੇ ਜੀਵਨ ਦੀ ਰਫ਼ਤਾਰ ਨੂੰ ਬਹੁਤ ਛੋਟਾ ਕਰ ਦਿੱਤਾ ਹੈ। ਸੜਕੀ ਹਾਦਸੇ ਪਲਾਂ ਵਿਚ ਹੀ ਕਿਸੇ ਹੱਸਦੀ-ਖੇਡਦੀ ਜ਼ਿੰਦਗੀ ਨੂੰ ਖ਼ਤਮ ਕਰ ਜਾਂਦੇ ਹਨ ਅਤੇ ਇਹਨਾਂ ਹਾਦਸਿਆਂ 'ਚੋਂ ਜ਼ਿੰਦਾ ਬਚੇ ਫੱਟੜ ਵਿਅਕਤੀ ਅਪਾਹਜਤਾ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ ਹੋ ਜਾਂਦੇ ਹਨ। ਇਹਨਾਂ ਦੁਰਘਟਨਾਵਾਂ ਦਾ ਇੱਕ ਦੁਖਦਾਈ ਪਹਿਲੂ ਇਹ ਵੀ ਹੈ ਕਿ ਇਹਨਾਂ ਹਾਦਸਿਆਂ ਦੇ ਸ਼ਿਕਾਰ ਵਿਅਕਤੀਆਂ 'ਚੋਂ ਬਹੁਤੀਆਂ ਮੌਤਾਂ ਸਮੇਂ ਸਿਰ ਫਰਸਟ ਏਡ ਜਾਂ ਡਾਕਟਰੀ ਸਹਾਇਤਾ ਨਾ ਮਿਲਣ ਕਰ ਕੇ ਹੋ ਜਾਂਦੀਆਂ ਹਨ।

ਹਾਦਸਿਆਂ ਦੇ ਕਾਰਨ ਭਾਵੇਂ ਕੁਝ ਵੀ ਰਹੇ ਹੋਣ ਪਰੰਤੂ ਹਾਦਸਿਆਂ ਦੌਰਾਨ ਜੀਵਨ ਸੁਰੱਖਿਆ ਬੜੀ ਅਹਿਮ ਹੁੰਦੀ ਹੈ। ਫੱਟੜਾਂ/ਸੱਟੜਾਂ ਨੂੰ ਜੇਕਰ ਸਮੇਂ ਸਿਰ ਫਰਸਟ ਏਡ ਮਿਲ ਸਕੇ ਤਾਂ ਜਿੱਥੇ ਉਹਨਾਂ ਦੇ ਦੁੱਖ-ਦਰਦ ਨੂੰ ਘੱਟ ਕੀਤਾ ਜਾ ਸਕਦਾ ਹੈ, ਉੱਥੇ ਕਿਸੇ ਕੀਮਤੀ ਜਾਨ ਨੂੰ ਵੀ ਬਚਾਇਆ ਜਾ ਸਕਦਾ ਹੈ। ਹਾਦਸਿਆਂ ਦੌਰਾਨ ਜੋ ਵੀ ਨੇੜੇ ਦੇ ਲੋਕ ਹਨ ਜਾਂ ਐਕਸੀਡੈਂਟ ਤੋਂ ਬਚੇ ਹਨ, ਫੱਟੜਾਂ ਦੀ ਜਾਨ ਬਚਾਉਣਾ ਬਹੁਤਾ ਇਹਨਾਂ 'ਤੇ ਨਿਰਭਰ ਕਰਦਾ ਹੈ। ਸਾਡੀ ਥੋੜ੍ਹੀ ਜਿਹੀ ਹੁਸ਼ਿਆਰੀ ਅਤੇ ਸਿਆਣਪ ਹਾਦਸਾਗ੍ਰਸਤ ਵਿਅਕਤੀ ਨੂੰ ਇਕ ਨਵੀਂ ਜ਼ਿੰਦਗੀ ਬਖਸ਼ ਸਕਦੀ ਹੈ। ਦੁਰਘਟਨਾਵਾਂ ਦੌਰਾਨ ਹਮੇਸ਼ਾ ਡੀਆਰਏਬੀਸੀ ਯਾਦ ਰੱਖੋ। ਡੀ ਫਾਰ ਡੇਂਜਰ ਭਾਵ ਆਪਣੇ ਅਤੇ ਪੀੜਤ ਲਈ ਕਿਸੇ ਕਿਸਮ ਦੇ ਸੰਭਾਵਿਤ ਖ਼ਤਰੇ ਨੂੰ ਭਾਂਪੋ ਤਾਂ ਜੋ ਤੁਹਾਡਾ ਅਤੇ ਪੀੜਤ ਦਾ ਜੀਵਨ ਸੁਰੱਖਿਅਤ ਰਹੇ। ਆਰ ਫਾਰ ਰਿਸਪਾਂਸ ਭਾਵ ਪੀੜਤ ਵਿਅਕਤੀ ਦੀ ਪ੍ਰਤਿਕਿਰਿਆ ਚੈੱਕ ਕਰੋ ਕਿ ਪੀੜਤ ਹੋਸ਼ ਵਿੱਚ ਹੈ ਜਾਂ ਬੇਹੋਸ਼, ਉਹ ਜੀਉਂਦਾ ਹੈ ਜਾਂ ਮੋਇਆ। ਏ ਫਾਰ ਏਅਰਵੇਜ਼ ਭਾਵ ਪੀੜਤ ਵਿਅਕਤੀ ਦੇ ਸਾਹ ਲੈਣ ਵਾਲੇ ਰਸਤੇ ਨੱਕ ਤੇ ਮੂੰਹ ਨੂੰ ਚੈੱਕ ਕਰੋ। ਸਾਹ ਵਾਲੇ ਰਸਤੇ 'ਚ ਕੋਈ ਖ਼ੂਨ, ਉਲਟੀ, ਝੱਗ, ਟੁੱਟੇ ਦੰਦ, ਜੀਭ, ਤੰਗ ਕੱਪੜੇ ਵਗੈਰਾ ਚੈੱਕ ਕਰੋ, ਰੁਕਾਵਟ ਨਾਲ ਸਾਹ ਬੰਦ ਹੋ ਸਕਦਾ ਹੈ, ਰੁਕਾਵਟ ਨੂੰ ਦੂਰ ਕਰੋ। ਬੀ ਫਾਰ ਬ੍ਰੀਦਿੰਗ ਭਾਵ ਪੀੜਤ ਦੀ ਸਾਹ ਕਿਰਿਆ ਚੈੱਕ ਕਰੋ। ਸਾਹ ਚੈੱਕ ਕਰਨ ਲਈ ਲੁੱਕ, ਲਿਸਨ ਐਂਡ ਫੀਲ ਦਾ ਫਾਰਮੂਲਾ ਯਾਦ ਰੱਖੋ। ਛਾਤੀ ਜਾਂ ਪੇਟ ਵਾਲੇ ਹਿੱਸੇ ਦੀ ਹਿੱਲਜੁਲ ਵੇਖ ਕੇ ਸਾਹ ਦਾ ਪਤਾ ਕਰੋ। ਨੱਕ ਨੇੜੇ ਕੰਨ ਕਰਕੇ ਸਾਹ ਦੀ ਆਵਾਜ਼ ਨੂੰ ਸੁਣੋ ਜਾਂ ਫੇਰ ਹੱਥ ਦਾ ਪਿਛਲਾ ਪਾਸਾ ਪੀੜਤ ਵਿਅਕਤੀ ਦੇ ਨੱਕ ਕੋਲ ਕਰੋ ਅਤੇ ਅੰਦਰੋਂ ਬਾਹਰ ਆ ਰਹੀ ਗਰਮ ਹਵਾ ਨੂੰ ਫੀਲ ਭਾਵ ਮਹਿਸੂਸ ਕਰ ਕੇ ਸਾਹ ਦੇ ਚੱਲਣ ਜਾਂ ਰੁਕਣ ਦਾ ਪਤਾ ਲਗਾਓ। ਸੀ ਫਾਰ ਸਰਕੂਲੇਸ਼ਨ ਭਾਵ ਲਹੂ ਗੇੜ ਪ੍ਰਣਾਲੀ ਦੇ ਚੱਲਣ ਦਾ ਪਤਾ ਲਗਾਉਣ ਲਈ ਦਿਲ ਦੀ ਧੜਕਣ ਚੈੱਕ ਕਰੋ। ਧੜਕਣ ਪਤਾ ਲਗਾਉਣ ਲਈ ਗੁੱਟ ਜਾਂ ਗਲ 'ਤੇ ਨਬਜ਼ ਚੈੱਕ ਕਰੋ। ਦਿਲ ਦੀ ਧੜਕਣ ਅਤੇ ਸਾਹ ਬੰਦ ਹੋਵੇ ਤਾਂ ਬਨਾਉਟੀ ਸਾਹ ਦੇਣ ਦੇ ਢੰਗ ਤਰੀਕੇ ਅਤੇ ਸੀ.ਪੀ.ਆਰ. ਮੈਥਡ ਜ਼ਿਲ੍ਹਿਆਂ ਵਿੱਚ ਕੰਮ ਕਰਦੀਆਂ ਰੈੱਡ ਕਰਾਸ ਸੰਸਥਾਵਾਂ ਦੇ ਮਾਹਿਰਾਂ ਵੱਲੋਂ ਫਰਸਟ ਏਡ ਟ੍ਰੇਨਿੰਗ ਦੌਰਾਨ ਸਿਖਾਏ ਜਾਂਦੇ ਹਨ। ਜੀਵਨ ਸੁਰੱਖਿਆ ਲਈ ਇਹਨਾਂ ਸੰਸਥਾਵਾਂ ਪਾਸੋਂ ਇਹ ਜੀਵਨ ਬਚਾਊ ਟ੍ਰੇਨਿੰਗ ਹਰੇਕ ਨਾਗਰਿਕ ਨੂੰ ਲੈ ਲੈਣੀ ਚਾਹੀਦੀ ਹੈ।

ਜਾਨ ਨੂੰ ਖ਼ਤਰੇ ਵਿੱਚ ਪਾਉਣ ਵਾਲੀਆਂ ਇਹਨਾਂ ਹਾਲਤਾਂ ਤੋਂ ਬਾਅਦ ਵੇਖੋ ਕਿ ਪੀੜਤ ਦੇ ਕਿਤੋਂ ਬਾਹਰੀ ਖ਼ੂਨ ਤਾਂ ਨਹੀਂ ਵਗ ਰਿਹਾ। ਫੱਟਾਂ 'ਚੋਂ ਖ਼ੂਨ ਵਗ ਰਿਹਾ ਹੋਵੇ ਤਾਂ ਅੰਗ ਨੂੰ ਥੋੜ੍ਹਾ ਉੱਚਾ ਕਰ ਕੇ ਰੱਖੋ ਅਤੇ ਖ਼ੂਨ ਨੂੰ ਰੋਕਣ ਦੇ ਉਪਰਾਲੇ ਕਰੋ। ਖ਼ੂਨ ਵਗਣ ਵਾਲੀ ਜਗ੍ਹਾ 'ਤੇ ਸਾਫ਼ ਰੁਮਾਲ/ਕੱਪੜੇ ਜਾਂ ਪੱਟੀਆਂ ਆਦਿ ਨਾਲ ਦਬਾਅ ਬਣਾ ਕੇ ਰੱਖੋ। ਕਈ ਵਾਰ ਅੰਦਰੂਨੀ ਸੱਟਾਂ ਕਾਰਣ ਖ਼ੂਨ ਦਾ ਵਗਣਾ ਵੀ ਹੋ ਸਕਦਾ ਹੈ ਅਤੇ ਕੁਝ ਸਮੇਂ ਬਾਅਦ ਵਿਅਕਤੀ ਦੀ ਜਾਨ ਜਾ ਸਕਦੀ ਹੈ। ਫੱਟੜ ਦੇ ਆਲ਼ੇ-ਦੁਆਲ਼ੇ ਬਹੁਤੀ ਭੀੜ ਇਕੱਠੀ ਨਾ ਹੋਣ ਦਿਓ ਕਿਉਂਕਿ ਮਰੀਜ਼ ਨੂੰ ਤਾਜ਼ੀ ਹਵਾ ਦੀ ਲੋੜ ਹੁੰਦੀ ਹੈ। ਭੀੜ ਤੋਂ ਕਿਸੇ ਵੀ ਕਿਸਮ ਦੀ ਮਦਦ ਲਈ ਜਾ ਸਕਦੀ ਹੈ। ਫੱਟੜਾਂ ਨੂੰ ਇੱਕਦਮ ਚੁੱਕਣ ਦੀ ਕਾਹਲ ਨਾ ਕਰੋ। ਕਈ ਵਾਰ ਲੋਕਾਂ ਦੀ ਭਾਵਨਾ ਹੁੰਦੀ ਹੈ ਕਿ ਪੀੜਤ ਵਿਅਕਤੀ ਨੂੰ ਛੇਤੀ ਹੀ ਖੜ੍ਹਾ ਕੀਤਾ ਜਾਵੇ ਜਾਂ ਬਿਠਾ ਕੇ ਕਿਸੇ ਵਹੀਕਲ ਵਿਚ ਪਾਇਆ ਜਾਵੇ। ਜਲਦਬਾਜ਼ੀ ਵਿਚ ਉਸ ਦੀ ਖਿਚ-ਧੂਹ ਕੀਤੀ ਜਾਂਦੀ ਹੈ ਜਾਂ ਫਿਰ ਚੁੱਕਣ ਆਦਿ ਵੇਲੇ ਸਹੀ ਢੰਗਾਂ ਦਾ ਪਤਾ ਨਹੀਂ ਹੁੰਦਾ। ਹਾਦਸੇ ਵੇਲੇ ਪੀੜਤ ਵਿਅਕਤੀ ਦੀ ਰੀੜ੍ਹ ਦੀ ਹੱਡੀ, ਖ਼ਾਸ ਕਰ ਕੇ ਧੌਣ ਵਿੱਚ ਸੱਟ ਲੱਗੀ ਹੋਵੇ ਤਾਂ ਫੱਟੜ ਨੂੰ ਬਹੁਤ ਹੀ ਤਰੀਕੇ ਨਾਲ ਸੰਭਾਲ ਕੇ ਚੁੱਕਣਾ ਚਾਹੀਦਾ ਹੈ ਕਿਉਂਕਿ ਰੀੜ੍ਹ ਦੀ ਹੱਡੀ ਵਿਚਕਾਰ ਸਪਾਈਨਲ ਕਾਰਡ ਹੁੰਦੀ ਹੈ ਇਸ ਦੀ ਸੱਟ ਨਾਲ ਵਿਅਕਤੀ ਦਾ ਕੋਈ ਵੀ ਸਰੀਰਕ ਹਿੱਸਾ ਸਦਾ ਲਈ ਅਪਾਹਜ ਹੋ ਸਕਦਾ ਹੈ। ਹੱਡੀਆਂ ਦੇ ਢਾਂਚੇ ਜਾਂ ਲੱਤਾਂ-ਬਾਹਾਂ, ਪੱਸਲੀਆਂ ਸੱਟ ਕਾਰਨ ਟੁੱਟੀਆਂ ਵੀ ਹੋ ਸਕਦੀਆਂ ਹਨ। ਇਸ ਹਾਲਤ ਵਿਚ ਪੀੜਤ ਵਿਅਕਤੀ ਨੂੰ ਚੁੱਕਣ ਤੋਂ ਪਹਿਲਾਂ ਇਹ ਜ਼ਰੂਰ ਵੇਖ ਲਓ ਕਿ ਕੋਈ ਹੱਡੀ ਤਾਂ ਨਹੀਂ ਟੁੱਟੀ? ਅੰਗ ਦੇ ਆਕਾਰ ਦਾ ਟੇਢਾਪਣ, ਦਰਦ, ਸੋਜ ਆਦਿ ਨਾਲ ਹੱਡੀ ਟੁੱਟੀ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਅਜਿਹੀਆਂ ਹਾਲਤਾਂ ਵਾਲੇ ਵਿਅਕਤੀਆਂ ਦੀ ਸ਼ਿਫਟਿੰਗ ਆਮ ਤੌਰ 'ਤੇ ਫੱਟੇ ਜਾਂ ਸਟਰੈੱਚਰ 'ਤੇ ਹੀ ਹੋਣੀ ਚਾਹੀਦੀ ਹੈ।

ਫਰੈੱਕਚਰ ਕੇਸਾਂ ਵਿੱਚ ਟੁੱਟੀਆਂ ਹੱਡੀਆਂ ਨੂੰ ਸਹਾਰਾ ਦੇਣ ਵਾਸਤੇ ਫੱਟੀਆਂ ਭਾਵ ਸਪਲਿੰਟਸ ਦੀ ਵਰਤੋਂ ਵੀ ਕਰਨੀ ਜ਼ਰੂਰੀ ਹੁੰਦੀ ਹੈ। ਮੌਕੇ 'ਤੇ ਇਹ ਕੰਮ ਕਿਸੇ ਦਰਖ਼ਤ ਦੀ ਟਾਹਣੀ, ਫੱਟੀ, ਸੋਟੀ, ਰੱਦੀ ਤਹਿ ਕੀਤੇ ਅਖ਼ਬਾਰ/ਮੈਗਜ਼ੀਨ, ਗੱਤੇ ਆਦਿ ਤੋਂ ਚਲਾਇਆ ਜਾ ਸਕਦਾ ਹੈ। ਫਰੈੱਕਚਰ ਕੇਸਾਂ ਵਿੱਚ ਵਿਅਕਤੀ ਨੂੰ ਸਹੀ ਤਰੀਕੇ ਨਾਲ ਚੁੱਕ ਕੇ ਉਸ ਨੂੰ ਸਦਾ ਲਈ ਅਪਾਹਜ ਹੋਣ ਤੋਂ ਬਚਾਇਆ ਜਾ ਸਕਦਾ ਹੈ।

ਬੇਹੋਸ਼ ਵਿਅਕਤੀ ਨੂੰ ਲੈ ਜਾਣ ਵੇਲੇ ਟੇਢਾ ਕਰ ਕੇ ਭਾਵ ਵੱਖੀ ਪਰਨੇ (ਜਿਸ ਨੂੰ ਰਿਕਵਰੀ ਪੁਜੀਸ਼ਨ ਕਹਿੰਦੇ ਹਨ) ਵਾਲੀ ਹਾਲਤ 'ਚ ਪਾ ਕੇ ਹਸਪਤਾਲ ਲੈ ਜਾਇਆ ਜਾਵੇ ਤਾਂ ਜੋ ਅੰਦਰੋਂ ਨਿਕਲਣ ਵਾਲਾ ਖ਼ੂਨ ਜਾਂ ਉਲਟੀ ਫੇਫੜਿਆਂ ਵਿਚ ਨਾ ਚਲੀ ਜਾਵੇ ਜੋ ਕਿ ਜਾਨਲੇਵਾ ਹੋ ਸਕਦੀ ਹੈ। ਡਰਾਈਵਿੰਗ ਕਰਦੇ ਸਮੇਂ ਨਸ਼ਿਆਂ ਅਤੇ ਮੋਬਾਇਲ ਫੋਨ ਦੀ ਵਰਤੋਂ ਨਾ ਕਰੋ। ਧਿਆਨ ਭੰਗ ਹੋ ਕੇ ਦੁਰਘਟਨਾ ਹੋ ਸਕਦੀ ਹੈ। ਐਕਸੀਡੈਂਟ ਹੋਣ ਦੀ ਸੂਰਤ ਵਿਚ ਸੀਟ ਬੈਲਟਾਂ ਤੁਹਾਡੀ ਜ਼ਿੰਦਗੀ ਬਚਾ ਸਕਦੀਆਂ ਹਨ। ਕਾਰ ਚਲਾਉਣ ਵੇਲੇ ਡਰਾਈਵਰ ਅਤੇ ਸਵਾਰੀਆਂ ਨੂੰ ਸੀਟ ਬੈਲਟਾਂ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ। ਦੋਪਹੀਆ ਵਾਹਨਾਂ ਵਾਲਿਆਂ ਨੂੰ ਸਿਰ ਦੀਆਂ ਸੱਟਾਂ ਦੇ ਬਚਾਅ ਲਈ ਹੈਲਮੈਟ ਦੀ ਵਰਤੋਂ ਕਰਨੀ ਚਾਹੀਦੀ ਹੈ। ਕਿਸੇ ਵੀ ਹਾਦਸੇ ਵਿਚ ਹੌਸਲਾ ਕਾਇਮ ਰੱਖੋ ਅਤੇ ਘਬਰਾਓ ਨਾ। ਸਹਾਇਤਾ ਮਿਲਣ ਤਕ ਰੋਗੀ ਜਾਂ ਉਸਦੇ ਰਿਸ਼ਤੇਦਾਰਾਂ ਨੂੰ ਵੀ ਮਾਨਸਿਕ ਹੌਂਸਲਾ ਅਤੇ ਤਸੱਲੀ ਦੇਣ ਦੀ ਕੋਸ਼ਿਸ਼ ਕਰੋ। ਇਸ ਨਾਲ ਫ਼ਿਕਰ ਅਤੇ ਬੇਚੈਨੀ ਘੱਟਦੀ ਹੈ। ਭੁੱਲ-ਭੁਲੇਖੇ ਵੀ ਕਦੀ ਕਿਸੇ ਜ਼ਖ਼ਮੀ, ਦੌਰੇ ਵਾਲੇ ਵਿਅਕਤੀ ਅਤੇ ਬੇਹੋਸ਼ੀ ਦੀ ਹਾਲਤ ਵਾਲੇ ਦੇ ਮੂੰਹ ਵਿਚ ਪਾਣੀ ਨਾ ਪਾਓ। ਇਹ ਪਾਣੀ ਫੇਫੜਿਆਂ ਵਿਚ ਜਾ ਕੇ ਸਾਹ ਦੀ ਰੁਕਾਵਟ ਕਰ ਸਕਦਾ ਹੈ। ਛੇਤੀ ਤੋਂ ਛੇਤੀ ਫੱਟੜਾਂ ਨੂੰ ਹਸਪਤਾਲ ਪਹੁੰਚਾਉਣ ਦੇ ਪ੍ਰਬੰਧ ਕਰੋ ਅਤੇ ਜ਼ਿਲ੍ਹੇ ਦੇ ਜ਼ਿੰਮੇਵਾਰ ਅਧਿਕਾਰੀਆਂ ਨੂੰ ਸੂਚਿਤ ਕਰੋ ਤਾਂ ਜੋ ਪੁਲਿਸ ਅਤੇ ਡਾਕਟਰੀ ਮਦਦ ਹਾਦਸੇ ਵਾਲੀ ਥਾਂ ਪਹੁੰਚ ਸਕੇ।

ਸਰਕਾਰਾਂ ਜਿੱਥੇ ਸੜਕੀ ਹਾਦਸਿਆਂ ਨੂੰ ਘੱਟ ਕਰਨ ਲਈ ਸੁਰੱਖਿਆ ਨੀਤੀਆਂ ਅਮਲ ਵਿਚ ਲਿਆਉਂਦੀਆਂ ਹਨ, ਉੱਥੇ ਫਰਸਟ ਏਡ ਦੇ ਗਿਆਨ ਨੂੰ ਵੀ ਹਰੇਕ ਲਈ ਲਾਜ਼ਮੀ ਕਰਾਰ ਦਿੱਤਾ ਜਾਣਾ ਚਾਹੀਦਾ ਹੈ ਤਾਂ ਜੋ ਹਾਦਸਿਆਂ ਦੌਰਾਨ ਲੋਕ ਇਸ ਗਿਆਨ ਜ਼ਰੀਏ ਜੀਵਨ ਸੁਰੱਖਿਆ ਕਰ ਸਕਣ। ਵੱਧ ਤੋਂ ਵੱਧ ਜਾਗਰੂਕਤਾ ਹੀ ਜ਼ਿੰਦਗੀ ਰੂਪੀ ਤੋਹਫ਼ੇ ਦੀ ਸੁਰੱਖਿਆ ਨੂੰ ਯਕੀਨੀ ਬਣਾ ਸਕਦੀ ਹੈ

• ਨਰੇਸ਼ ਪਠਾਣੀਆ
98557-00157

# ਮੌਸਮ ਤੋਂ ਪਹਿਲਾਂ ਖ਼ੁਦ ਨੂੰ ਬਦਲੋ



> ਮੌਸਮ ਕਰਵਟ ਲੈ ਰਿਹਾ ਹੈ। ਲੋੜ ਹੈ ਇਸ ਬਦਲਾਅ ਲਈ ਤਿਆਰੀ ਕਰੀਏ ਤਾਂ ਜੋ ਗਰਮੀਆਂ ਦਾ ਜਸ਼ਨ ਮਨਾ ਸਕੀਏ!

ਸਰਦੀਆਂ ਵਿਦਾ ਲੈ ਰਹੀਆਂ ਹਨ। ਗਰਮ ਮੋਟੇ ਕੱਪੜਿਆਂ ਦੇ ਨਾਲ ਨਾਲ ਸਰੀਰ 'ਤੇ ਜਮ੍ਹਾ ਹੋਈ ਚਰਬੀ ਦੀਆਂ ਪਰਤਾਂ ਨੂੰ ਅਲਵਿਦਾ ਕਹਿਣ ਦੇ ਦਿਨ ਆ ਰਹੇ ਹਨ। ਆਓ, ਪਾਣੀ ਦੀ ਮਦਦ ਨਾਲ ਸਰੀਰ ਦੀ ਵਾਧੂ ਚਰਬੀ ਪਿਘਲਾਉਣ ਬਾਰੇ ਗੱਲ ਕਰੀਏ ਤੇ ਗਰਮੀਆਂ ਦੇ ਜਸ਼ਨ ਲਈ ਤਿਆਰ ਹੋਈਏ!

ਇਤਿਹਾਸ ਅਤੇ ਮੌਸਮ ਦੋਵੇਂ ਖ਼ੁਦ ਨੂੰ ਦੁਹਰਾਉਂਦੇ ਹਨ। ਕੋਸੀ ਸਰਦੀ ਤੋਂ ਬਾਅਦ ਹੁਣ ਦੌਰ ਹੈ ਗਰਮੀਆਂ ਦੀ ਸੁਨਹਿਰੀ ਸ਼ੁਰੂਆਤ ਦਾ। ਸਵੇਰੇ-ਸ਼ਾਮ ਹਲਕੀ ਠੰਢ ਅਤੇ ਦੁਪਹਿਰ ਵਿਚ ਖ਼ੁਸ਼ਗਵਾਰ ਧੁੱਪ ਇਸ਼ਾਰਾ ਕਰ ਰਹੀ ਹੈ ਕਿ ਮੌਸਮ ਹੌਲੀ-ਹੌਲੀ ਕਰਵਟ ਲੈ ਰਿਹਾ ਹੈ। ਸੁਚੇਤ ਰਹਾਂਗੇ ਤਾਂ ਮੌਸਮ ਦਾ ਇਹ ਬਦਲਾਅ ਖ਼ੁਸ਼ੀਆਂ ਲਿਆਏਗਾ ਪਰ ਜੇ ਜ਼ਰਾ ਜਿੰਨੀ ਵੀ ਲਾਪਰਵਾਹੀ ਹੋਈ ਤਾਂ ਬਿਮਾਰੀ ਘੇਰ ਸਕਦੀ ਹੈ। ਕੁਦਰਤ ਅਤੇ ਇਸ ਦੀ ਖ਼ੂਬਸੂਰਤੀ ਨੂੰ ਇਕ ਸਿਹਤਮੰਦ ਸਰੀਰ ਹੀ ਪੂਰੇ ਆਨੰਦ ਨਾਲ ਮਹਿਸੂਸ ਕਰ ਸਕਦਾ ਹੈ। ਇਸ ਲਈ ਜ਼ਰੂਰੀ ਹੈ ਕਿ ਇਹ ਹਰ ਬਦਲਦੇ ਮੌਸਮ ਮੁਤਾਬਕ ਢਲ਼ ਜਾਣ ਲਈ ਤਿਆਰ ਹੋਵੇ। ਇਸ ਲਈ ਜ਼ਰੂਰੀ ਸ਼ਰਤ ਹੈ ਇਮਿਊਨਿਟੀ ਅਤੇ ਉਸ ਲਈ ਸਭ ਤੋਂ ਵੱਡੀ ਲੋੜ ਹੈ ਸਰੀਰ ਦਾ ਆਪਣੇ ਮੂਲ ਰੂਪ ਵਿਚ ਰਹਿਣਾ, ਜ਼ਹਿਰੀਲੇ ਅਤੇ ਗ਼ੈਰ-ਜ਼ਰੂਰੀ ਤੱਤਾਂ ਤੋਂ ਸੁਰੱਖਿਅਤ ਰਹਿਣਾ। ਅੱਜਕੱਲ੍ਹ ਦੀ ਜੀਵਨਸ਼ੈਲੀ ਕੁਝ ਅਜਿਹੀ ਹੈ ਕਿ ਨਾ ਚਾਹੁੰਦੇ ਹੋਏ ਵੀ ਅਸੀਂ ਸਰੀਰ ਨੂੰ ਉਨ੍ਹਾਂ ਚੀਜ਼ਾਂ-ਆਦਤਾਂ ਨਾਲ ਭਰਦੇ ਰਹਿੰਦੇ ਹਾਂ ਜਿਨ੍ਹਾਂ ਦਾ ਨਤੀਜਾ ਸਾਡੀ ਸਿਹਤ ਨੂੰ ਕਈ ਤਰ੍ਹਾਂ ਦੇ ਨੁਕਸਾਨ ਦੇ ਰੂਪ ਵਿਚ ਨਿਕਲਦਾ ਹੈ। ਲੋੜ ਤੋਂ ਵੱਧ ਖਾਣਾ, ਸਰੀਰ ਲਈ ਗ਼ੈਰ-ਜ਼ਰੂਰੀ ਪੋਸ਼ਕ ਤੱਤਾਂ ਦੀ ਖ਼ੁਰਾਕ ਦਾ ਵਾਧਾ, ਨਸ਼ੀਲੇ ਪਦਾਰਥਾਂ ਦੀ ਵਰਤੋਂ ਆਦਿ ਕੁਝ ਅਜਿਹੀਆਂ ਗੱਲਾਂ ਹਨ ਜੋ ਸਰੀਰ ਤੇ ਦਿਮਾਗ਼ ਨੂੰ ਬੇਲੋੜੀ ਬੋਝ, ਭਾਰੀ ਅਤੇ ਰੋਗ-ਗ੍ਰਸਤ ਬਣਾਉਂਦੀ ਹੈ। ਪੂਰਬ ਹੋਵੇ ਜਾਂ ਪੱਛਮ, ਇਹ ਸਮੱਸਿਆ ਧਰਤੀ ਦੇ ਹਰ ਪਾਸੇ ਹੀ ਮੌਜੂਦ ਹੈ। ਇਸ ਲਿਹਾਜ਼ ਨਾਲ ਇਸ ਦੇ ਸਾਂਝੇ ਹੱਲ ਤੇ ਇਲਾਜ ਵੀ ਸੰਭਵ ਹਨ। ਸਰੀਰ ਨੂੰ ਹਲਕਾ ਰੱਖਣ ਦੀ ਇਹ ਪ੍ਰਕਿਰਿਆ ਪੂਰਬੀ ਦੇਸ਼ਾਂ ਵਿਚ ਵਰਤ ਦੇ ਰੂਪ ਵਿਚ ਦੇਖੀ ਜਾ ਸਕਦੀ ਹੈ ਜਦਕਿ ਪੱਛਮੀ ਸੱਭਿਅਤਾ ਇਸ ਨੂੰ 'ਡਿਟਾਕਸੀਫਿਕੇਸ਼ਨ ਪ੍ਰਾਸੈੱਸ' ਦਾ ਨਾਂ ਦਿੰਦੀ ਹੈ। ਇਸ ਪ੍ਰਕਿਰਿਆ ਵਿਚ ਸਰੀਰ ਵਿਚ ਪਾਣੀ ਦੀ ਮਾਤਰਾ ਵਧਾ ਕੇ ਸਰੀਰ ਨੂੰ ਗ਼ੈਰ-ਜ਼ਰੂਰੀ ਤੱਤਾਂ ਤੋਂ ਮੁਕਤ ਕੀਤਾ ਜਾਂਦਾ ਹੈ। ਦਿਲਚਸਪ ਗੱਲ ਇਹ ਹੈ ਕਿ ਖ਼ੁਰਾਕ ਮਾਹਿਰਾਂ ਨੇ ਡਿਟਾਕਸੀਫਿਕੇਸ਼ਨ ਵਿਚ ਨਵੇਂ-ਨਵੇਂ ਪ੍ਰਯੋਗ ਕਰਕੇ ਇਸ ਨੂੰ ਇਕ ਅਕੇਵੇਂ ਭਰੀ ਪ੍ਰਕਿਰਿਆ ਦੀ ਥਾਂ ਦਿਲਚਸਪ ਤਰੀਕਿਆਂ ਵਿਚ ਤਬਦੀਲ ਕਰ ਦਿੱਤਾ ਹੈ।

### ਸ਼ੁਰੂ ਕਰੋ ਤਿਆਰੀ

ਜੇ ਤੁਸੀਂ ਵੀ ਗਰਮੀਆਂ ਦੇ ਮੌਸਮ ਵਿਚ ਸਿਹਤਮੰਦ ਅਤੇ ਖ਼ੂਬਸੂਰਤ ਦਿਖਣਾ ਚਾਹੁੰਦੇ ਹੋ ਤਾਂ ਇਹੀ ਸਮਾਂ ਹੈ ਕਿ ਰਜਾਈ-ਕੰਬਲ ਗੋਲ ਕਰੋ ਅਤੇ ਖ਼ੁਦ ਨੂੰ ਡਿਟਾਕਸ ਪ੍ਰੋਗਰਾਮ ਲਈ ਤਿਆਰ ਕਰ ਲਓ। ਆਪਣੇ ਸਰੀਰ ਨੂੰ ਜ਼ਰਾ ਧਿਆਨ ਨਾਲ ਦੇਖੋ! ਸਰਦੀਆਂ ਦੀ ਖ਼ੁਰਾਕ ਕਿਵੇਂ ਸਰੀਰ 'ਤੇ ਤਹਿਆਂ ਵਾਂਗ ਜੰਮ ਚੁੱਕੀ ਹੈ। ਆਲੂ ਦੇ ਪਰੌਂਠੇ, ਮਸਾਲੇਦਾਰ ਸਬਜ਼ੀਆਂ ਤੇ ਵਿਆਹਾਂ ਦੀਆਂ ਦਾਅਵਤਾਂ ਦਾ ਅਸਰ ਚਿਹਰੇ ਤੋਂ ਲੈ ਕੇ ਚਾਲ ਤਕ ਸਾਫ ਦਿਖਾਈ ਦੇ ਰਿਹਾ ਹੈ। ਵਧਿਆ ਹੋਇਆ ਪੇਟ ਤੇ ਸੁਸਤੀ ਮਾਰਿਆ ਥੁਲਥੁਲਾ ਸਰੀਰ। ਕੀ ਇਹੀ ਸਰੀਰ ਲੈ ਕੇ ਗਰਮੀਆਂ ਵਿਚ ਗੋਆ ਜਾਣ ਦਾ ਇਰਾਦਾ ਹੈ? ਨਹੀਂ ਨਾ! ਫਿਰ ਗਰਮੀਆਂ 'ਚ ਫਿੱਟ ਰਹਿਣ ਦੀ ਤਿਆਰੀ ਹੁਣੇ ਤੋਂ ਸ਼ੁਰੂ ਕਰਨੀ ਪਵੇਗੀ ।

### ਕੀ ਹੈ ਡਿਟਾਕਸੀਫਿਕੇਸ਼ਨ

ਇਹ ਪ੍ਰਕਿਰਿਆ ਬਹੁਤ ਆਸਾਨ ਹੈ। ਸੌਖੇ ਸ਼ਬਦਾਂ ਵਿਚ ਸਮਝੀਏ ਤਾਂ ਇਹ ਸਰੀਰਰ ਨੂੰ ਅੰਦਰ ਤੋਂ ਸਾਫ਼ ਕਰਨ ਦੀ ਸਾਧਾਰਨ ਪ੍ਰਕਿਰਿਆ ਹੈ ਅਤੇ ਇਸ ਦਾ ਪ੍ਰਮੁੱਖ ਤੱਤ ਹੈ ਪਾਣੀ। ਪਾਣੀ ਦੀ ਮਾਤਰਾ ਵਧਾ ਕੇ ਸਰੀਰ 'ਚੋਂ ਜ਼ਹਿਰੀਲੇ ਤੱਤ ਬਾਹਰ ਨਿਕਲਦੇ ਹਨ।



### ਕਿਹੋ ਜਿਹੇ ਹੋਣ ਡ੍ਰਿੰਕ?

ਹਾਲਾਂਕਿ ਦਿਨ ਵਿਚ ਕਈ ਵਾਰ ਸਾਦਾ ਪਾਣੀ ਪੀਣਾ ਡਿਟਾਕਸੀਫਿਕੇਸ਼ਨ ਲਈ ਕਾਫ਼ੀ ਹੈ ਪਰ ਆਧੁਨਿਕ ਜੀਵਨਸ਼ੈਲੀ ਦੀਆਂ ਲੋੜਾਂ ਮੁਤਾਬਕ ਡਾਈਟੀਸ਼ਿਅਨਜ਼ ਇਸ ਲਈ ਫਰੂਟ ਜੂਸ ਅਤੇ ਸ਼ਰਬਤ ਦੀ ਸਿਫ਼ਾਰਿਸ਼ ਕਰਦੇ ਹਨ। ਭਾਰਤੀ ਸਮਾਜ ਵਿਚ ਸ਼ਰਬਤ ਕਾਫੀ ਪ੍ਰਚਲਿਤ ਹੈ। ਪਰ ਡਿਟਾਕਸੀਫਿਕੇਸ਼ਨ ਪ੍ਰੋਸੈੱਸ ਵਿਚ ਏਨਾ ਹੀ ਫ਼ਰਕ ਹੈ ਕਿ ਜ਼ਾਇਕੇਦਾਰ ਪਾਣੀ ਵਿਚ ਚੀਨੀ ਜਾਂ ਲੂਣ ਨਹੀਂ ਪਾਇਆ ਜਾਂਦਾ। ਨਤੀਜੇ ਵਜੋਂ ਫਲਾਂ ਦਾ ਰਸ ਹੀ ਸਾਹਮਣੇ ਆਉਂਦਾ ਹੈ ਜੋ ਪੋਸ਼ਕ ਤੱਤਾਂ ਨਾਲ ਭਰਪੂਰ ਹੁੰਦੇ ਹਨ ਅਤੇ ਸਰੀਰ ਦੇ ਮੈਟਾਬੌਲਿਜ਼ਮ ਨੂੰ ਰਫ਼ਤਾਰ ਦਿੰਦੇ ਹਨ। ਸੰਤਰਾ, ਅਨਾਨਾਸ, ਸਟ੍ਰੇਬੇਰੀ ਆਦਿ ਨੂੰ ਦਾਲਚੀਨੀ ਵਰਗੇ ਮਸਾਲਿਆਂ ਅਤੇ ਪੁਦੀਨੇ ਦੀਆਂ ਪੱਤੀਆਂ ਨਾਲ ਮਿਲਾ ਕੇ ਸੁਆਦੀ ਜੂਸ ਤਿਆਰ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਵੀ ਆਪਣੀ ਪਸੰਦ ਮੁਤਾਬਕ ਕਈ ਹੋਰ ਪ੍ਰਯੋਗ ਵੀ ਕਰ ਸਕਦੇ ਹੋ। ਚੀਨੀ ਅਤੇ ਲੂਣ ਤੋਂ ਪਰਹੇਜ਼ ਕਰਨਾ ਹੈ। ਆਪਣੇ ਮਨਪਸੰਦ ਫਲਾਂ ਦੇ ਟੁਕੜਿਆਂ ਨੂੰ ਪੁਦੀਨੇ ਅਤੇ ਨਿੰਬੂ ਦੇ ਟੁਕੜਿਆਂ ਨਾਲ ਮਲਮਲ ਦੇ ਇਕ ਟੁਕੜੇ ਵਿਚ ਬੰਨ੍ਹ ਦਿਓ। ਇਸ ਨੂੰ 12-14 ਘੰਟੇ ਲਈ ਪਾਣੀ 'ਚ ਭਿਓਂ ਕੇ ਰੱਖੋ ਤੇ ਲਓ ਜ਼ਾਇਦੇਦਾਰ ਫਲ਼ਾਂ ਦੇ ਪਾਣੀ ਦਾ ਆਨੰਦ। ਤਬੀਅਤ ਖ਼ਰਾਬ ਹੋਵੇ ਜਾਂ ਮੂਡ, ਇਕ ਗਿਲਾਸ ਜੂਸ ਦੋਹਾਂ ਨੂੰ ਦਰੁਸਤ ਕਰਨ ਲਈ ਕਾਫ਼ੀ ਹੈ। ਫਰੂਟ ਜੂਸ ਦੇ ਨਾਂ 'ਤੇ ਵਿਕਣ ਵਾਲੇ ਚੀਨੀ ਵਾਲੇ ਪੈਕਟਬੰਦ ਜੂਸ ਤੋਂ ਬਚੋ। ਘਰ ਤਿਆਰ ਕੀਤੇ ਗਏ ਰਸ ਨਾਲ ਭਰਪੂਰ ਪੋਸ਼ਣ ਅਤੇ ਫਾਈਬਰ ਦੋਵੇਂ ਮਿਲਦੇ ਹਨ।

• ਸਿਸ਼ਟੀ ਵਰਮਾ



## ਸੰਪਾਦਕੀ

# ਸਵੱਛ ਊਰਜਾ ਲੋੜੀਂਦੀ

ਭਾਰਤ ਦਾ ਕੋਲੇ, ਪੈਟਰੋਲੀਅਮ ਪਦਾਰਥਾਂ ਅਤੇ ਕੁਦਰਤੀ ਗੈਸ ਤੋਂ ਨਿਰਭਰਤਾ ਘਟਾ ਕੇ ਸਵੱਛ ਊਰਜਾ (ਕਲੀਨ ਐਨਰਜੀ) ਤਕਨੀਕ ਦੀ ਦਿਸ਼ਾ ਵਿੱਚ ਅੱਗੇ ਵਧਣ ਲਈ ਖਾਕਾ ਤਿਆਰ ਹੈ, ਜਿਸ ਦੀ ਸਫ਼ਲਤਾ ਬਦਲਾਅ ਦੀ ਦਿਸ਼ਾ ਅਤੇ ਰਫ਼ਤਾਰ ’ਤੇ ਨਿਰਭਰ ਕਰੇਗੀ। ਊਰਜਾ ਸੁਰੱਖਿਆ ਬਾਰੇ ਚਿੰਤਾਵਾਂ ਅਤੇ ਵਿਸ਼ਵ-ਵਿਆਪੀ ਸਪਲਾਈ ਲੜੀ ਵਿੱਚ ਵਿਘਨ ਕਾਰਨ ਕੇਂਦਰੀ ਮੰਤਰੀ ਮੰਡਲ ਨੇ ਜਲਵਾਯੂ ਟੀਚਿਆਂ ਨੂੰ ਨਵਿਆਇਆ ਹੈ, ਜਿਨ੍ਹਾਂ ਵਿੱਚ ਜੰਗਲਾਂ ਹੇਠ ਰਕਬਾ ਵਧਾਉਣਾ ਤੇ ਰੁੱਖਾਂ ਦੀ ਸੰਭਾਲ ਕਰਨਾ ਵੀ ਸ਼ਾਮਿਲ ਹੈ। ਇਸ ਨੂੰ ਸਾਲ 2070 ਤੱਕ ਗਰੀਨਹਾਊਸ ਗੈਸਾਂ ਦੇ ਵਾਤਾਵਰਨ ’ਚੋਂ ਖ਼ਾਤਮੇ ਦਾ ਟੀਚਾ ਹਾਸਲ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਦੱਸਿਆ ਗਿਆ ਹੈ।

ਪੈਰਿਸ ਵਾਤਾਵਰਣ ਸਮਝੌਤੇ ਤਹਿਤ ਮੁਲਕਾਂ ਵੱਲੋਂ ਸਵੈ-ਇੱਛਾ ਨਾਲ ਕੌਮੀ ਪੱਧਰ ’ਤੇ 2031-2035 ਤੱਕ ਜੀ ਡੀ ਪੀ ਨਾਲ ਸਬੰਧਿਤ ਗਰੀਨਹਾਊਸ ਗੈਸਾਂ ਅਤੇ ਕਾਰਬਨ ਨੂੰ ਘਟਾਉਣ ਜਾਂ ਆਰਥਿਕ ਉਤਪਾਦਨ ਦੀ ਪ੍ਰਤੀ ਯੂਨਿਟ ਦੇ ਹਿਸਾਬ ਨਾਲ ਪੈਦਾ ਹੋਣ ਵਾਲੀਆਂ ਗਰੀਨਹਾਊਸ ਗੈਸਾਂ ਨੂੰ ਸਾਲ 2005 ਦੇ ਪੱਧਰ ਤੋਂ 47 ਫ਼ੀਸਦੀ ਘਟਾਉਣ ਦਾ ਟੀਚਾ ਹੈ। ਨਵਿਆਉਣਯੋਗ ਸਰੋਤਾਂ ਤੋਂ ਬਿਜਲੀ ਉਤਪਾਦਨ 60 ਫ਼ੀਸਦੀ ਤੱਕ ਵਧਾਉਣ ਦਾ ਟੀਚਾ ਅਹਿਮ ਹੈ, ਪਰ ਇਹ ਤਾਂ ਹੀ ਸੰਭਵ ਹੋਵੇਗਾ ਜੇਕਰ ਭਾਰਤ ਸਮੇਂ ਤੋਂ ਪਹਿਲਾਂ ਮਿੱਥੇ ਟੀਚੇ ਪੂਰੇ ਕਰਨ ਦੀ ਸਮਰੱਥਾ ਦਿਖਾਵੇ। ਮੌਜੂਦਾ ਸਮੇਂ ਦੇਸ਼ ਜਲਵਾਯੂ ਤਬਦੀਲੀਆਂ ਦੇ ਪ੍ਰਭਾਵਾਂ ਨਾਲ ਸਿੱਝ ਰਿਹਾ ਹੈ। ਇਸ ਲਈ ਸਾਰੇ ਉਪਰੋਕਤ ਟੀਚੇ ਹਾਸਲ ਕਰਨ ਲਈ ਸੁਧਾਰ ਦੀ ਦਿਸ਼ਾ ’ਚ ਕਦਮ ਚੁੱਕਣੇ ਪੈਣਗੇ। ਚੱਕਰਵਾਤਾਂ ਅਤੇ ਤੂਫ਼ਾਨਾਂ ਬਾਰੇ ਅਗਾਊਂ ਚਿਤਾਵਨੀ ਪ੍ਰਣਾਲੀਆਂ, ਗਲੇਸ਼ੀਅਰਾਂ ਦੀ ਨਿਗਰਾਨੀ, ਜੈਵ-ਵਿਭਿੰਨਤਾ ਦੀ ਸੰਭਾਲ, ਜ਼ਮੀਨ ਖਿਸਕਣ ਤੇ ਗਲੇਸ਼ੀਅਰ ਪਿਘਲਣ ਕਾਰਨ ਹੜ੍ਹਾਂ ਦਾ ਸਾਹਮਣਾ ਕਰ ਰਹੇ ਖੇਤਰਾਂ ਵਿੱਚ ਜਲਵਾਯੂ-ਪੱਖੀ ਬੁਨਿਆਦੀ ਢਾਂਚੇ ਦਾ ਵਿਕਾਸ ਅਤੇ ਦਰੱਖਤ ਲਗਾ ਕੇ ਸਮੁੰਦਰੀ ਤੱਟਾਂ ਦੀ ਸੰਭਾਲ ਕਰਨਾ ਮਹੱਤਵਪੂਰਨ ਕਾਰਜ ਹਨ। ਗਰਮੀ ਨਾਲ ਨਜਿੱਠਣ ਦੀਆਂ ਯੋਜਨਾਵਾਂ ਅਤੇ ਆਫ਼ਤ ਨਾਲ ਸਿੱਝਣ ਲਈ ਭਾਈਚਾਰਿਆਂ ਦੀ ਸ਼ਮੂਲੀਅਤ ਵਾਲੀਆਂ ਤਿਆਰੀਆਂ ਸਮੇਤ ਇਨ੍ਹਾਂ ਸੁਝਾਵਾਂ ਨੂੰ ਫੌਰੀ ਵਿਆਪਕ ਪੱਧਰ ’ਤੇ ਲਾਗੂ ਕਰਨ ਦੀ ਲੋੜ ਹੈ।

ਕਿਫ਼ਾਇਤੀ ਊਰਜਾ ਉਤਪਾਦਨ ਅਤੇ ਊਰਜਾ ਸੁਰੱਖਿਆ ਨੂੰ ਯਕੀਨੀ ਬਣਾਉਂਦਿਆਂ ਬਿਜਲੀ ਖੇਤਰ ਵਿੱਚੋਂ ਕਾਰਬਨ ਖ਼ਤਮ ਕਰਨਾ ਕਾਫ਼ੀ ਔਖਾ ਕਾਰਜ ਹੈ ਅਤੇ ਸਵੱਛ ਊਰਜਾ ਤਕਨੀਕ ਲਈ ਵੱਡੇ ਪੱਧਰ ’ਤੇ ਵਿੱਤੀ ਸਾਧਨ ਜੁਟਾਉਣਾ ਵੀ ਮੁਸ਼ਕਿਲ ਕੰਮ ਹੈ। ਢੁਕਵੀਂ ਜਲਵਾਯੂ ਨੀਤੀ ਲਈ ਲੋਕਾਂ ਦੀ ਸ਼ਮੂਲੀਅਤ ਵੀ ਜ਼ਰੂਰੀ ਹੈ। ਜਾਗਰੂਕਤਾ ਅਤੇ ਬਦਲਾਅ ਲਿਆਉਣ ਲਈ ਨਵਿਆਉਣਯੋਗ ਊਰਜਾ ਦਾ ਵਿਸਤਾਰ ਜ਼ਰੂਰੀ ਹੈ। ਇਹ ਦੇਸ਼ ਲਈ ਕਾਫ਼ੀ ਚੁਣੌਤੀਪੂਰਨ ਅਤੇ ਕਾਰਗਰ ਸਾਬਿਤ ਹੋ ਸਕਦਾ ਹੈ।

## ਹਲਕਾ ਚੱਬੇਵਾਲ ‘ਚ ਸਥਾਪਤ ਹੋਵੇਗਾ ਫ਼ਲਾਂ ਤੇ ਸਬਜ਼ੀਆਂ ਦਾ ਪ੍ਰੋਸੈਸਿੰਗ ਇੰਡਸਟਰੀ, 18 ਕਰੋੜ ਦੀ ਲਾਗਤ ਨਾਲ ਲੱਗੇਗਾ ਪ੍ਰੋਜੈਕਟ

**ਹੁਸ਼ਿਆਰਪੁਰ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਚੱਬੇਵਾਲ ਵਿਚ ਜਲਦ ਹੀ ਫ਼ਲਾਂ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਦੀ ਵੱਡੀ ਇੰਡਸਟਰੀ ਸਥਾਪਤ ਹੋਵੇਗੀ ਜਿਸ ਨਾਲ ਕੰਢੀ ਅਤੇ ਨਾਲ ਲੱਗਦੇ ਇਲਾਕਿਆਂ ਵਿਚ ਫ਼ਲਾਂ-ਸਬਜ਼ੀਆਂ ਦੀ ਕਾਸ਼ਤ ਨੂੰ ਨਾ ਸਿਰਫ ਹੁਲਾਰਾ ਮਿਲੇਗਾ ਸਗੋਂ ਕਾਸ਼ਤਕਾਰਾਂ ਦੀ ਆਮਦਨ ਵਿਚ ਵੀ ਚੋਖਾ ਵਾਧਾ ਹੋਵੇਗਾ।

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਇਹ ਪ੍ਰੋਜੈਕਟ ਲਗਵਾਉਣ ਲਈ ਕੇਂਦਰੀ ਮੰਤਰਾਲੇ ਨਾਲ ਰਾਬਤਾ ਕਰਨ ਦੀ ਮੰਗ ਰੱਖੀ ਸੀ ਜਿਸ ‘ਤੇ ਉਨ੍ਹਾਂ ਦੋਵਾਂ ਵਲੋਂ ਕੇਂਦਰੀ ਫੂਡ ਪ੍ਰੋਸੈਸਿੰਗ ਉਦਯੋਗ ਮੰਤਰੀ ਚਿਰਾਗ ਪਾਸਵਾਨ ਨਾਲ ਮੁਲਾਕਾਤ ਕਰਕੇ ਇਸ ਪ੍ਰੋਜੈਕਟ ਬਾਰੇ ਵਿਸਥਾਰ ਵਿਚ ਜਾਣੂ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਕਰੀਬ 18 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਤ ਹੋਣ ਵਾਲਾ ਇਹ ਯੂਨਿਟ ਆਉਂਦੇ 12 ਮਹੀਨਿਆਂ ਵਿਚ ਸ਼ੁਰੂ ਹੋ ਜਾਵੇਗਾ ਜੋ ਇਲਾਕੇ ਵਿਚ ਫ਼ਲਾਂ ਅਤੇ ਸਬਜ਼ੀਆਂ ਖਾਸ ਕਰਕੇ ਆਲੂ ਅਤੇ ਮਟਰ ਦੀ ਪ੍ਰੋਸੈਸਿੰਗ ਦੇ ਖੇਤਰ ਵਿਚ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਅਤੇ ਨਾਲ ਲੱਗਦੇ ਇਲਾਕਿਆਂ ਵਿਚ ਫ਼ਲਾਂ ਅਤੇ ਸਬਜ਼ੀਆਂ ਦੀ ਪੈਦਾਵਾਰ ਦੀਆਂ ਅਸੀਮ ਸੰਭਾਵਨਾਵਾਂ ਹਨ ਜਿਨ੍ਹਾਂ ਬਾਰੇ ਕਿਸਾਨ ਪਹਿਲਾਂ ਹੀ ਜਾਗਰੂਕ ਹਨ ਅਤੇ ਇਹ ਪ੍ਰੋਜੈਕਟ ਲੱਗਣ ਨਾਲ ਫ਼ਸਲੀ ਵਿਭਿੰਨਤਾ ਨੂੰ ਵੀ ਬਲ ਮਿਲਣ ਦੇ ਨਾਲ-ਨਾਲ ਕਿਸਾਨਾਂ ਦੀ ਆਮਦਨ ਵਿਚ ਵਾਧਾ ਦਰਜ ਕੀਤਾ ਜਾਵੇਗਾ।

ਡਾ. ਰਾਜ ਕੁਮਾਰ ਚੱਬੇਵਾਲ ਨੇ ਦੱਸਿਆ ਕਿ ਇਹ ਪ੍ਰੋਜੈਕਟ ਸ਼ੁਰੂ ਹੋਣ ਨਾਲ ਸੈਂਕੜਿਆਂ ਦੀ ਗਿਣਤੀ ਵਿਚ ਵਿਸ਼ੇਸ਼ ਕਰਕੇ ਔਰਤਾਂ ਨੂੰ ਰੋਜ਼ਗਾਰ ਦੇ ਮੌਕੇ ਮਿਲਣਗੇ। ਉਨ੍ਹਾਂ ਦੱਸਿਆ ਕਿ ਕੇਂਦਰੀ ਫੂਡ ਪ੍ਰੋਸੈਸਿੰਗ ਉਦਯੋਗ ਮੰਤਰੀ ਚਿਰਾਗ ਪਾਸਵਾਨ ਨੇ ਇਸ ਯੂਨਿਟ ਨੂੰ ਫੂਡ ਪ੍ਰੋਸੈਸਿੰਗ ਅਤੇ ਫ਼ਲਾਂ ਸਬਜ਼ੀਆਂ ਦੀ ਸਾਂਭ-ਸੰਭਾਲ ਲਈ ਲਾਏ ਜਾ ਰਹੇ ਪ੍ਰੋਜੈਕਟਾਂ ਤਹਿਤ ਪ੍ਰਵਾਨਗੀ ਦਿੱਤੀ। ਉਨ੍ਹਾਂ ਕਿਹਾ ਕਿ ਇਹ ਯੂਨਿਟ ਆਪਣੇ-ਆਪ ਵਿਚ ਫ਼ਲਾਂ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਲਈ ਅਤਿ-ਆਧੁਨਿਕ ਸਹੂਲਤਾਂ ਵਾਲਾ ਯੂਨਿਟ ਹੋਵੇਗਾ ਜਿਸ ਨਾਲ ਇਸ ਖੇਤਰ ਵਿਚ ਵੱਡੇ ਪੱਧਰ ‘ਤੇ ਹੁੰਦੀ ਮਟਰਾਂ ਅਤੇ ਆਲੂਆਂ ਦੀ ਕਾਸ਼ਤ ਨੂੰ ਵੀ ਲਾਭ ਮਿਲੇਗਾ।

ਵਿਧਾਇਕ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਕੇਂਦਰੀ ਮੰਤਰੀ ਚਿਰਾਗ ਪਾਸਵਾਨ ਅਤੇ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਫੂਡ ਪ੍ਰੋਸੈਸਿੰਗ ਯੂਨਿਟ ਲਾਉਣ ਲਈ ਪੰਜਾਬ ਸਰਕਾਰ ਵਲੋਂ ਹਰ ਸੰਭਵ ਮਦਦ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਹਿਲਾਂ ਹੀ ਸੂਬੇ ਵਿਚ ਨਿਵੇਸ਼ ਲਈ ਲਾਮਿਸਾਲ ਕਦਮ ਚੁੱਕ ਰਹੀ ਹੈ ਅਤੇ ਇਹ ਪ੍ਰੋਜੈਕਟ ਵੀ ਤੈਅ ਸਮੇਂ ਵਿਚ ਪੂਰੀ ਤਰਜੀਹ ਨਾਲ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਇੰਡਸਟਰੀ ਦੀ ਸਥਾਪਤੀ ਨਾਲ ਖੇਤਰ ਵਿਚ ਫ਼ਲਾਂ ਅਤੇ ਸਬਜ਼ੀਆਂ ਦੀ ਕਾਸ਼ਤ ਨੂੰ ਨਵੀਂ ਰਫ਼ਤਾਰ ਮਿਲੇਗੀ ਜੋ ਫ਼ਸਲੀ ਵਿਭਿੰਨਤਾ ਅਤੇ ਕਿਸਾਨਾਂ ਲਈ ਬੇਹੱਦ ਲਾਹੇਵੰਦ ਹੋਵੇਗੀ। ਉਨ੍ਹਾਂ ਕਿਹਾ ਕਿ ਸਾਰੀਆਂ ਪ੍ਰਕਿਰਿਆਵਾਂ ਨੂੰ ਮੁਕੰਮਲ ਕਰਦਿਆਂ ਜਲਦ ਹੀ ਇਸ ਪ੍ਰੋਜੈਕਟ ‘ਤੇ ਕੰਮ ਸ਼ੁਰੂ ਹੋ ਜਾਵੇਗਾ ਤਾਂ ਜੋ ਆਉਂਦੇ 12 ਮਹੀਨਿਆਂ ਦੌਰਾਨ ਇਹ ਯੂਨਿਟ ਤਿਆਰ ਹੋ ਜਾਵੇ ਅਤੇ ਫ਼ਲਾਂ-ਸਬਜ਼ੀਆਂ ਦੀ ਪ੍ਰੋਸੈਸਿੰਗ ਨੂੰ ਅਮਲੀ ਜਾਮਾ ਪਹਿਨਾਇਆ ਜਾ ਸਕੇ।

# ਕਿਸਾਨਾਂ ਨੂੰ ਜਲਦ ਤੋਂ ਜਲਦ ਆਪਣੀ ਫਾਰਮਰ ਆਈ.ਡੀ. ਬਣਵਾਉਣ ਦੀ ਅਪੀਲ



**ਫਾਜ਼ਿਲਕਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲਾ ਮੁੱਖ ਖੇਤੀਬਾੜੀ ਅਫ਼ਸਰ ਫਾਜ਼ਿਲਕਾ ਡਾ. ਹਰਪ੍ਰੀਤਪਾਲ ਕੌਰ ਨੇ ਦੱਸਿਆ ਕਿ ਐਗ੍ਰੀਸਟੈਕ ਫਾਰਮਰ ਰਜਿਸਟਰੀ ਤਹਿਤ ਕਿਸਾਨ ਆਈ.ਡੀ. ਤਿਆਰ ਕਰਨ ਦੀ ਪ੍ਰਕਿਰਿਆ ਇਸ ਸਮੇਂ ਜ਼ਿਲ੍ਹੇ ਵਿੱਚ ਚੱਲ ਰਹੀ ਹੈ।

ਸਮੂਹ ਕਿਸਾਨ ਵੀਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਹੁਣ ਤੋਂ ਬਾਅਦ ਪ੍ਰਧਾਨ ਮੰਤਰੀ ਕਿਸਾਨ ਸਮਾਨ ਨਿਧੀ (ਪੀ.ਐਮ -ਕਿਸਾਨ) ਯੋਜਨਾ ਦਾ ਲਾਭ ਲੈਣ ਲਈ ਫਾਰਮਰ ਆਈ.ਡੀ. ਦਾ ਪੀ.ਐਮ-ਕਿਸਾਨ ਡਾਟਾਬੇਸ ਨਾਲ ਸੀਡਿੰਗ ਕਰਨਾ ਲਾਜ਼ਮੀ ਹੋਵੇਗਾ। ਸਿਰਫ ਉਹੀ ਕਿਸਾਨ ਯੋਜਨਾ ਦਾ ਲਾਭ ਪ੍ਰਾਪਤ ਕਰ ਸਕਣਗੇ ਜਿਨ੍ਹਾਂ ਦੀ ਫਾਰਮਰ ਆਈ.ਡੀ. ਤਿਆਰ ਹੋ ਚੁੱਕੀ ਹੋਵੇਗੀ ਅਤੇ ਉਹ ਪੀ.ਐਮ -ਕਿਸਾਨ ਡਾਟਾਬੇਸ ਨਾਲ ਜੋੜੀ ਹੋਵੇਗੀ।

ਫਾਰਮਰ ਆਈ.ਡੀ. ਬਣਾਉਣ ਦਾ ਕੰਮ ਕਾਮਨ ਸਰਵਿਸ ਸੈਂਟਰਾਂ (CSC) ਰਾਹੀਂ ਕੀਤਾ ਜਾ ਰਿਹਾ ਹੈ। ਪਿੰਡ ਪੱਧਰ ’ਤੇ ਇਹ ਕੰਮ ਵਿਲੇਜ ਲੈਵਲ ਇੰਟਰਪ੍ਰਿਨਿਊਰ (VLE) ਵੱਲੋਂ ਕੀਤਾ ਜਾ ਰਿਹਾ ਹੈ।

ਕਿਸਾਨ ਆਪਣੇ ਨੇੜਲੇ ਕਾਮਨ ਸਰਵਿਸ ਸੈਂਟਰ ’ਤੇ ਜਾ ਕੇ ਜ਼ਰੂਰੀ ਦਸਤਾਵੇਜ਼ਾਂ, ਅਧਾਰ ਕਾਰਡ, ਜਮ੍ਹਾਂਬੰਦੀ, ਅਤੇ ਰਜਿਸਟਰਡ ਮੋਬਾਇਲ ਨੰਬਰ ਨਾਲ ਆਪਣੀ ਫਾਰਮਰ ਆਈ.ਡੀ. ਬਣਵਾ ਸਕਦੇ ਹਨ।

ਮੁੱਖ ਖੇਤੀਬਾੜੀ ਅਫਸਰ ਡਾ ਹਰਪ੍ਰੀਤਪਾਲ ਕੌਰ ਨੇ ਜਿਲ੍ਹੇ ਦੇ ਸਾਰੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਜਲਦੀ ਤੋਂ ਜਲਦੀ ਆਪਣੀ ਫਾਰਮਰ ਆਈ.ਡੀ. ਬਣਵਾ ਲੈਣ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਸਰਕਾਰੀ ਯੋਜਨਾ, ਖਾਸ ਕਰਕੇ ਪੀ.ਐਮ-ਕਿਸਾਨ ਦੇ ਲਾਭ ਤੋਂ ਵਾਂਝੇ ਨਾ ਰਹਿਣ।

# ਡੀ ਸੀ ਨੇ ਕਣਕ ਦੀ ਸੁਚੱਜੀ ਖਰੀਦ ਦੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਮੀਟਿੰਗ ਕੀਤੀ



**ਬਠਿੰਡਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਰਾਜੇਸ਼ ਧੀਮਨ, ਡਿਪਟੀ ਕਮਿਸ਼ਨਰ, ਬਠਿੰਡਾ ਨੇ ਅੱਜ ਜ਼ਿਲ੍ਹੇ ਦੇ ਆੜ੍ਹਤੀਆਂ ਅਤੇ ਸਬੰਧਤ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਨਾਲ ਕਣਕ ਦੀ ਖਰੀਦ ਸੁਚਾਰੂ ਬਣਾਉਣ ਸਬੰਧੀ ਅਹਿਮ ਬੈਠਕ ਕੀਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਾਲ ਜ਼ਿਲ੍ਹੇ ਵਿੱਚ 932520 ਮੈਟ੍ਰਿਕ ਟਨ ਕਣਕ ਦੀ ਆਮਦ ਦੀ ਉਮੀਦ ਹੈ। ਕਣਕ ਦੀ ਖਰੀਦ ਨੂੰ ਸੁਚਾਰੂ ਤਰੀਕੇ ਨਾਲ ਯਕੀਨੀ ਬਣਾਉਣ ਲਈ, ਜ਼ਿਲ੍ਹੇ ਚ 275 ਮੰਡੀਆਂ ਸਥਾਪਿਤ ਕੀਤੀਆਂ ਹਨ, ਜਿਸ ਵਿੱਚ 200 ਸਥਾਈ ਮੰਡੀਆਂ ਅਤੇ 75 ਆਰਜ਼ੀ ਮੰਡੀਆਂ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਜਿਣਸ ਦੇ ਭੰਡਾਰਣ ਲਈ ਬਾਰਦਾਨਾ ਉਪਲਬਧ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਣਕ ਭੰਡਾਰਣ ਲਈ ਥਾਂ ਦੀ ਕੋਈ ਕਮੀ ਨਹੀਂ ਹੈ। ਕਣਕ ਖਰੀਦ ਨਾਲ ਜੁੜੀਆਂ ਸਮੱਸਿਆਵਾਂ ਹੱਲ ਕਰਨ ਲਈ, ਉਨ੍ਹਾਂ ਫੂਡ ਤੇ ਸਿਵਲ ਸਪਲਾਈ ਵਿਭਾਗ ਨੂੰ ਨਿਰਦੇਸ਼ ਦਿੱਤੇ ਹਨ ਕਿ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਨਿਯੁਕਤ ਕੀਤਾ ਜਾਵੇ ਅਤੇ ਉਹ ਇਨ੍ਹਾਂ ਮੰਡੀਆਂ ਵਿੱਚ ਨਿਯਮਤ ਤੌਰ ’ਤੇ ਦੌਰੇ ਕਰਨੇ ਯਕੀਨੀ ਬਣਾਉਣ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮੰਡੀਆਂ ਵੱਲ ਜਾਣ ਵਾਲੀਆਂ ਸੜਕਾਂ ’ਤੇ ਟ੍ਰੈਫਿਕ ਭੀੜ ਅਤੇ ਖ਼ਰਾਬ ਸੜਕਾਂ ਨਾਲ ਜੁੜੀਆਂ ਸਮੱਸਿਆਵਾਂ ਹੱਲ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਟ੍ਰੈਫਿਕ ਭੀੜ ਘਟਾਉਣ ਲਈ ਬਠਿੰਡਾ ਪੁਲਿਸ ਤੋਂ ਮਦਦ ਲਈ ਜਾਵੇ।

ਡਿਪਟੀ ਕਮਿਸ਼ਨਰ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਕਣਕ ਦੀ ਖਰੀਦ ਨੂੰ ਸੁਚਾਰੂ ਤਰੀਕੇ ਨਾਲ ਯਕੀਨੀ ਬਣਾਉਣ ਲਈ ਅਸੀਂ ਮਜ਼ਦੂਰ ਵਰਗ ਲਈ ਵੀ ਬਿਹਤਰ ਜੀਵਨ ਯਕੀਨੀ ਬਣਾਈਏ। ਉਨ੍ਹਾਂ ਨੇ ਆੜ੍ਹਤੀਆਂ ਨੂੰ ਅਪੀਲ ਕੀਤੀ ਕਿ ਗਰੀਬ ਲੋਕਾਂ ਅਤੇ ਮਜ਼ਦੂਰ ਵਰਗ ਦੇ ਭਲੇ ਲਈ ਕੰਮ ਕਰਨ ਅਤੇ ਉਨ੍ਹਾਂ ਨੂੰ ਸਰਕਾਰੀ ਯੋਜਨਾਵਾਂ ਬਾਰੇ ਜਾਗਰੂਕ ਕੀਤਾ ਜਾਵੇ।

ਇਸੇ ਤਰ੍ਹਾਂ ਉਨ੍ਹਾਂ ਨੇ ਮਜ਼ਦੂਰਾਂ ਨੂੰ ਕਿਰਤ ਵਿਭਾਗ ਦੇ ਈ-ਸ਼੍ਰਮ ਪੋਰਟਲ ’ਤੇ ਰਜਿਸਟ੍ਰੇਸ਼ਨ ’ਤੇ ਜ਼ੋਰ ਦਿੱਤਾ, ਜੋ ਉਨ੍ਹਾਂ ਨੂੰ ਬੱਚਿਆਂ ਦੀ ਪੜ੍ਹਾਈ, ਸਿਹਤ ਅਤੇ ਵਿਆਹ ਲਈ ਲਾਭ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਦੱਸਿਆ ਕਿ ਆੜ੍ਹਤੀਏ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਵੀ ਜਾਗਰੂਕਤਾ ਪੈਦਾ ਕਰਨ ਤਾਂ ਜੋ ਲੋਕਾਂ ਨੂੰ 10 ਲੱਖ ਰੁਪਏ ਤੱਕ ਮੁਫਤ ਸਿਹਤ ਸਹੂਲਤ ਮਿਲ ਸਕੇ। ਇਸ ਮੌਕੇ ਏਡੀਸੀ (ਜ) ਮੈਡਮ ਕੰਚਨ, ਐਸਡੀਐਮ ਬਠਿੰਡਾ ਸ੍ਰੀ ਬਲਕਰਨ ਸਿੰਘ, ਐਸਡੀਐਮ ਰਾਮਪੁਰਾ ਅਤੇ ਮੌੜ ਮੈਡਮ ਵੀਰਪਾਲ ਕੌਰ, ਐਸਡੀਐਮ ਤਲਵੰਡੀ ਸਾਬੋ ਸ੍ਰੀ ਰਾਜੇਸ਼ ਕੁਮਾਰ ਸ਼ਰਮਾ, ਡੀਡੀਪੀਓ ਸ੍ਰੀ ਅਭਿਨਵ ਗੋਇਲ, ਡੀਐਫਐਸਓ ਸ੍ਰੀ ਹਰਸ਼ਿਤ ਮਹਿਤਾ, ਬਠਿੰਡਾ ਮਾਰਕਿਟ ਕਮੇਟੀ ਚੇਅਰਮੈਨ ਸ੍ਰੀ ਬੱਲੀ ਬਲਜੀਤ, ਡੀਐਮਓ ਸ੍ਰੀ ਗੌਰਵ ਗਾਰਗ ਅਤੇ ਹੋਰ ਮੌਜੂਦ ਸਨ।

# ਪਿੰਡ ਵਿੱਚ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ ਅਤੇ ਕੀਤੀਆਂ ਜਾਣਗੀਆਂ ਸੜਕਾਂ ਚੌੜੀਆਂ



**ਬਟਾਲਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਆਪਣੇ ਵਾਅਦੇ ਨੂੰ ਪੁਗਾਉਂਦਿਆਂ ਬਲਾਕ ਸੰਮਤੀ ਚੋਣਾਂ ਵਿੱਚ ਸਭ ਤੋਂ ਵੱਧ ਲੀਡ ਹਾਸਿਲ ਕਰਨ ਵਾਲੇ ਪਿੰਡ, ਬੋਦੇ ਦੀ ਖੂਹੀ ਨੂੰ 25 ਲੱਖ ਰੁਪਏ ਦੀ ਸਪੈਸ਼ਲ ਗਰਾਂਟ ਦਿੱਤੀ ਹੈ, ਜਿਸ ਨਾਲ ਪਿੰਡ ਵਿੱਚ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ ਅਤੇ ਸੜਕਾਂ ਚੌੜੀਆਂ ਕੀਤੀਆਂ ਜਾਣਗੀਆਂ।

ਉਨ੍ਹਾਂ ਕਿਹਾ ਕਿ ਬਲਾਕ ਸੰਮਤੀ ਚੋਣਾਂ ਦੌਰਾਨ ਵਾਅਦਾ ਕੀਤਾ ਗਿਆ ਸੀ ਕਿ ਜੋ ਪਿੰਡ ਵੱਡੀ ਲੀਡ ਨਾਲ ਜਿੱਤ ਹਾਸਲ ਕਰੇਗਾ, ਉਸ ਪਿੰਡ ਨੂੰ ਵਿਕਾਸ ਕਾਰਜਾਂ ਲਈ 25 ਲੱਖ ਰੁਪਏ ਦੀ ਸਪੈਸ਼ਲ ਗਰਾਂਟ ਦਿੱਤੀ ਜਾਵੇਗੀ, ਜਿਸ ਦੇ ਚੱਲਦਿਆਂ ਪਿੰਡ ਬੋਦੇ ਦੀ ਖੂਹੀ ਨੇ ਇਹ ਗਰਾਂਟ ਹਾਸਲ ਕੀਤੀ ਹੈ।

ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੇ ਚੈੱਕ ਦਿੱਤੇ ਜਾ ਚੁੱਕੇ ਹਨ।

ਜਿਸ ਨਾਲ ਪਿੰਡ ਦੇ ਬੁਨਿਆਦੀ ਢਾਂਚੇ, ਸਫਾਈ, ਪੀਣ ਵਾਲੇ ਪਾਣੀ, ਗਲੀਆਂ- ਨਾਲੀਆਂ ਦੀ ਉਸਾਰੀ, ਭਾਈਚਾਰਕ ਸਹੂਲਤਾਂ ਅਤੇ ਹੋਰ ਜਨਤਕ ਭਲਾਈ ਕਾਰਜਾਂ ਵਿੱਚ ਸੁਧਾਰ ਕਰਨ ’ਤੇ ਖਰਚ ਕੀਤੇ ਜਾਣਗੇ।

ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦੇ ਹੋਏ ਸਾਬਾ ਸਰਪੰਚ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਕਥਨੀ ਤੇ ਕਹਿਣੀ ਦੇ ਪੱਕੇ ਹਨ ਅਤੇ ਉਹ ਜੋ ਵੀ ਵਾਅਦਾ ਕਰਦੇ ਹਨ ਉਸਨੂੰ ਜ਼ਰੂਰ ਪੂਰਾ ਕਰਦੇ ਹਨ। ਉਨ੍ਹਾਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਹਲਕੇ ਬਟਾਲਾ ਅੰਦਰ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਰਹਿੰਦੇ ਹਨ, ਜਿਸ ’ਤੇ ਸਾਨੂੰ ਮਾਣ ਹੈ।

# ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ’ਚ ਲਏ ਕ੍ਰਾਂਤੀਕਾਰੀ ਫੈਸਲੇ: ਡਾ. ਇਸ਼ਾਂਕ ਕੁਮਾਰ



**ਹੁਸ਼ਿਆਰਪੁਰ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਪੀ ਐਮ ਸ਼੍ਰੀ ਜਵਾਹਰ ਨਵੋਦਿਆ ਵਿਦਿਆਲਿਆ, ਫਲਾਹੀ ਵਿਖੇ ਸਾਲਾਨਾ ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਸਿੱਖਿਆ ਦੀ ਮਹੱਤਤਾ ਦੱਸਦਿਆਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿਚ ਕ੍ਰਾਂਤੀਕਾਰੀ ਫੈਸਲੇ ਲੈ ਰਹੀ ਹੈ ਜਿਸ ਨਾਲ ਸੂਬੇ ਦੇ ਬੱਚਿਆਂ ਨੂੰ ਸਿੱਖਿਆ ਦਿਵਾ ਕੇ ਜ਼ਿੰਦਗੀ ਵਿਚ ਵੱਡੀਆਂ ਪ੍ਰਾਪਤੀਆਂ ਹਾਸਲ ਕਰਨ ਦੇ ਕਾਬਲ ਬਣਾਇਆ ਜਾ ਸਕੇ।

ਪ੍ਰਿੰਸੀਪਲ ਰੰਜੂ ਦੁੱਗਲ, ਸਕੂਲ ਸਟਾਫ ਸਮੇਤ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਭਾਰਤ ਸਰਕਾਰ ਦੇ ਸਰਵੇਖਣ ਅਨੁਸਾਰ ਪੰਜਾਬ ਦੇ ਸਰਕਾਰੀ ਸਕੂਲ ਪੜ੍ਹਾਈ ਦੇ ਮਾਮਲੇ ਵਿਚ ਦੇਸ਼ ਵਿਚ ਪਹਿਲੇ ਸਥਾਨ ‘ਤੇ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਸਿਹਤ ਪੰਜਾਬ ਸਰਕਾਰ ਦੇ ਤਰਜੀਹੀ ਖੇਤਰ ਹਨ ਜਿਨ੍ਹਾਂ ਵੱਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਵਿਸ਼ੇਸ਼ ਤਵੱਜੋਂ ਦਿੱਤੀ ਜਾ ਰਹੀ ਹੈ। ਉਨ੍ਹਾਂ ਨੇ ਪੀ ਐਮ ਸ਼੍ਰੀ ਜਵਾਹਰ ਨਵੋਦਿਆ ਵਿਦਿਆਲਿਆ ਨੂੰ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੰਦਿਆਂ ਵਿਦਿਆਰਥੀਆਂ ਨੂੰ ਮਨ-ਚਿਤ ਲਾ ਕੇ ਪੜ੍ਹਾਈ ਕਰਨ ਅਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਦਿਆਂ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਦੀ ਕਾਮਨਾ ਕੀਤੀ।

ਇਸ ਦੌਰਾਨ ਪ੍ਰਿੰਸੀਪਲ ਰੰਜੂ ਦੁੱਗਲ ਨੇ ਮੁੱਖ ਮਹਿਮਾਨ ਅਤੇ ਮਾਪਿਆਂ ਦਾ ਸਵਾਗਤ ਕਰਦਿਆਂ ਸਲਾਨਾ ਗਤੀਵਿਧੀਆਂ ਦੀ ਰਿਪੋਰਟ ਪੇਸ਼ ਕੀਤੀ ਜਿਸ ਵਿਚ ਵਿਦਿਆਰਥੀਆਂ ਦੀ ਪੜ੍ਹਾਈ, ਖੇਡਾਂ, ਐਨ.ਸੀ.ਸੀ, ਸਕਾਊਟ ਗਾਈਡਜ, ਸਹਿ ਸਿੱਖਿਆ ਗਤੀਵਿਧੀਆਂ, ਪੀ.ਐਮ.ਸ੍ਰੀ ਫੰਡ ਵਿੱਚ ਕਰਵਾਈਆਂ ਗਤੀਵਿਧੀਆਂ ਬਾਰੇ ਦੱਸਿਆ ਗਿਆ। ਵਿਦਿਆਲੇ ਦੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ‘ਤੇ ਖੁਸ਼ੀ ਜਾਹਿਰ ਕਰਦਿਆਂ ਖੁਦ ਐਮ.ਡੀ. ਡਿਗਰੀ ਲਈ ਪੜ੍ਹਾਈ ਕਰਦਿਆਂ ਐਮ.ਐਲ.ਏ ਦੀ ਚੋਣ ਜਿੱਤਣ ਅਤੇ ਫਿਰ ਪੜ੍ਹਾਈ ਪੂਰੀ ਕਰਕੇ ਆਪਣੀ ਕਾਮਯਾਬੀ ਬਾਰੇ ਵਿਦਿਆਰਥੀਆਂ ਨੂੰ ਜਦੋਂ ਦੱਸਿਆ ਤਾਂ ਪੰਡਾਲ ਤਾੜੀਆਂ ਨਾਲ ਗੂੰਜ ਉਠਿਆ। ਉਨ੍ਹਾਂ ਨੇ ਮਨਸੂਈ ਬੁੱਧੀ (ਏ ਆਈ) ਦੇ ? ਆਗਮਨ ਨਾਲ ਸਮਾਜ ਵਿਚ ਆਏ ਬਦਲਾਅ ਦੇ ਸਨਮੁੱਖ ਚੁਣੌਤੀਆਂ ਬਾਰੇ ਵਿਦਿਆਰਥੀਆਂ ਨੂੰ ਆਗਾਹ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਦੀ ਸਹੂਲਤ ਲਈ ਵਿਦਿਆਲੇ ਨੂੰ ਗੱਡੀ ਦੇਣ ਦਾ ਐਲਾਨ ਕਰਦਿਆਂ ਕਿਹਾ ਕਿ ਬੱਚਿਆਂ ਦੀ ਬਿਹਤਰੀ ਲਈ ਜੋ ਵੀ ਸਹਾਇਤਾ ਚਾਹੀਦੀ ਹੋਵੇ ਸਕੂਲ ਪ੍ਰਸ਼ਾਸਨ ਨੂੰ ਮੁਹੱਈਆ ਕੀਤੀ ਜਾਵੇਗੀ।

# ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਮਾਝੇ ਦੇ ਟਰਾਂਸਪੋਰਟਰਾਂ ਅਤੇ ਲੇਬਰ ਠੇਕੇਦਾਰਾਂ ਨਾਲ ਮੀਟਿੰਗ



**ਗੁਰਦਾਸਪੁਰ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਲਾਲ ਚੰਦ ਕਟਾਰੂਚੱਕ, ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਪੰਜਾਬ ਵਲੋਂ ਕਣਕ ਦੀ ਖਰੀਦ ਪ੍ਰਕਿਰਿਆ ਨੂੰ ਹੋਰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਅੱਜ ਮਾਝੇ ਖੇਤਰ ਦੇ ਟਰਾਂਸਪੋਰਟਰਾਂ ਅਤੇ ਲੇਬਰ ਠੇਕੇਦਾਰਾਂ ਨਾਲ ਗੁਰਦਾਸਪੁਰ ਵਿਖੇ ਮੀਟਿੰਗ ਕੀਤੀ ਗਈ। ਜਿਸ ਵਿੱਚ ਗੁਰਦਾਸਪੁਰ, ਪਠਾਨਕੋਟ, ਸ਼੍ਰੀ ਅੰਮ੍ਰਿਤਸਰ ਸਾਹਿਬ ਅਤੇ ਤਰਨਤਾਰਨ ਜ਼ਿਲ੍ਹਿਆਂ ਦੇ ਡੀ.ਐਫ.ਐਸ.ਸੀ ਸਮੇਤ ਖਰੀਦ ਏਜੰਸੀਆਂ ਦੇ ਡੀ.ਐਮ ਅਤੇ ਟਰਾਂਸਪੋਰਟਰ ਅਤੇ ਠੇਕੇਦਾਰ ਮੌਜੂਦ ਸਨ।

ਮੀਟਿੰਗ ਦੌਰਾਨ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਕਣਕ ਦੀ ਖਰੀਦ ਪ੍ਰਕਿਰਿਆ ਪਹਿਲੀ ਅਪ੍ਰੈਲ ਤੋਂ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਜਿਸ ਤਰ੍ਹਾਂ ਪਹਿਲਾਂ ਚਾਰ ਸਾਲਾਂ ਦੌਰਾਨ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਮੁਕੰਮਲ ਕੀਤੀਆਂ ਗਈਆ ਹਨ, ਓਸੇ ਤਰਾਂ ਬਲਕਿ ਹੋਰ ਵੀ ਬਿਹਤਰ ਢੰਗ ਨਾਲ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਨੇਪੜੇ ਚਾੜ੍ਹੀ ਜਾਵੇਗੀ।

ਮੀਟਿੰਗ ਦੌਰਾਨ ਉਹਨਾਂ ਟਰਾਂਸਪੋਰਟ ਅਤੇ ਲੇਬਰ ਠੇਕੇਦਾਰਾਂ ਨੂੰ ਕਿਹਾ ਕਿ ਖਰੀਦ ਪ੍ਰਕਿਰਿਆ ਦੌਰਾਨ ਕਿਸੇ ਕਿਸਮ ਦੀ ਟਰਾਂਸਪੋਰਟ ਅਤੇ ਲੇਬਰ ਦੀ ਕੋਈ ਸਮੱਸਿਆਂ ਨਹੀ ਆਉਣੀ ਚਾਹੀਦੀ ਹੈ ਅਤੇ ਕਲੱਸਟਰ ਵਾਈਜ਼ ਟਰਾਂਸਪੋਰਟ ਅਤੇ ਲੇਬਰ 100 ਫੀਸਦ ਕਰਨ ਨੂੰ ਯਕੀਨੀ ਬਣਾਇਆ ਜਾਵੇ ਅਤੇ ਕਿਸੇ ਪ੍ਰਕਾਰ ਦੀ ਢਿੱਲ਼ ਮੱਠ ਬਰਦਾਸ਼ਤ ਨਹੀ ਕੀਤੀ ਜਾਵੇਗੀ।

ਮੀਟਿੰਗ ਦੌਰਾਨ ਲੇਬਰ ਠੇਕੇਦਾਰਾਂ ਵਲੋਂ ਕਿਹਾ ਗਿਆ ਕਿ ਗੁਦਾਮਾਂ ਵਿੱਚ ਫਸਲ ਲਿਅਉਣ ਲਈ ਸਮਾਂ ਵਧਾਇਆ ਜਾਵੇ, ਜਿਸ ’ਤੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵਲੋਂ ਮੌਕੇ ’ਤੇ ਅਧਿਕਾਰੀਆਂ ਨਾਲ ਗੱਲ ਕਰਨ ਉਪਰੰਤ ਗੁਦਾਮਾਂ ਦਾ ਸਮਾਂ ਸਵੇਰੇ 8 ਵਜੇ ਤੋਂ ਸ਼ਾਮ 6 ਵਜੇ ਤੱਕ ਕਰਨ ਦਾ ਫੈਸਲਾ ਕੀਤਾ ਗਿਆ, ਜਿਸ ’ਤੇ ਲੇਬਰ ਠੇਕੇਦਾਰਾਂ ਨੇ ਕੈਬਨਿਟ ਮੰਤਰੀ ਕਟਾਰੂਚੱਕ ਦਾ ਧੰਨਵਾਦ ਕਰਦਿਆਂ ਕਿ ਇਸ ਨਾਲ ਮੰਡੀਆਂ ਵਿੱਚੋਂ ਕਣਕ ਦੀ ਚੁਕਾਈ ਵਿੱਚ ਹੋਰ ਤੇਜ਼ੀ ਆਵੇਗੀ।

ਮੀਟਿੰਗ ਦੌਰਾਨ ਕੈਬਨਿਟ ਮੰਤਰੀ ਕਟਾਰੂਚੱਕ ਨੇ ਅੱਗੇ ਕਿਹਾ ਕਿ ਅੱਜ ਮੀਟਿੰਗ ਕਰਨ ਦਾ ਵੀ ਇਹੀ ਮੰਤਵ ਸੀ ਕਿ ਟਰਾਂਸਪੋਰਟਰਾਂ ਤੇ ਠੇਕੇਦਾਰਾਂ ਦੀਆਂ ਵੀ ਮੁਸ਼ਕਿਲਾਂ ਸੁਣੀਆ ਜਾਣ ਤਾਂ ਜੋ ਸਮੁੱਚੀ ਖਰੀਦ ਪ੍ਰਕਿਰਿਆਂ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਮੌਕੇ ਆੜ੍ਹਤੀਆਂ ਅਤੇ ਲੇਬਰ ਠੇਕੇਦਾਰਾਂ ਵਲੋਂ ਆਪਣੀਆਂ ਮੁਸ਼ਕਿਲਾਂ ਤੇ ਸੁਝਾਅ ਵੀ ਦਿੱਤੇ। ਇਸ ਮੌਕੇ ਉਨ੍ਹਾਂ ਐਫ.ਸੀ.ਆਈ ਨੂੰ ਖਰੀਦ ਪ੍ਰਕਿਰਿਆ ਤੇਜ਼ੀ ਨਾਲ ਕਰਨ ਨੂੰ ਯਕੀਨੀ ਬਣਾਉਣ ਅਤੇ ਅਨਲੋਡ ਸਮੇਂ ਸਿਰ ਕਰਨ ਲਈ ਕਿਹਾ। ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਹਰ ਵਾਰ ਦੀ ਤਰਾਂ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ ਅਤੇ ਫਸਲ਼ ਦੀ ਖਰੀਦ ਕਰਨ ਉਪਰੰਤ 24 ਘੰਟਿਆਂ ਅੰਦਰ ਫਸਲ ਦੀ ਅਦਾਇਗੀ ਨੂੰ ਯਕੀਨੀ ਬਣਾਇਆ ਗਿਆ ਹੈ।

ਇਸ ਮੌਕੇ ਪੱਤਰਕਾਰਾਂ ਦੇ ਇੱਕ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਆੜ੍ਹਤੀਆਂ ਵਲੋਂ ਜੋ ਆਪਣੀ ਮੰਗ ਰੱਖੀ ਗਈ ਹੈ।

# ਮੀਢਵਾ ਅੱਪਰ ਵਿਖੇ ਲਗਾਇਆ ਟੀ.ਬੀ ਜਾਗਰੂਕਤਾ ਕੈਂਪ




**ਸ੍ਰੀ ਆਨੰਦਪੁਰ ਸਾਹਿਬ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਰੂਪਨਗਰ ਅਤੇ ਐਸਐਮਓ ਕੀਰਤਪੁਰ ਸਾਹਿਬ ਦੀ ਅਗਵਾਈ ਹੇਠ ਟੀਬੀ ਮੁਕਤ ਭਾਰਤ ਮੁਹਿੰਮ ਤਹਿਤ ਅੱਜ ਮੀਢਵਾਂ ਅੱਪਰ ਵਿਖੇ ਟੀਬੀ ਸਕਰੀਨਿੰਗ ਕੈਂਪ ਅਤੇ ਐਨ.ਸੀ.ਡੀ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਆਏ ਲੋਕਾਂ ਨੂੰ ਟੀਬੀ ਦੇ ਸਰੀਰ ਉੱਤੇ ਪੈਂਦੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੁਰਜੀਤ ਸਿੰਘ ਐਸ.ਟੀ.ਐਸ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੈਂਪ ਵਿੱਚ ਲੱਗੀ ਟੀਬੀ ਮਸ਼ੀਨ ਦਾ ਵੱਧ ਤੋਂ ਵੱਧ ਲਾਭ ਲੈਣ ਕਿਉਂਕਿ ਇੱਥੇ ਮੁਫ਼ਤ ਐਕਸ-ਰੇ ਕੀਤੇ ਜਾਂਦੇ ਹਨ।

ਉਨ੍ਹਾਂ ਦੱਸਿਆ ਕਿ ਟੀਬੀ ਦੇ ਮੁੱਖ ਲੱਛਣਾਂ ਵਿੱਚ ਲੰਬੇ ਸਮੇਂ ਤੱਕ ਖਾਂਸੀ ਨਾਲ ਬਲਗਮ ਆਉਣਾ, ਬੁਖਾਰ, ਭਾਰ ਘਟਣਾ, ਸਾਹ ਲੈਣ ਵਿੱਚ ਦਿੱਕਤ ਅਤੇ ਸਰੀਰ ਵਿੱਚ ਥਕਾਵਟ ਸ਼ਾਮਲ ਹਨ। ਇਹ ਬਿਮਾਰੀ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਵਿੱਚ ਫੈਲ ਸਕਦੀ ਹੈ, ਇਸ ਲਈ ਲੋਕਾਂ ਨੂੰ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਟੀਬੀ ਦਾ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਪੂਰੀ ਤਰ੍ਹਾਂ ਮੁਫ਼ਤ ਹੈ ਜੋ 6 ਤੋਂ 9 ਮਹੀਨੇ ਤੱਕ ਚੱਲਦਾ ਹੈ ਅਤੇ ਦਵਾਈਆਂ ਵੀ ਮੁਫ਼ਤ ਮਿਲਦੀਆਂ ਹਨ ਇਸ ਤੋਂ ਇਲਾਵਾ ਕੈਂਪ ਵਿੱਚ ਡਾ.ਭਾਵਪ੍ਰੀਤ ਵੱਲੋਂ ਬੀ.ਪੀ ਅਤੇ ਸ਼ੂਗਰ ਦੇ ਮਰੀਜ਼ਾਂ ਦਾ ਚੈੱਕਅਪ ਕਰਕੇ ਦਵਾਈਆਂ ਦਿੱਤੀਆਂ ਗਈਆਂ। ਰਵਿੰਦਰ ਸਿੰਘ ਵੱਲੋਂ ਮਲੇਰੀਆ ਅਤੇ ਡੇਂਗੂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਮਨਿੰਦਰ ਸਿੰਘ ਮਾਵੀ ਐਸ.ਟੀ.ਐਲ.ਐਸ, ਦੀਪਕ ਕੁਮਾਰ, ਆਸ਼ਾ ਵਰਕਰ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਰਿਕਾਰਡ ਮਾਲੀਏ, 1,300 ਕਰੋੜ ਰੁਪਏ ਦੇ ਸੜਕੀ ਕੰਮਾਂ ਅਤੇ ਵਿਆਪਕ ਨਾਗਰਿਕ ਸੁਧਾਰਾਂ ਨਾਲ ਸ਼ਹਿਰੀ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਲਿਆਂਦੀ ਤੇਜ਼ੀ




**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਸਰਕਾਰਾਂ, ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਅੱਜ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਬਿਹਤਰ ਢੰਗ ਨਾਲ ਸੇਵਾ ਪ੍ਰਦਾਨ ਕਰਨ ਅਤੇ ਸੂਬੇ ਦੇ ਨਾਗਰਿਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਵਿਆਪਕ ਪਹਿਲਕਦਮੀਆਂ ਅਤੇ ਸੁਧਾਰਾਂ ਦਾ ਐਲਾਨ ਕੀਤਾ।

ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਸਬੰਧੀ ਉਪਾਵਾਂ ‘ਤੇ ਚਾਨਣਾ ਪਾਉਂਦਿਆਂ ਮੰਤਰੀ ਨੇ ਦੱਸਿਆ ਕਿ ਸੁਧਾਰ ਟਰੱਸਟਾਂ ਲਈ ਯਕਮੁਸ਼ਤ ਨਿਪਟਾਰਾ (ਓਟੀਐਸ) ਯੋਜਨਾ 30 ਅਪ੍ਰੈਲ, 2026 ਤੱਕ ਮੁੜ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਨਾਨ-ਕੰਸਟ੍ਰੱਕਸ਼ਨ ਫੀਸ (ਐਨਸੀਐਫ) ’ਤੇ ਲਗਭਗ 50 ਫੀਸਦ ਦੀ ਛੋਟ ਦਿੱਤੀ ਜਾ ਰਹੀ ਹੈ ਜਿਸ ਨਾਲ ਜਾਇਦਾਦ ਮਾਲਕਾਂ ਨੂੰ ਵੱਡੀ ਵਿੱਤੀ ਰਾਹਤ ਮਿਲੇਗੀ।

ਇੱਕ ਵੱਡੀ ਪ੍ਰਾਪਤੀ ਹਾਸਲ ਕਰਦਿਆਂ ਵਿੱਤੀ ਸਾਲ 2025-26 ਲਈ ਹਾਊਸ ਟੈਕਸ ਦੀ ਵਸੂਲੀ 600 ਕਰੋੜ ਰੁਪਏ ਤੱਕ ਪਹੁੰਚ ਗਿਆ ਹੈ ਜੋ ਕਿ ਵਿੱਤੀ ਸਾਲ 2024-25 ਵਿੱਚ 500 ਕਰੋੜ ਰੁਪਏ ਸੀ। ਇਹ ਵਾਧਾ ਸ਼ਹਿਰੀ ਸਥਾਨਕ ਇਕਾਈਆਂ ਦੀ ਬਿਹਤਰ ਕੁਸ਼ਲਤਾ, ਪਾਰਦਰਸ਼ਤਾ ਅਤੇ ਪਾਲਣਾ ਨੂੰ ਦਰਸਾਉਂਦਾ ਹੈ।

ਸ਼ਹਿਰੀ ਬੁਨਿਆਦੀ ਢਾਂਚੇ ਨੂੰ ਹੁਲਾਰਾ ਦਿੰਦਿਆਂ ਮੰਤਰੀ ਨੇ ਕਿਹਾ ਕਿ ਨਗਰ ਨਿਗਮਾਂ ਅਤੇ ਕੌਂਸਲਾਂ ਵਿੱਚ 1,300 ਕਰੋੜ ਰੁਪਏ ਦੀ ਲਾਗਤ ਨਾਲ 2,120 ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਜਿਨ੍ਹਾਂ ਨੂੰ ਮਈ 2026 ਦੇ ਅੰਤ ਤੱਕ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਸਥਾਈ ਮੁਰੰਮਤ ਲਈ ਨਵੀਨਤਮ ਤਕਨਾਲੋਜੀ ਦੀ ਵਰਤੋਂ ਕਰਦਿਆਂ ਮਾਨਸੂਨ ਤੋਂ ਪਹਿਲਾਂ ਸੜਕਾਂ ‘ਤੇ ਟੋਇਆਂ ਦੀ ਪੂਰੀ ਤਰ੍ਹਾਂ ਮੁਰੰਮਤ ’ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਵਪਾਰ ਕਰਨ ਵਿੱਚ ਆਸਾਨੀ ਨੂੰ ਉਤਸ਼ਾਹਿਤ ਕਰਨ ਲਈ ਬਿਲਡਿੰਗ ਪਲਾਨ ਸਬੰਧੀ ਪ੍ਰਵਾਨਗੀ ਪ੍ਰਕਿਰਿਆ ਨੂੰ ਸਰਲ ਬਣਾਇਆ ਗਿਆ ਹੈ। ਫਾਈਲਾਂ ਹੁਣ ਦੋ ਵਾਰ ਦੀ ਬਜਾਏ ਸਿਰਫ਼ ਇੱਕ ਵਾਰ ਕਮਿਸ਼ਨਰ ਕੋਲ ਜਮ੍ਹਾਂ ਕਰਵਾਈਆਂ ਜਾਣਗੀਆਂ, ਜਿਸ ਨਾਲ ਪ੍ਰਕਿਰਿਆ ਦੇ ਸਮੇਂ ਵਿੱਚ ਕਾਫ਼ੀ ਕਮੀ ਆਵੇਗੀ। ਇਸ ਤੋਂ ਇਲਾਵਾ, ਐਸਟੀਪੀ ਪ੍ਰਵਾਨਗੀਆਂ ਹੁਣ ਸਿਰਫ਼ ਅੱਧੇ ਏਕੜ ਅਤੇ ਇਸ ਤੋਂ ਵੱਧ ਖੇਤਰ ਵਾਲੇ ਪਲਾਟਾਂ ਲਈ ਲੋੜੀਂਦੀਆਂ ਹੋਣਗੀਆਂ ਜਦੋਂਕਿ ਪਹਿਲਾਂ ਇਹ ਪ੍ਰਵਾਨਗੀ 500 ਵਰਗ ਗਜ਼ ਤੱਕ ਲੋੜੀਂਦੀ ਸੀ।

ਪ੍ਰਵਾਨਗੀਆਂ ਵਿੱਚ ਹੋਰ ਤੇਜ਼ੀ ਲਿਆਉਣ ਲਈ, ਜ਼ਿਲ੍ਹਾ ਅਤੇ ਮੁੱਖ ਦਫ਼ਤਰ ਪੱਧਰ ’ਤੇ ਇੱਕ ਸਿੰਗਲ-ਵਿੰਡੋ ਕਮੇਟੀ ਸਿਸਟਮ ਸ਼ੁਰੂ ਕੀਤਾ ਗਿਆ ਹੈ। ਇਸ ਸਿਸਟਮ ਤਹਿਤ ਸਾਰੇ ਸਬੰਧਤ ਅਧਿਕਾਰੀ ਇੱਕੋ ਵਾਰ ਪ੍ਰਵਾਨਗੀਆਂ ਦੇ ਸਕਣਗੇ, ਜਿਸ ਨਾਲ ਸਮੇਂ ਦੀ ਬਚਤ ਹੋਵੇਗੀ।

ਐਮਰਜੈਂਸੀ ਰਿਸਪਾਂਸ ਸਿਸਟਮ ਨੂੰ ਮਜ਼ਬੂਤ ਕਰਦਿਆਂ ਸਰਕਾਰ ਵੱਲੋਂ 131 ਕਰੋੜ ਰੁਪਏ ਦੇ ਨਿਵੇਸ਼ ਨਾਲ ਫਾਇਰ ਸਰਵਿਸਿਜ਼ ਦਾ ਆਧੁਨਿਕੀਕਰਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਉੱਨਤ ਫਾਇਰ ਟੈਂਡਰਾਂ ਦੀ ਖਰੀਦ ਅਤੇ ਸੂਬੇ ਭਰ ਵਿੱਚ 13 ਨਵੇਂ ਫਾਇਰ ਸਟੇਸ਼ਨਾਂ ਦੀ ਸਥਾਪਨਾ ਸ਼ਾਮਲ ਹੈ।

ਮੰਤਰੀ ਨੇ ਇਹ ਵੀ ਦੱਸਿਆ ਕਿ ਮੁਕੰਮਲ ਸੀਵਰੇਜ ਨੈੱਟਵਰਕ ਦੀ ਸਫਾਈ ਪਹਿਲ ਦੇ ਆਧਾਰ ’ਤੇ ਕੀਤੀ ਜਾ ਰਹੀ ਹੈ ਅਤੇ ਮਾਨਸੂਨ ਦੀ ਸ਼ੁਰੂਆਤ ਤੋਂ ਪਹਿਲਾਂ ਇਸਨੂੰ ਪੂਰਾ ਕਰ ਲਿਆ ਜਾਵੇਗਾ। ਜਿੱਥੇ ਵੀ ਸੰਭਵ ਹੋਵੇ, ਉਥੇ 9 ਵਿਸ਼ੇਸ਼ ਵੈਂਡਰਜ਼ ਰਾਹੀਂ ਸੁਪਰ ਸਕਸ਼ਨ ਮਸ਼ੀਨਾਂ ਤਾਇਨਾਤ ਕੀਤੀਆਂ ਜਾ ਰਹੀਆਂ ਹਨ।

ਇਸ ਤੋਂ ਇਲਾਵਾ, ਵਿੱਤੀ ਸਾਲ 2025-26 ਲਈ ਸੂਬੇ ਭਰ ਵਿੱਚ 450 ਕਰੋੜ ਰੁਪਏ ਦੇ ਸੀਵਰੇਜ ਪ੍ਰਾਜੈਕਟ ਪਹਿਲਾਂ ਹੀ ਅਲਾਟ ਕੀਤੇ ਜਾ ਚੁੱਕੇ ਹਨ ਅਤੇ ਇਹਨਾਂ ਨੂੰ ਮੌਜੂਦਾ ਵਿੱਤੀ ਸਾਲ ਵਿੱਚ ਪੂਰੇ ਕਰਨ ਦਾ ਟੀਚਾ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਮੌਜੂਦਾ ਤਿਮਾਹੀ ਵਿੱਚ 700 ਕਰੋੜ ਰੁਪਏ ਦੇ ਪ੍ਰਾਜੈਕਟ ਅਲਾਟ ਕੀਤੇ ਜਾਣਗੇ।

ਜਲ ਪ੍ਰਬੰਧਨ ’ਤੇ, ਵਿੱਤੀ ਸਾਲ 2025-26 ਵਿੱਚ ਸਤਹੀ ਜਲ ਪ੍ਰਾਜੈਕਟਾਂ ਲਈ 700 ਕਰੋੜ ਰੁਪਏ ਦੇ ਕੰਮ ਅਲਾਟ ਕੀਤੇ ਗਏ ਸਨ, ਜਿਸਦਾ ਉਦੇਸ਼ ਭੂਮੀਗਤ ਪਾਣੀ ਦੀ ਸੰਭਾਲ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣਾ ਸੀ। ਇਸ ਤੋਂ ਇਲਾਵਾ ਮੌਜੂਦਾ ਤਿਮਾਹੀ ਵਿੱਚ ਲਗਭਗ 800 ਕਰੋੜ ਰੁਪਏ ਦੇ 30 ਵਾਟਰ ਟ੍ਰੀਟਮੈਂਟ ਪਲਾਂਟ ਵੀ ਅਲਾਟ ਕੀਤੇ ਜਾਣਗੇ।

ਸਰਕਾਰ ਦੀ ਵਚਨਬੱਧਤਾ ’ਤੇ ਜ਼ੋਰ ਦਿੰਦਿਆਂ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ, ਪੰਜਾਬ ਸ਼ਹਿਰੀ ਤਬਦੀਲੀ ਦੇ ਨਵੇਂ ਪੜਾਅ ਦਾ ਸਾਖੀ ਬਣ ਰਿਹਾ ਹੈ। ਵੱਡੇ ਪੱਧਰ ’ਤੇ ਬੁਨਿਆਦੀ ਢਾਂਚੇ ਦੇ ਵਿਕਾਸ ਤੋਂ ਲੈ ਕੇ ਪ੍ਰਵਾਨਗੀਆਂ ਨੂੰ ਸਰਲ ਬਣਾਉਣ ਅਤੇ ਨਾਗਰਿਕ ਸੇਵਾਵਾਂ ਨੂੰ ਬਿਹਤਰ ਬਣਾਉਣ ਤੱਕ ਹਰ ਪਹਿਲ ਸਾਡੇ ਨਾਗਰਿਕਾਂ ਲਈ ਬਿਹਤਰ ਸਹੂਲਤਾਂ, ਤੇਜ਼ ਸੇਵਾਵਾਂ ਅਤੇ ਜੀਵਨ ਦੀ ਉੱਚ ਗੁਣਵੱਤਾ ਪ੍ਰਦਾਨ ਕਰਨ ’ਤੇ ਕੇਂਦ੍ਰਿਤ ਹੈ।

# ਕਮਿਸ਼ਨਰ ਜਲੰਧਰ ਮੰਡਲ ਦਫ਼ਤਰ ਵਿਖੇ ਬਣੀ ਕੰਟੀਨ ਦੀ ਬੋਲੀ 15 ਅਪ੍ਰੈਲ ਨੂੰ

**ਜਲੰਧਰ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜਲੰਧਰ, 2 ਅਪ੍ਰੈਲ : ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਦੇ ਦਫ਼ਤਰ ਦੇ ਵਿੱਚ ਬਣੀ ਕੰਟੀਨ (ਕੇਵਲ ਇੱਕ ਕਮਰਾ) ਦੀ ਸਾਲ 2026-27 (ਮਹੀਨਾ ਅਪ੍ਰੈਲ 2026 ਤੋਂ ਮਾਰਚ 2027 ਤੱਕ) ਲਈ ਬੋਲੀ 15 ਅਪ੍ਰੈਲ 2026 ਨੂੰ ਕਮਿਸ਼ਨਰ ਜਲੰਧਰ ਡਵੀਜ਼ਨ ਦੀ ਅਦਾਲਤ ਕਮਰੇ ਦੇ ਬਾਹਰ ਬਾਅਦ ਦੁਪਹਿਰ 3 ਵਜੇ ਹੋਵੇਗੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਹਰ ਬੋਲੀ ਦੇਣ ਵਾਲੇ ਨੂੰ 1000 ਰੁਪਏ ਐਡਵਾਂਸ ਦਫ਼ਤਰ ਦੇ ਨਾਜ਼ਰ ਪਾਸ ਜਮ੍ਹਾ ਕਰਵਾਉਣੇ ਪੈਣਗੇ, ਜੋ ਬੋਲੀ ਦੇਣ ਉਪਰੰਤ ਵਾਪਸ ਕਰ ਦਿੱਤੇ ਜਾਣਗੇ। ਬੋਲੀ ਦੀਆਂ ਸ਼ਰਤਾਂ ਮੌਕੇ ਉਤੇ ਸੁਣਾਈਆਂ ਜਾਣਗੀਆਂ। ਬੁਲਾਰੇ ਨੇ ਅੱਗੇ ਦੱਸਿਆ ਕਿ ਜਿਸ ਵਿਅਕਤੀ ਦੇ ਨਾਮ ਆਖਰੀ ਬੋਲੀ ਹੋਵੇਗੀ, ਉਸ ਨੂੰ ਠੇਕੇ ਦੀ ਕੁੱਲ ਬੋਲੀ ਦਾ 1/4 ਹਿੱਸਾ ਮੌਕੇ ’ਤੇ ਜਮ੍ਹਾ ਕਰਵਾਉਣਾ ਪਵੇਗਾ ਤੇ ਬਾਕੀ ਰਕਮ ਇੱਕ ਮਹੀਨੇ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਪਵੇਗੀ। ਬੋਲੀ ਨੂੰ ਪੱਕਾ ਕਰਨ ਅਤੇ ਉਸ ਨੂੰ ਰੱਦ ਕਰਨ ਦਾ ਅਧਿਕਾਰ ਕੇਵਲ ਕਮਿਸ਼ਨਰ ਪਾਸ ਹੈ। ਉਨ੍ਹਾਂ ਦਾ ਇਸ ਬਾਰੇ ਜੋ ਫੈਸਲਾ ਹੋਵੇਗਾ, ਉਹ ਅੰਤਿਮ ਹੋਵੇਗਾ।.

# ਈਰਾਨ ਬਾਰੇ Modi ਅਤੇ Trump ਦੀ ਗੱਲਬਾਤ 'ਚ Musk ਵੀ ਸੀ ਸ਼ਾਮਿਲ



ਨਿਊ ਯੌਰਕ: ਈਲੌਨ ਮਸਕ ਨੇ ਡੌਨਲਡ ਟਰੰਪ ਅਤੇ ਨਰੇਂਦਰ ਮੋਦੀ ਵਿਚਕਾਰ ਇੱਕ ਮਹੱਤਵਪੂਰਣ ਫ਼ੋਨ ਕਾਲ 'ਚ ਹਿੱਸਾ ਲਿਆ ਸੀ। ਇਹ ਜਾਣਕਾਰੀ The New York Times ਦੀ ਇੱਕ ਰਿਪੋਰਟ 'ਚ ਸਾਹਮਣੇ ਆਈ ਹੈ। ਈਰਾਨ ਨਾਲ ਜੁੜੇ ਟਕਰਾਅ ਦੇ ਵਿਚਕਾਰ ਦੋ ਦੇਸ਼ਾਂ ਦੇ ਚੋਟੀ ਦੇ ਆਗੂਆਂ ਵਿਚਕਾਰ ਗੱਲਬਾਤ 'ਚ ਇੱਕ ਨਿੱਜੀ ਵਿਅਕਤੀ ਦੀ ਸ਼ਮੂਲੀਅਤ ਨੂੰ ਕੂਟਨੀਤਕ ਰਵਾਇਤਾਂ ਤੋਂ ਹਟ ਕੇ ਮੰਨਿਆ ਜਾ ਰਿਹਾ ਹੈ।

ਰਿਪੋਰਟ ਅਨੁਸਾਰ ਈਲੌਨ ਮਸਕ ਨੇ ਰਾਸ਼ਟਰਪਤੀ ਟਰੰਪ ਅਤੇ ਪ੍ਰਧਾਨ ਮੰਤਰੀ ਮੋਦੀ ਨਾਲ ਇੱਕ ਫ਼ੋਨ ਕਾਲ 'ਚ ਹਿੱਸਾ ਲਿਆ, ਇੱਕ ਸੰਵੇਦਨਸ਼ੀਲ, ਯੁੱਧ ਵਰਗੇ ਸਮੇਂ ਦੌਰਾਨ ਦੋ ਰਾਜਾਂ ਦੇ ਮੁੱਖੀਆਂ ਵਿਚਕਾਰ ਗੱਲਬਾਤ 'ਚ ਇੱਕ ਨਿੱਜੀ ਨਾਗਰਿਕ ਲਈ ਇਹ ਇੱਕ ਅਸਾਧਾਰਣ ਮੌਜੂਦਗੀ ਸੀ। ਮਸਕ ਦੀ ਮੌਜੂਦਗੀ ਨੇ ਵੀ ਚਰਚਾ ਛੇੜ ਦਿੱਤੀ ਹੈ ਕਿਉਂਕਿ ਉਸ ਕੋਲ ਕੋਈ ਅਧਿਕਾਰਿਤ ਸਰਕਾਰੀ ਅਹੁਦਾ ਨਹੀਂ ਜਦੋਂਕਿ ਗੱਲਬਾਤ ਅਜਿਹੇ ਸਮੇਂ ਹੋਈ ਜਦੋਂ ਮੱਧ ਪੂਰਬ 'ਚ ਤਨਾਅ ਆਪਣੇ ਸਿਖਰ 'ਤੇ ਹੈ।

ਰਿਪੋਰਟ ਅਨੁਸਾਰ ਕਾਲ ਮੱਧ ਪੂਰਬ 'ਚ ਵਧਦੇ ਸੰਕਟ 'ਤੇ ਕੇਂਦ੍ਰਿਤ ਸੀ, ਖ਼ਾਸ ਤੌਰ 'ਤੇ ਹੌਰਮੂਜ਼ ਜਲਡਮਰੂ ਬਾਰੇ ਚਿੰਤਾ ਪ੍ਰਗਟ ਕੀਤੀ ਗਈ ਸੀ। ਇਹ ਇੱਕ ਮਹੱਤਵਪੂਰਣ ਗਲੋਬਲ ਊਰਜਾ ਧਮਣੀ ਹੈ ਜਿਸ 'ਚੋਂ ਦੁਨੀਆਂ ਦੀ ਤੇਲ ਅਤੇ ਗੈਸ ਸਪਲਾਈ ਦਾ ਇੱਕ ਮਹੱਤਵਪੂਰਣ ਹਿੱਸਾ ਲੰਘਦਾ ਹੈ। ਹਾਲਾਂਕਿ ਇਹ ਸਪੱਸ਼ਟ ਨਹੀਂ ਕਿ ਮਸਕ ਨੂੰ ਕਾਲ 'ਚ ਕਿਓਂ ਸ਼ਾਮਿਲ ਕੀਤਾ ਗਿਆ ਸੀ, ਜਾਂ ਕੀ ਉਸ ਨੇ ਚਰਚਾ 'ਚ ਸਰਗਰਮੀ ਨਾਲ ਹਿੱਸਾ ਲਿਆ ਜਾਂ ਨਹੀਂ।

ਅਮਰੀਕੀ ਅਧਿਕਾਰੀਆਂ ਦਾ ਹਵਾਲਾ ਦਿੰਦੇ ਹੋਏ ਰਿਪੋਰਟ ਸੁਝਾਅ ਦਿੰਦੀ ਹੈ ਕਿ ਮਸਕ ਦੀ ਮੌਜੂਦਗੀ ਰਾਸ਼ਟਰਪਤੀ ਟਰੰਪ ਨਾਲ ਉਸ ਦੇ ਸਬੰਧਾਂ 'ਚ ਸੁਧਾਰ ਦਾ ਸੰਕੇਤ ਦੇ ਸਕਦੀ ਹੈ ਕਿਉਂਕਿ ਪਿਛਲੇ ਸਾਲ ਦੋਵਾਂ ਵਿਚਕਾਰ ਟਕਰਾਅ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਸਨ। ਮਸਕ ਦੇ ਵਪਾਰਕ ਹਿੱਤ ਸਪੇਸ, ਊਰਜਾ ਆਦਿ ਖੇਤਰਾਂ ਨਾਲ ਜੁੜੇ ਹਨ। ਜਿਹੜੇ ਇਸ ਸੰਕਟ ਨਾਲ ਸਿੱਧੇ ਤੌਰ 'ਤੇ ਪ੍ਰਭਾਵਿਤ ਹੋ ਰਹੇ ਹਨ, ਉਨ੍ਹਾਂ 'ਚ ਖਾੜੀ ਖੇਤਰ ਅਤੇ ਭਾਰਤ ਸ਼ਾਮਿਲ ਹਨ। ਇਸ ਤੋਂ ਇਲਾਵਾ ਮਸਕ ਭਾਰਤ 'ਚ ਆਪਣੇ ਵਪਾਰਕ ਕਾਰਜਾਂ ਦਾ ਵਿਸਥਾਰ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ ਜਿੱਥੇ ਸੈਟੇਲਾਈਟ ਇੰਟਰਨੈਟ ਵਰਗੀਆਂ ਸੇਵਾਵਾਂ ਲਈ ਰੈਗੂਲੇਟਰੀ ਪ੍ਰਵਾਨਗੀਆਂ ਇਸ ਸਮੇਂ ਲੰਬਿਤ ਹਨ।

**ਹੌਰਮੂਜ਼ ਸਟ੍ਰੇਟ ਨੂੰ ਖੁੱਲ੍ਹਾ ਰੱਖਣਾ ਕਿਉਂ ਜ਼ਰੂਰੀ?** ਨੇਤਾਵਾਂ ਦੀ ਗੱਲਬਾਤ ਦਾ ਮੁੱਖ ਧਿਆਨ ਹੌਰਮੂਜ਼ ਸਟ੍ਰੇਟ 'ਚ ਸਥਿਰਤਾ ਬਣਾਈ ਰੱਖਣਾ ਸੀ। ਪ੍ਰਧਾਨ ਮੰਤਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਮਹੱਤਵਪੂਰਣ ਜਲ ਮਾਰਗ ਨੂੰ ਖੁੱਲ੍ਹਾ, ਸੁਰੱਖਿਅਤ ਅਤੇ ਸਾਰਿਆਂ ਲਈ ਪਹੁੰਚਯੋਗ ਰੱਖਣਾ ਪੂਰੀ ਦੁਨੀਆਂ ਲਈ ਜ਼ਰੂਰੀ ਹੈ। ਇਸ ਰਸਤੇ 'ਤੇ ਰੁਕਾਵਟਾਂ ਪੈਦਾ ਹੋਣ ਤੋਂ ਪਹਿਲਾਂ ਹੀ ਵਿਸ਼ਵਵਿਆਪੀ ਊਰਜਾ ਕੀਮਤਾਂ 'ਚ ਤੇਜ਼ੀ ਨਾਲ ਵਾਧਾ ਦੇਖਿਆ ਜਾ ਚੁੱਕਾ ਸੀ ਅਤੇ ਏਸ਼ੀਆ ਦੇ ਕਈ ਹਿੱਸਿਆਂ 'ਚ ਸਪਲਾਈ ਦੀ ਕਮੀ ਦਾ ਖ਼ਤਰਾ ਤੇਜ਼ ਹੋ ਗਿਆ ਹੈ।

The New York Times ਨੇ ਇਹ ਵੀ ਨੋਟ ਕੀਤਾ ਕਿ ਨਿੱਜੀ ਨਾਗਰਿਕਾਂ ਨੂੰ ਆਮ ਤੌਰ 'ਤੇ ਰਾਜਾਂ ਦੇ ਮੁੱਖੀਆਂ ਵਿਚਕਾਰ ਗੱਲਬਾਤ 'ਚ ਸ਼ਾਮਿਲ ਨਹੀਂ ਕੀਤਾ ਜਾਂਦਾ ਕਿਉਂਕਿ ਅਜਿਹੀਆਂ ਚਰਚਾਵਾਂ 'ਚ ਰਾਸ਼ਟਰੀ ਸੁਰੱਖਿਆ ਨਾਲ ਸਬੰਧਤ ਸੰਵੇਦਨਸ਼ੀਲ ਮੁੱਦੇ ਸ਼ਾਮਿਲ ਹੁੰਦੇ ਹਨ। ਇਸ ਕਾਲ ਦੇ ਅਧਿਕਾਰਿਤ ਰੀਡਆਊਟ 'ਚ ਨਾ ਤਾਂ ਵ੍ਹਾਈਟ ਹਾਊਸ ਅਤੇ ਨਾ ਹੀ ਭਾਰਤੀ ਅਧਿਕਾਰੀਆਂ ਨੇ ਮਸਕ ਦੀ ਮੌਜੂਦਗੀ ਦਾ ਕੋਈ ਜ਼ਿਕਰ ਕੀਤਾ। ਵ੍ਹਾਈਟ ਹਾਊਸ ਨੇ ਇਸ ਮਾਮਲੇ 'ਤੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ ਜਦੋਂ ਕਿ ਮਸਕ ਨੇ ਵੀ ਕੋਈ ਜਵਾਬ ਨਹੀਂ ਦਿੱਤਾ। ਘਟਨਾਵਾਂ ਦੇ ਇਸ ਪੂਰੇ ਕ੍ਰਮ ਨੇ ਕੂਟਨੀਤਕ ਪ੍ਰੋਟੋਕੋਲ ਅਤੇ ਪਾਰਦਰਸ਼ਤਾ ਸੰਬੰਧੀ ਕਈ ਨਵੇਂ ਸਵਾਲ ਖੜ੍ਹੇ ਕੀਤੇ ਹਨ।

# ਈਰਾਨ ਨੇ FBI ਡਾਇਰੈਕਟਰ ਦੀ ਨਿੱਜੀ ਈ-ਮੇਲ ਕੀਤੀ ਹੈਕ





ਵਾਸ਼ਿੰਗਟਨ: US ਦੀ ਚੋਟੀ ਦੀ ਸੁਰੱਖਿਆ ਏਜੰਸੀ ਫ਼ੈਡਰਲ ਬਿਊਰੋ ਔਫ਼ ਇਨਵੈਸਟੀਗੇਸ਼ਨ (FBI) ਦੇ ਡਾਇਰੈਕਟਰ ਕਾਸ਼ ਪਟੇਲ ਦੀ ਸੁਰੱਖਿਆ 'ਚ ਇੱਕ ਵੱਡੀ ਸੰਨ੍ਹ ਲੱਗਣ ਦਾ ਮਾਮਲਾ ਸਾਹਮਣੇ ਆਇਆ ਹੈ।

ਈਰਾਨ ਨਾਲ ਕਥਿਤ ਸਬੰਧ ਰੱਖਣ ਵਾਲੇ ਸਾਈਬਰ ਅਪਰਾਧੀਆਂ ਨੇ ਕਾਸ਼ ਪਟੇਲ ਦੇ ਨਿੱਜੀ ਈ-ਮੇਲ ਖਾਤੇ 'ਚ ਘੁਸਪੈਠ ਕੀਤੀ, ਅਤੇ ਉਨ੍ਹਾਂ ਦਾ ਨਿੱਜੀ ਡੇਟਾ ਲੀਕ ਕਰ ਦਿੱਤਾ।

ਹੰਡਾਲਾ ਹੈਕ-ਟੀਮ ਨਾਮਕ ਹੈਕਰਾਂ ਦੇ ਇੱਕ ਸਮੂਹ ਨੇ ਇਸ ਹੈਕਿੰਗ ਦੀ ਜ਼ਿੰਮੇਵਾਰੀ ਲਈ ਹੈ। ਆਪਣੇ ਦਾਅਵੇ ਨੂੰ ਸਾਬਿਤ ਕਰਨ ਲਈ ਸਮੂਹ ਨੇ ਇੰਟਰਨੈੱਟ 'ਤੇ FBI ਡਾਇਰੈਕਟਰ ਦੀਆਂ ਤਸਵੀਰਾਂ ਅਤੇ ਉਨ੍ਹਾਂ ਦਾ ਨਿੱਜੀ ਰੈਜ਼ਮੇ ਜਨਤਕ ਕਰ ਦਿੱਤਾ ਹੈ ਜਿਸ 'ਚ ਉਨ੍ਹਾਂ ਦਾ ਨਿੱਜੀ ਈ-ਮੇਲ ਪਤਾ ਵੀ ਦਿਖਾਈ ਦੇ ਰਿਹਾ ਹੈ।

ਇਸ ਸਾਈਬਰ ਹਮਲੇ ਦਾ ਸਮਾਂ ਕਾਫ਼ੀ ਅਹਿਮ ਮੰਨਿਆ ਜਾ ਰਿਹਾ ਹੈ। ਇਹ ਹਮਲਾ ਅਮਰੀਕੀ ਨਿਆਂ ਵਿਭਾਗ ਵਲੋਂ ਹੰਡਾਲਾ ਗਰੁੱਪ ਨਾਲ ਜੁੜੇ ਚਾਰ ਡਿਜੀਟਲ ਡੋਮੇਨਾਂ ਨੂੰ ਜ਼ਬਤ ਕਰਨ ਤੋਂ ਤੁਰੰਤ ਬਾਅਦ ਕੀਤਾ ਗਿਆ ਹੈ। ਹੈਕਰਾਂ ਨੇ ਸੋਸ਼ਲ ਮੀਡੀਆ 'ਤੇ ਪੋਸਟ ਕਰਦਿਆਂ ਅਮਰੀਕੀ ਸਰਕਾਰ ਦੀ ਕਾਰਵਾਈ ਦਾ ਮਜ਼ਾਕ ਉਡਾਇਆ ਅਤੇ ਲਿਖਿਆ, "ਅਸੀਂ ਇਸ ਹਾਸੋਹੀਣੇ ਸ਼ੋਅ ਦਾ ਜਵਾਬ ਅਜਿਹੇ ਤਰੀਕੇ ਨਾਲ ਦੇਣ ਦਾ ਫ਼ੈਸਲਾ ਕੀਤਾ ਹੈ ਜਿਸ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।" ਹੈਕਰਾਂ ਨੇ ਅੱਗੇ ਕਿਹਾ ਕਿ FBI ਦੇ ਅਖੌਤੀ ਅਭੇਦ ਸਿਸਟਮ ਨੂੰ ਉਨ੍ਹਾਂ ਦੀ ਟੀਮ ਨੇ ਕੁੱਝ ਹੀ ਘੰਟਿਆਂ 'ਚ ਗੋਡਿਆਂ ਭਾਰ ਕਰ ਦਿੱਤਾ।

ਜ਼ਿਕਰਯੋਗ ਹੈ ਕਿ ਹੰਡਾਲਾ ਗਰੁੱਪ ਪਹਿਲਾਂ ਵੀ ਕਈ ਵੱਡੇ ਸਾਈਬਰ ਹਮਲਿਆਂ 'ਚ ਸ਼ਾਮਿਲ ਰਿਹਾ ਹੈ। ਜਾਂਚਕਰਤਾਵਾਂ ਅਨੁਸਾਰ, ਇਸ ਸਮੂਹ ਨੇ ਇਜ਼ਰਾਇਲੀ ਸਰਕਾਰ ਅਤੇ ਇਜ਼ਰਾਇਲ ਰੱਖਿਆ ਬਲਾਂ ਨਾਲ ਜੁੜੇ ਲਗਭਗ 190 ਲੋਕਾਂ ਦਾ ਸੰਵੇਦਨਸ਼ੀਲ ਡੇਟਾ ਲੀਕ ਕੀਤਾ ਸੀ। ਅਮਰੀਕਾ ਸਥਿਤ ਇੱਕ ਬਹੁ-ਰਾਸ਼ਟਰੀ ਮੈਡੀਕਲ ਟੈਕਨੋਲੋਜੀ ਕੰਪਨੀ 'ਤੇ ਮਾਲਵੇਅਰ ਹਮਲਾ ਕੀਤਾ ਸੀ।

ਫ਼ਿਲਹਾਲ FBI ਦੇ ਬੁਲਾਰੇ ਨੇ ਇਸ ਘਟਨਾ 'ਤੇ ਕੋਈ ਤੁਰੰਤ ਟਿੱਪਣੀ ਨਹੀਂ ਕੀਤੀ, ਪਰ ਮਾਹਿਰਾਂ ਅਨੁਸਾਰ ਇਹ ਘਟਨਾ ਤਹਿਰਾਨ ਨਾਲ ਜੁੜੇ ਹੈਕਰਾਂ ਵਲੋਂ ਵੱਧ ਰਹੇ ਗੰਭੀਰ ਸਾਈਬਰ ਖ਼ਤਰੇ ਨੂੰ ਦਰਸਾਉਂਦੀ ਹੈ।

# House of Commons 'ਚ Anti Hate Bill ਪਾਸ

ਔਟਵਾ: Canadian House of Commons ਨੇ ਇੱਕ ਨਵਾਂ ਵਿਵਾਦਗ੍ਰਸਤ ਬਿੱਲ ਪਾਸ ਕੀਤਾ ਹੈ ਜਿਸ ਨੂੰ ਕੰਬੈਟਿੰਗ ਹੇਟ ਐਕਟ (Bill C-9) ਦਾ ਨਾਂ ਦਿੱਤਾ ਗਿਆ ਹੈ।

ਇਸ ਬਿੱਲ ਦੇ ਪਾਸ ਹੋਣ ਨਾਲ Canada 'ਚ ਧਾਰਮਿਕ ਪ੍ਰਗਟਾਵੇ ਦੀ ਆਜ਼ਾਦੀ ਖ਼ਾਸ ਕਰ ਕੇ ਈਸਾਈ ਭਾਈਚਾਰੇ ਵਲੋਂ ਬਾਈਬਲ ਦੇ ਹਵਾਲੇ ਦੇਣ ਦੀ ਆਜ਼ਾਦੀ 'ਤੇ ਸੰਕਟ ਦੇ ਬੱਦਲ ਛਾ ਗਏ ਹਨ।

ਇਸ ਬਿੱਲ ਨੂੰ ਸੱਤਾਧਾਰੀ ਲਿਬਰਲ ਪਾਰਟੀ ਅਤੇ Bloc Québécois ਦੇ ਸਮਰਥਨ ਨਾਲ 186-137 ਵੋਟਾਂ ਨਾਲ ਪਾਸ ਕੀਤਾ ਗਿਆ। ਦੂਜੇ ਪਾਸੇ ਕੰਜ਼ਰਵੇਟਿਵ, ਨਿਊ ਡੈਮੋਕ੍ਰੇਟਿਕ ਪਾਰਟੀ ਅਤੇ ਗ੍ਰੀਨ ਪਾਰਟੀ ਦੇ ਸੰਸਦ ਮੈਂਬਰਾਂ ਨੇ ਇਸ ਦੇ ਵਿਰੁੱਧ ਇਕਜੁਟਤਾ ਦਿਖਾਈ, ਪਰ ਉਹ ਇਸ ਨੂੰ ਪਾਸ ਹੋਣ ਤੋਂ ਨਹੀਂ ਰੋਕ ਸਕੇ। ਹੁਣ ਇਹ ਬਿੱਲ ਸਮੀਖਿਆ ਲਈ ਸੈਨੇਟ ਕੋਲ ਭੇਜਿਆ ਜਾਵੇਗਾ।



ਇਹ ਨਵਾਂ ਕਾਨੂੰਨ Canada ਦੇ ਅਪਰਾਧਕ ਕੋਡ 'ਚ ਸੋਧ ਕਰਦਾ ਹੈ। ਸਰਕਾਰ ਦਾ ਦਾਅਵਾ ਹੈ ਕਿ ਇਸ ਦਾ ਉਦੇਸ਼ ਧਾਰਮਿਕ ਤੇ ਸਭਿਆਚਾਰਕ ਸਥਾਨਾਂ ਦੀ ਬਿਹਤਰ ਸੁਰੱਖਿਆ ਕਰਨਾ ਤੇ ਨਫ਼ਰਤ ਭਰੇ ਅਪਰਾਧਾਂ ਨੂੰ ਨੱਥ ਪਾਉਣਾ ਹੈ। ਹਾਲਾਂਕਿ ਇਸ ਬਿੱਲ ਦੀ ਸਭ ਤੋਂ ਵੱਧ ਆਲੋਚਨਾ ਇਸ ਲਈ ਹੋ ਰਹੀ ਹੈ ਕਿਉਂਕਿ ਇਹ ਧਾਰਮਿਕ ਗ੍ਰੰਥਾਂ ਜਾਂ ਵਿਸ਼ਿਆਂ ਦੇ ਆਧਾਰ 'ਤੇ ਦਿੱਤੇ ਗਏ ਵਿਚਾਰਾਂ ਨੂੰ Hate Speech (ਨਫ਼ਰਤ ਭਰੇ ਭਾਸ਼ਣ) ਦੇ ਦੋਸ਼ਾਂ ਤੋਂ ਮਿਲਦੀ ਕਾਨੂੰਨੀ ਸੁਰੱਖਿਆ ਨੂੰ ਖ਼ਤਮ ਕਰਦਾ ਹੈ।

ਰਿਪੋਰਟਾਂ ਅਨੁਸਾਰ ਇਸ ਬਿੱਲ ਦੇ ਲਾਗੂ ਹੋਣ ਤੋਂ ਬਾਅਦ ਸਮਲਿੰਗਤਾ ਅਤੇ ਲਿੰਗ ਵਰਗੇ ਮੁੱਦਿਆਂ 'ਤੇ ਧਾਰਮਿਕ ਪਾਠਾਂ ਜਾਂ ਬਾਈਬਲ ਦੇ ਹਵਾਲੇ ਦੇਣ ਨੂੰ ਅਪਰਾਧ ਮੰਨਿਆ ਜਾ ਸਕਦਾ ਹੈ। ਕੰਜ਼ਰਵੇਟਿਵ ਪਾਰਟੀ ਨੇ ਬਿੱਲ ਦੀ ਸ਼ਬਦਾਵਲੀ 'ਚ ਸੋਧ ਕਰਨ ਦੀ ਕੋਸ਼ਿਸ਼ ਕੀਤੀ ਸੀ, ਪਰ ਲਿਬਰਲ ਸੰਸਦ ਮੈਂਬਰਾਂ ਨੇ ਕਮੇਟੀ ਪੱਧਰ 'ਤੇ ਬਹਿਸ ਨੂੰ ਰੋਕ ਕੇ ਇਸ ਨੂੰ ਅੱਗੇ ਵਧਾ ਦਿੱਤਾ।

ਇਸ ਕਦਮ ਨਾਲ Canada 'ਚ ਪ੍ਰਗਟਾਵੇ ਦੀ ਆਜ਼ਾਦੀ ਅਤੇ ਧਾਰਮਿਕ ਵਿਸ਼ਵਾਸਾਂ ਨੂੰ ਲੈ ਕੇ ਇੱਕ ਨਵੀਂ ਕਾਨੂੰਨੀ ਅਤੇ ਸਿਆਸੀ ਬਹਿਸ ਛਿੜ ਗਈ ਹੈ।

# ਭਾਰਤ 'ਚ 2023 'ਚ ਹਰ ਇੱਕ ਲੱਖ ਜਨਮਾਂ ਪਿੱਛੇ 24, 700 ਔਰਤਾਂ ਦੀ ਮੌਤ



ਨਵੀਂ ਦਿੱਲੀ: ਭਾਰਤ 'ਚ 2023 ਦੌਰਾਨ ਜਣੇਪੇ ਦੌਰਾਨ ਔਰਤਾਂ ਦੀਆਂ ਮੌਤਾਂ ਦੀ ਗਿਣਤੀ ਚਿੰਤਾਜਨਕ ਰਹੀ। ਲੈਂਸੈਟ ਜਰਨਲ 'ਚ ਪ੍ਰਕਾਸ਼ਿਤ ਇੱਕ ਆਲਮੀ ਵਿਸ਼ਲੇਸ਼ਣ ਮੁਤਾਬਿਕ ਦੇਸ਼ 'ਚ ਇੱਕ ਲੱਖ ਜੰਮਿਆਂ ਬੱਚਿਆਂ ਮਗਰੋਂ 24, 700 ਮਾਤਾਵਾਂ ਦੀ ਮੌਤ ਹੋਈ। ਇਹ ਅੰਕੜੇ ਦਖਣੀ ਏਸ਼ੀਆ ਅਤੇ ਸਹਾਰਾ-ਪਾਰ ਅਫ਼ਰੀਕੀ ਦੇਸ਼ਾਂ 'ਚ ਸੱਭ ਤੋਂ ਵੱਧ ਹਨ। ਇੰਸਟੀਟਿਊਟ ਫ਼ੌਰ ਹੈੱਲਥ ਮੈਟਰਿਕਸ ਐਂਡ ਇਵੈਲੂਏਸ਼ਨ (HIME), ਯੂਨੀਵਰਸਿਟੀ ਔਫ਼ ਵਾਸ਼ਿੰਗਟਨ ਦੇ ਖੋਜਕਰਤਿਆਂ ਨੇ ਕਿਹਾ, "ਪਿਛਲੇ ਤਿੰਨ ਦਹਾਕਿਆਂ 'ਚ ਮਾਤਾ ਮੌਤਾਂ ਘਟੀਆਂ ਹਨ, ਪਰ ਹਾਲੀਆ ਸਾਲਾਂ 'ਚ ਤਰੱਕੀ ਧੀਮੀ ਹੋ ਗਈ ਹੈ।"

ਰਿਪੋਰਟ 'ਚ ਦਰਸਾਇਆ ਗਿਆ ਕਿ 2023 'ਚ ਦੁਨੀਆਂ ਭਰ 'ਚ ਕੁਲ 2.4 ਲੱਖ ਮਾਤਾਵਾਂ ਦੀਆਂ ਮੌਤਾਂ ਹੋਈਆਂ। ਮੁੱਖ ਕਾਰਣਾਂ 'ਚ ਗਰਭ ਅਵਸਥਾ ਦੌਰਾਨ ਖ਼ੂਨ ਵਗਣਾ ਅਤੇ ਉੱਚ ਬਲੱਡ ਪ੍ਰੈਸ਼ਰ ਸੰਬੰਧੀ ਸਮੱਸਿਆਵਾਂ ਸ਼ਾਮਿਲ ਹਨ। ਮਾਹਿਰ ਮੰਨਦੇ ਹਨ ਕਿ ਜੇਕਰ ਗਰਭ-ਪੂਰਵ ਜਾਂਚ, ਸੁਰੱਖਿਅਤ ਡਲਿਵਰੀ ਸੇਵਾਵਾਂ ਅਤੇ ਐਮਰਜੈਂਸੀ ਇਲਾਜ ਦੀ ਪਹੁੰਚ ਵਧਾਈ ਜਾਵੇ ਤਾਂ ਮੌਤਾਂ 'ਚ ਵੱਡੀ ਕਮੀ ਆ ਸਕਦੀ ਹੈ। ਸੰਯੁਕਤ ਰਾਸ਼ਟਰ ਦੇ ਟਿਕਾਊ ਵਿਕਾਸ ਲਕਸ਼ (SDG) ਅਨੁਸਾਰ 70 ਤੋਂ ਘੱਟ ਮੌਤਾਂ ਪ੍ਰਤੀ ਲੱਖ ਜੰਮਿਆਂ ਬੱਚਿਆਂ ਦਾ ਟੀਚਾ ਅਜੇ ਵੀ 104 ਦੇਸ਼ਾਂ ਲਈ ਦੂਰ ਹੈ।

# ਨਿਊ ਜ਼ੀਲੈਂਡ ਦੇ ਸਭ ਤੋਂ ਵੱਡੇ ਡਰੱਗ ਰੈਕੇਟ 'ਚ ਸ਼ਹੀਦ ਸਤਵੰਤ ਸਿੰਘ ਦੇ ਭਤੀਜੇ ਨੂੰ 22 ਸਾਲ ਕੈਦ



ਓਕਲੈਂਡ: ਨਿਊ ਜ਼ੀਲੈਂਡ ਦੇ ਸਭ ਤੋਂ ਵੱਡੇ ਮੀਡੀਆ ਅਦਾਰੇ ਸਟੱਫ਼ ਨੇ ਦੇਸ਼ ਦੇ ਇਤਿਹਾਸ ਦੇ ਸਭ ਤੋਂ ਵੱਡੇ ਡਰੱਗ ਰੈਕੇਟ 'ਚ ਸ਼ਾਮਿਲ ਮੁੱਖ ਮੁਲਜ਼ਮ ਦੇ ਨਾਂ ਤੋਂ ਪਰਦਾ ਹਟਾ ਦਿੱਤਾ ਹੈ ਜਿਸ ਦੀ ਪਛਾਣ ਭਾਰਤ ਦੀ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦਾ ਕਤਲ ਕਰਨ ਵਾਲੇ ਯੋਧੇ ਸਤਵੰਤ ਸਿੰਘ ਦੇ ਭਤੀਜੇ ਬਲਤੇਜ ਸਿੰਘ ਵਜੋਂ ਹੋਈ ਹੈ। ਨਿਊ ਜ਼ੀਲੈਂਡ ਦੀ ਅਦਾਲਤ ਵਲੋਂ ਲਗਾਈ ਗਈ ਨਾਂ ਨਾ ਛਾਪਣ ਦੀ ਪਾਬੰਦੀ ਹੱਟਣ ਤੋਂ ਬਾਅਦ ਇਹ ਜਾਣਕਾਰੀ ਪਹਿਲੀ ਵਾਰ ਜਨਤਕ ਹੋਈ ਹੈ।

ਬਲਤੇਜ ਸਿੰਘ ਨੂੰ ਨਿਊ ਜ਼ੀਲੈਂਡ 'ਚ 700 ਕਿਲੋਗ੍ਰਾਮ ਤੋਂ ਵੱਧ ਮੈਥਮਫ਼ੈਟਾਮੀਨ ਦੀ ਤਸਕਰੀ ਕਰਨ ਦੇ ਦੋਸ਼ 'ਚ 22 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਹੈ। ਇਸ ਨਸ਼ੇ ਦੀ ਕੀਮਤ ਲਗਭਗ 180 ਕਰੋੜ ਰੁਪਏ (36 ਮਿਲੀਅਨ ਨਿਊ ਜ਼ੀਲੈਂਡ ਡਾਲਰ) ਦੱਸੀ ਗਈ ਹੈ। ਬਲਤੇਜ ਦੇ ਵਕੀਲ ਨੇ ਅਦਾਲਤ 'ਚ ਦਲੀਲ ਦਿੱਤੀ ਸੀ ਕਿ ਉਸ ਦਾ ਨਾਂ ਜਨਤਕ ਹੋਣ ਨਾਲ ਉਸ ਦੇ ਪਰਿਵਾਰ ਨੂੰ ਖ਼ਤਰਾ ਹੋ ਸਕਦਾ ਹੈ, ਪਰ ਭਾਰਤੀ ਅਤੇ ਕੈਨੇਡੀਅਨ ਮੀਡੀਆ 'ਚ ਉਸ ਦਾ ਨਾਮ ਪਹਿਲਾਂ ਹੀ ਸਾਹਮਣੇ ਆ ਜਾਣ ਕਾਰਨ ਨਿਊ ਜ਼ੀਲੈਂਡ ਦੀ ਅਦਾਲਤ ਨੇ ਇਹ ਪਾਬੰਦੀ ਹਟਾ ਦਿੱਤੀ ਹੈ।

ਇਸ ਵੱਡੇ ਡਰੱਗ ਰੈਕੇਟ ਵਲੋਂ ਤਸਕਰੀ ਲਈ ਬਹੁਤ ਹੀ ਸ਼ਾਤਿਰ ਤਰੀਕਾ ਅਪਨਾਇਆ ਗਿਆ ਸੀ। ਲਿਕੁਇਡ ਮੈਥਮਫ਼ੈਟਾਮੀਨ ਨੂੰ ਕੈਨੇਡੀਅਨ ਬੀਅਰ ਦੇ ਕੈਨਾਂ, ਭਾਰਤ ਤੋਂ ਆਏ ਨਾਰੀਅਲ ਪਾਣੀ ਅਤੇ ਅਮਰੀਕਾ ਤੋਂ ਆਈ ਕੋਮਬੂਚਾ ਡਰਿੰਕ ਦੀਆਂ ਬੋਤਲਾਂ 'ਚ ਛੁਪਾ ਕੇ ਮੰਗਵਾਇਆ ਜਾਂਦਾ ਸੀ। ਇਸ ਰੈਕੇਟ ਦਾ ਪਰਦਾਫ਼ਾਸ਼ ਮਾਰਚ 2023 'ਚ ਓਦੋਂ ਹੋਇਆ ਸੀ ਜਦੋਂ ਇੱਕ 21 ਸਾਲਾ ਨੌਜਵਾਨ ਦੀ ਨਸ਼ੇ ਵਾਲੀ ਬੀਅਰ ਪੀਣ ਨਾਲ ਮੌਤ ਹੋ ਗਈ ਸੀ। ਉਸ ਤੋਂ ਬਾਅਦ ਜਾਂਚ ਕਰਦਿਆਂ ਪੁਲੀਸ ਔਕਲੈਂਡ ਦੇ ਉਸ ਗੋਦਾਮ ਤਕ ਪਹੁੰਚੀ ਜਿੱਥੇ ਬਲਤੇਜ ਸਿੰਘ ਨੇ ਇਹ ਖੇਪ ਲੁਕਾਈ ਸੀ। ਜ਼ਿਕਰਯੋਗ ਹੈ ਕਿ ਬਲਤੇਜ ਸਿੰਘ ਸ਼ਹੀਦ ਸਤਵੰਤ ਸਿੰਘ ਦਾ ਭਤੀਜਾ ਹੈ ਜੋ 1984 'ਚ ਔਪ੍ਰੇਸ਼ਨ ਬਲੂ ਸਟਾਰ ਤੋਂ ਬਾਅਦ ਇੰਦਰਾ ਗਾਂਧੀ ਦੇ ਕਤਲ 'ਚ ਸ਼ਾਮਿਲ ਦੋ ਬਾਡੀਗਾਰਡਾਂ 'ਚੋਂ ਇੱਕ ਸੀ। ਸਤਵੰਤ ਸਿੰਘ ਦਾ ਪਰਿਵਾਰ ਬਾਅਦ 'ਚ ਨਿਊ ਜ਼ੀਲੈਂਡ ਚਲਾ ਗਿਆ ਸੀ ਜਿੱਥੇ ਉਹ ਔਕਲੈਂਡ 'ਚ ਗਰੌਸਰੀ ਦਾ ਕਾਰੋਬਾਰ ਕਰਦੇ ਸਨ। ਪੁਲੀਸ ਅਨੁਸਾਰ ਬਲਤੇਜ ਨੇ ਇਸ ਕਾਰੋਬਾਰ ਦੇ ਪਰਦੇ ਹੇਠ ਨਸ਼ਿਆਂ ਦਾ ਇੱਕ ਵੱਡਾ ਨੈੱਟਵਰਕ ਖੜ੍ਹਾ ਕਰ ਲਿਆ ਸੀ।

# ਜੰਗ ਕਾਰਨ ਪੰਜਾਬ 'ਚ ਸਿਰੋਪਾਓ ਪ੍ਰੰਪਰਾ ਸੰਕਟ 'ਚ

ਅੰਮ੍ਰਿਤਸਰ: ਪਛਮੀ ਏਸ਼ੀਆ 'ਚ ਚਲ ਰਹੇ ਅਮਰੀਕਾ-ਇਜ਼ਰਾਇਲ ਅਤੇ ਈਰਾਨ ਵਿਚਕਾਰ ਸੰਘਰਸ਼ ਦਾ ਅਸਰ ਹੁਣ ਲਗਭਗ ਦੁਨੀਆਂ ਭਰ ਦੇ ਹਰ ਖੇਤਰ 'ਤੇ ਪੈਣਾ ਸ਼ੁਰੂ ਹੋ ਗਿਆ ਹੈ। ਇਸ ਕਾਰਨ ਇੱਕ ਪੁਰਾਣੀ ਸਿੱਖ ਧਾਰਮਿਕ ਪ੍ਰੰਪਰਾ ਸਿਰੋਪਾਓ ਦੀ ਭੇਂਟ 'ਚ ਰੁਕਾਵਟ ਆ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (SGPC), ਜੋ ਹਰ ਸਾਲ ਲਗਭਗ ਸੱਤ ਲੱਖ ਮੀਟਰ ਕੱਪੜਾ ਸਿਰੋਪਾਓ ਬਣਾਉਣ ਲਈ ਵਰਤਦੀ ਹੈ, ਨੂੰ ਹੁਣ ਇਸ ਦੀ ਸਪਲਾਈ 'ਚ ਭਾਰੀ ਕਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਕਮੀ ਉਸ ਪੈਟਰੋਲਿਅਮ-ਆਧਾਰਿਤ ਰਸਾਇਣ ਦੀ ਆਮਦ ਰੁਕਣ ਕਾਰਨ ਹੈ ਜੋ ਕੱਪੜੇ ਅਤੇ ਧਾਗੇ ਦੀ ਤਿਆਰੀ ਲਈ ਲਾਜ਼ਮੀ ਹੈ।

ਇਸ ਬਾਰੇ ਮੀਡੀਆ ਨਾਲ ਗੱਲਬਾਤ 'ਚ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਸੰਘਰਸ਼ ਕਾਰਨ ਈਰਾਨ ਅਤੇ ਹੋਰ ਖਾੜੀ ਦੇਸ਼ਾਂ ਤੋਂ ਕਪੜੇ ਨੂੰ ਬਣਾਉਣ ਲਈ ਜ਼ਰੂਰੀ ਰਸਾਇਣਾਂ ਦੀ ਸਪਲਾਈ ਰੁਕ ਗਈ ਹੈ ਜਿਸ ਨਾਲ ਉਤਪਾਦਨ ਬਹੁਤ ਘੱਟ ਗਿਆ ਹੈ। SGPC ਨੂੰ ਇਸ ਸਾਲ ਹੁਣ ਤਕ ਸਿਰਫ਼ 19 ਹਜ਼ਾਰ ਮੀਟਰ ਸਿਰੋਪਾਓ ਦਾ ਕਪੜਾ ਮਿਲਿਆ ਹੈ, ਜਿਸ ਨਾਲ ਸੰਭਾਵੀ ਘਾਟ ਦੀ ਚਿੰਤਾ ਵੱਧ ਗਈ ਹੈ। ਇਸ ਸਥਿਤੀ ਨੂੰ ਦੇਖਦੇ ਹੋਏ SGPC ਨੇ ਆਪਣੇ ਅਧੀਨ ਗੁਰਦੁਆਰਿਆਂ ਨੂੰ ਸਿਰੋਪਿਆਂ ਦੇ ਵਰਤੋਂ 'ਚ ਸੰਜਮ ਵਰਤਣ ਦੀ ਸਲਾਹ ਦਿੱਤੀ ਹੈ।

ਸਿੱਖ ਧਰਮ 'ਚ ਸਿਰੋਪਾਉ ਰਿਵਾਇਤੀ ਤੌਰ 'ਤੇ ਇਹ ਉਨ੍ਹਾਂ ਵਿਅਕਤੀਆਂ ਨੂੰ ਦਿੱਤਾ ਜਾਂਦਾ ਹੈ ਜਿਨ੍ਹਾਂ ਨੇ ਨਿਸ਼ਕਾਮ ਸੇਵਾ, ਸਿਖ ਧਰਮ ਪ੍ਰਤੀ ਸਮਰਪਣ ਜਾਂ ਕੋਈ ਵਿਸ਼ੇਸ਼ ਪ੍ਰਾਪਤੀ ਹਾਸਿਲ ਕੀਤੀ ਹੋਵੇ। ਸਿਰੋਪਾਓ ਆਮ ਤੌਰ 'ਤੇ 2 ਤੋਂ 2.5 ਮੀਟਰ ਲੰਮਾ ਕੱਪੜੇ ਦਾ ਹੁੰਦਾ ਹੈ ਜੋ ਕੇਸਰੀ ਜਾਂ ਸੰਤਰੀ ਰੰਗ ਦਾ ਹੁੰਦਾ ਹੈ। ਇਹ ਗੁਰੂ ਦੀਆਂ ਅਸੀਸਾਂ ਅਤੇ ਸਿੱਖ ਕੌਮ ਦੀ ਸਾਂਝੀ ਇੱਜ਼ਤ ਦਾ ਪ੍ਰਤੀਕ ਹੈ ਅਤੇ ਇਸ ਨੂੰ ਧਨ-ਦੌਲਤ ਦੀ ਭੇਂਟ ਨਹੀਂ ਮੰਨਿਆ ਜਾਂਦਾ।

# Canada 'ਚ ਗੁਰਦਾਸ ਮਾਨ ਦੇ ਪ੍ਰੋਗਰਾਮਾਂ 'ਤੇ ਵਿਰੋਧ ਦੀਆਂ ਆਵਾਜ਼ਾਂ ਤੇਜ਼



ਡੈਲਟਾ: ਮਸ਼ਹੂਰ ਪੰਜਾਬੀ ਗਾਇਕ ਗੁਰਦਾਸ ਮਾਨ ਦੇ Canada 'ਚ ਹੋਣ ਵਾਲੇ ਪ੍ਰੋਗਰਾਮਾਂ ਨੂੰ ਲੈ ਕੇ ਪੰਜਾਬੀ ਭਾਈਚਾਰੇ ਦੇ ਇੱਕ ਹਿੱਸੇ ਵਲੋਂ ਵਿਰੋਧ ਦੀਆਂ ਆਵਾਜ਼ਾਂ ਉਠਣ ਲੱਗੀਆਂ ਹਨ। ਕੁੱਝ ਸਿੱਖ ਅਤੇ ਪੰਜਾਬੀ ਸੰਗਠਨਾਂ ਨੇ ਪ੍ਰਮੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਲਾਕਾਰ ਦੀ ਚੋਣ ਕਰਦੇ ਸਮੇਂ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਧਿਆਨ 'ਚ ਰੱਖਣ।

ਇਸ ਮਾਮਲੇ ਸਬੰਧੀ ਉੱਘੇ ਸਮਾਜ ਸੇਵੀ ਚਰਨਜੀਤ ਸਿੰਘ ਸੁੱਜੋਂ ਨੇ ਕਿਹਾ ਕਿ ਜਿਨ੍ਹਾਂ ਕਲਾਕਾਰਾਂ ਦੇ ਬਿਆਨਾਂ ਕਾਰਨ ਪਹਿਲਾਂ ਹੀ ਵਿਵਾਦ ਖੜ੍ਹੇ ਹੋ ਚੁੱਕੇ ਹਨ, ਉਨ੍ਹਾਂ ਨੂੰ ਵਿਦੇਸ਼ੀ ਸਟੇਜਾਂ ਦੇਣਾ ਮਾਂ -ਬੋਲੀ ਦੀ ਸੇਵਾ ਦੇ ਦਾਅਵੇ ਨਾਲ ਮੇਲ ਨਹੀਂ ਖਾਂਦਾ। ਉਨ੍ਹਾਂ ਨੇ ਦਾਅਵਾ ਕੀਤਾ ਕਿ ਕਈ ਮੌਕਿਆਂ 'ਤੇ ਕਲਾਕਾਰ ਦੇ ਬਿਆਨਾਂ ਨੇ ਲੋਕਾਂ ਦੇ ਧਾਰਮਿਕ ਅਤੇ ਸਾਂਸਕ੍ਰਿਤਿਕ ਜਜ਼ਬਾਤਾਂ ਨੂੰ ਠੇਸ ਪਹੁੰਚਾਈ ਹੈ। ਜ਼ਿਕਰਯੋਗ ਹੈ ਕਿ Canada ਵਿਚਲੇ ਪ੍ਰੋਗਰਾਮਾਂ ਸਮੇਂ ਗੁਰਦਾਸ ਮਾਨ ਭੱਦੀ ਸ਼ਬਦਾਵਲੀ ਵਰਤਣ ਕਾਰਨ ਚਰਚਾ 'ਚ ਆਏ ਸਨ, ਅਤੇ ਉਨ੍ਹਾਂ ਨੇ ਜਨਤਕ ਮੁਆਫ਼ੀ ਮੰਗ ਕੇ ਮਸਲਾ ਠੰਡੇ ਬਸਤੇ ਪਾਇਆ ਸੀ।

ਯਾਦ ਰਹੇ ਕਿ 2020-21 'ਚ ਕਿਸਾਨ ਅੰਦੋਲਨ ਦੌਰਾਨ ਵੀ ਕੁੱਝ ਥਾਵਾਂ 'ਤੇ ਗਾਇਕ ਖ਼ਿਲਾਫ਼ ਵਿਰੋਧ ਸਾਹਮਣੇ ਆਇਆ ਸੀ ਜਿੱਥੇ ਉਨ੍ਹਾਂ ਨੂੰ ਸਟੇਜ 'ਤੇ ਬੋਲਣ ਤੋਂ ਰੋਕਿਆ ਗਿਆ ਸੀ। ਵਿਰੋਧ ਕਰ ਰਹੀਆਂ ਸੰਸਥਾਵਾਂ ਦਾ ਕਹਿਣਾ ਹੈ ਕਿ ਉਹ ਆਪਣੇ ਅਧਿਕਾਰਾਂ ਅਨੁਸਾਰ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰਨਗੀਆਂ ਅਤੇ ਪ੍ਰਮੋਟਰਾਂ ਨੂੰ ਜਵਾਬਦੇਹ ਬਣਾਉਣ ਦੀ ਕੋਸ਼ਿਸ਼ ਜਾਰੀ ਰੱਖਣਗੀਆਂ। ਦੂਜੇ ਪਾਸੇ ਕੁੱਝ ਲੋਕ ਇਸ ਗੱਲ 'ਤੇ ਵੀ ਜ਼ੋਰ ਦੇ ਰਹੇ ਹਨ ਕਿ ਹਰ ਕਲਾਕਾਰ ਨੂੰ ਆਪਣਾ ਮਤ ਪ੍ਰਗਟ ਕਰਨ ਦਾ ਅਧਿਕਾਰ ਹੈ, ਅਤੇ ਸੰਵਾਦ ਰਾਹੀਂ ਮਸਲਿਆਂ ਦਾ ਹੱਲ ਲੱਭਣਾ ਚਾਹੀਦਾ ਹੈ।

ਫ਼ਿਲਹਾਲ ਇਸ ਮਾਮਲੇ ਨੇ ਵਿਦੇਸ਼ੀ ਪੰਜਾਬੀ ਭਾਈਚਾਰੇ 'ਚ ਚਰਚਾ ਨੂੰ ਤੇਜ਼ ਕਰ ਦਿੱਤਾ ਹੈ, ਅਤੇ ਆਉਣ ਵਾਲੇ ਸਮੇਂ 'ਚ ਇਸ ਦੇ ਹੋਰ ਪ੍ਰਭਾਵ ਦੇਖਣ ਨੂੰ ਮਿਲ ਸਕਦੇ ਹਨ।

# ਗੁਰਭਜਨ ਗਿੱਲ ਦੀ 'ਲੋਰੀ' ਇਕ ਸਦੀਵੀ ਸੁਨੇਹਾ



ਡਾ. ਲਖਵਿੰਦਰ ਜੌਹਲ
ਮੋਬਾਈਲ : 94171-94812

**ਲੋਰੀ ਕਵਿਤਾ 'ਚ ਮਰ ਰਹੀ ਧੀ ਨੂੰ ਪਾਤਰ ਬਣਾ ਕੇ ਉਸਦੀ ਜ਼ੁਬਾਨ ਰਾਹੀਂ ਵਰਤਮਾਨ ਸਮਾਜ ਦੀਆਂ ਕਦਰਾਂ ਕੀਮਤਾਂ ਨੂੰ ਸੂਖ਼ਮ ਭਾਵ ਨਾਲ ਉਜਾਗਰ ਕਰਨਾ ਅਤੇ ਜਾਗਰੂਕਤਾ ਦਾ ਸੰਦੇਸ਼ ਸਿਰਜਣਾ, ਇਸ ਕਵਿਤਾ ਦਾ ਵਡਮੁੱਲਾ ਹਾਸਿਲ ਹੈ।**

ਪੂਰੀ ਦੁਨੀਆ 'ਇਸਤਰੀ ਦਿਵਸ' ਮਨਾ ਰਹੀ ਹੈ। ਇਸਤਰੀਆਂ ਦੇ ਹੱਕਾਂ ਦੀ ਚਰਚਾ ਕਰਦਾ ਸਮਾਜ, ਕੀ ਸੱਚ-ਮੁੱਚ ਗੰਭੀਰ ਹੈ, ਸਮੇਂ ਨੂੰ ਇਸਤਰੀਆਂ ਦੇ ਹੱਕ ਵਿਚ ਬਦਲਣ ਲਈ? ਇਸਤਰੀ ਅਤੇ ਮਰਦ ਨੂੰ ਬਰਾਬਰੀ ਉਤੇ ਖੜੇ ਕਰਨ ਲਈ, ਧੀਆਂ-ਭੈਣਾ, ਮਾਵਾਂ ਅਤੇ ਪਤਨੀਆਂ ਦੇ ਹੱਕ ਦੀ ਚਰਚਾ ਕਰਦੇ ਪਿਓ, ਭਰਾ, ਪੁੱਤਰ ਅਤੇ ਪਤੀ ਆਪਣੇ ਘਰਾਂ ਵਿਚ ਉਨ੍ਹਾਂ ਦੀ ਤਰੱਕੀ ਅਤੇ ਬਰਾਬਰੀ ਬਾਰੇ ਕਿਸ ਤਰ੍ਹਾਂ ਸੋਚਦੇ ਹਨ? ਅਤੇ ਅਜੇਹੀ ਤਰੱਕੀ ਅਤੇ ਬਰਾਬਰੀ ਲਈ ਕੀ ਕੀ ਯਤਨ ਕਰਦੇ ਹਨ? ਇਹ ਸਥਿਤੀ ਗੰਭੀਰ ਸੋਚ ਤੇ ਗਹਿਰ ਸੰਵਾਦ ਦਾ ਵਿਸ਼ਾ ਹੈ।

ਮੇਰੇ ਸਾਹਮਣੇ ਹੈ ਧੀਆਂ ਦੀ ਬੇਜ਼ੁਬਾਨੀ ਨੂੰ ਜ਼ੁਬਾਨ ਦਿੰਦੀ-ਗੁਰਭਜਨ ਗਿੱਲ ਦੀ ਕਵਿਤਾ 'ਲੋਰੀ'। ਇਹ ਕਵਿਤਾ ਮਰਦ ਮਾਨਸਿਕਤਾ ਦੀਆਂ ਉਨ੍ਹਾਂ ਬੇਸ਼ਰਮ ਪਰਤਾਂ ਨੂੰ ਬੇਹੱਦ ਬਰੀਕੀ ਅਤੇ ਬੇਬਾਕੀ ਨਾਲ ਬੇਪਰਦਾ ਕਰਦੀ ਹੈ। ਜਿਹੜੀਆਂ ਸਾਡੇ ਅੰਦਰ ਇਸ ਤਰ੍ਹਾਂ ਘਰ ਕਰ ਚੁੱਕੀਆਂ ਹਨ, ਕਿ ਸਾਨੂੰ ਜਗੀਰੂ ਸੋਚ ਤੋਂ ਆਜ਼ਾਦ ਨਹੀਂ ਹੋਣ ਦਿੰਦੀਆਂ। ਇਸੇ ਸੋਚ ਕਰਕੇ ਇੱਕਵੀਂ ਸਦੀ ਤਕ ਪਹੁੰਚ ਕੇ ਵੀ, ਇਸਤਰੀ ਦਿਵਸਾਂ ਦੀਆਂ ਲੰਮੀਆਂ ਲੜੀਆਂ ਮਨਾ ਕੇ ਵੀ ਨਵੀਂ ਸੋਚ ਦਾ ਢੰਡੋਰਾ ਪਿੱਟ ਕੇ ਵੀ ਸਾਡਾ ਸਮਾਜ ਮਾਦਾ-ਭਰੂਣ ਹੱਤਿਆ ਤੇ ਛੁਟਕਾਰਾ ਨਹੀਂ ਪਾ ਸਕਿਆ।

ਧੀਆਂ ਅਜੇ ਵੀ ਲੋਰੀ ਲਈ ਤਰਸਦੀਆਂ ਹਨ। ਅਜੇ ਵੀ ਘਰਾਂ ਦੇ ਵਿਹੜਿਆਂ ਵਿਚ ਪ੍ਰਵੇਸ਼ ਕਰਦੀਆਂ ਧੀਆਂ ਆਪਣੇ ਨਾਲ ਲੈ ਕੇ ਆਉਂਦੀਆਂ ਹਨ, ਹੰਝੂ ਅਤੇ ਹੇਰਵੇ। ਧੀਆਂ ਜਦੋਂ 'ਅਪਣੇ' ਘਰਾਂ ਤੋਂ 'ਆਪਣੇ' ਘਰਾਂ ਨੂੰ ਤੁਰਦੀਆਂ ਹਨ ਤਾਂ ਉਨ੍ਹਾਂ ਦੇ ਪੱਲੇ ਹੰਝੂਆਂ ਨਾਲ ਭਰੇ ਹੁੰਦੇ ਹਨ। ਦਾਦੀਆਂ, ਨਾਨੀਆਂ ਤੋਂ ਸੁਣੀਆਂ ਚੰਨ-ਤਾਰਿਆਂ ਦੀਆਂ ਲੰਮੀਆਂ ਬਾਤਾਂ ਵਿਚ, ਮਹਿਲਾਂ ਵਾਲੇ ਘਰਾਂ ਮੋਹਰੇ ਰੁਕਦੇ ਰੱਥਾਂ ਵਿਚੋਂ, ਝੁਕੀਆਂ ਨਜ਼ਰਾਂ ਨਾਲ ਆਪਣੀਆਂ ਰੀਝਾਂ ਦੇ ਬਾਗ਼ ਖਿੜਦੇ ਵੇਖਣ ਦੀ ਲਾਲਸਾ ਅਜੇ ਵੀ ਹੰਝੂਆਂ ਵਿਚ ਕਿਉਂ ਵਹਿ ਜਾਂਦੀ ਹੈ। ਇਸ ਦਾ ਜੁਆਬ 'ਲੋਰੀ ਦੀ ਲਾਲਸਾ' ਵਿਚ ਛੁਪਿਆਂ ਹੋਇਆ ਹੈ।

ਗੁਰਭਜਨ ਦੀ 'ਲੋਰੀ' ਵਿਚਲੀ ਅਣਜੰਮੀ ਧੀ ਆਪਣੀ ਮਾਂ ਨੂੰ ਵਾਸਤਾ ਪਾਉਂਦੀ ਹੈ ਕਿ ਉਹ ਉਸ ਨੂੰ ਇਕ 'ਲੋਰੀ' ਦੇਵੇ ਭਾਵੇਂ ਬਾਬਲ ਤੋਂ ਚੋਰੀ ਹੀ ਦੇਵੇ। ਮਰ ਰਹੀ ਧੀ ਨੂੰ ਪਾਤਰ ਬਣਾ ਕੇ ਉਸਦੀ ਜ਼ੁਬਾਨ ਰਾਹੀਂ ਵਰਤਮਾਨ ਸਮਾਜ ਦੀਆਂ ਕਦਰਾਂ ਕੀਮਤਾਂ ਨੂੰ ਸੂਖ਼ਮ ਭਾਵ ਨਾਲ ਉਜਾਗਰ ਕਰਨਾ ਅਤੇ ਜਾਗਰੂਕਤਾ ਦਾ ਸੰਦੇਸ਼ ਸਿਰਜਣਾ ਇਸ ਕਵਿਤਾ ਦਾ ਵਡਮੁੱਲਾ ਹਾਸਿਲ ਹੈ। ਕਵਿਤਾ ਧੀ ਅਤੇ ਮਾਂ ਦੇ ਸੰਵਾਦ ਰਾਹੀਂ ਅਜੋਕੇ ਸਮਾਜ ਦੀ ਅਜੇਹੀ ਦੁਰਦਸ਼ਾ ਲਈ ਜ਼ਿੰਮੇਵਾਰ ਸਾਰੀਆਂ ਧਿਰਾਂ ਨੂੰ ਹਲੂਣਨ ਦਾ ਯਤਨ ਕਰਦੀ ਹੈ। ਇਨ੍ਹਾਂ ਧਿਰਾਂ ਵਿਚ ਜ਼ਾਲਮਾਨਾ ਜ਼ਹਿਨੀਅਤ ਵਾਲੀ ਉਹ ਮਾਂ ਵੀ ਸ਼ਾਮਿਲ ਹੈ ਜਿਸਦਾ ਮਮਤਾ ਨੇ ਮਰਦ-ਪ੍ਰਧਾਨ ਸਮਾਜ ਅੱਗੇ ਆਪਣੀ ਸੂਖ਼ਮਤਾ ਨੂੰ ਗਰਕ ਕਰ ਦਿੱਤਾ ਹੈ। ਹਾਲਾਂ ਕਿ ਇਹ ਖ਼ੁਦ ਵੀ ਕਦੇ ਕਾਵਿ-ਪਾਤਰ ਦੀ ਨਾਨੀ ਦੇ ਘਰ ਧੀ ਬਣ ਕੇ ਜੰਮੀ ਸੀ। ਇਨ੍ਹਾਂ ਧਿਰਾਂ ਵਿਚ ਸਾਡੀਆਂ ਉਹ ਸਿਹਤ-ਸੰਸਥਾਨਾਂ ਵੀ ਸ਼ਾਮਿਲ ਹਨ ਜਿਹੜੀਆਂ ਪੈਸੇ ਦੀ ਚਮਕ ਸਾਹਮਣੇ ਆਪਣੀਆਂ ਜ਼ਿੰਮੇਵਾਰੀਆਂ ਅਤੇ ਪਰੰਪਰਾਵਾਂ ਨੂੰ ਕੁਰਬਾਨ ਕਰ ਦਿੰਦੀਆਂ ਹਨ ਅਤੇ ਮਨੁੱਖਤਾ ਦੀ ਕਤਲਗਾਹ ਬਣ ਜਾਂਦੀਆਂ ਹਨ। ਇਨ੍ਹਾਂ ਧਿਰਾਂ ਵਿਚ ਉਹ ਧਰਮ ਅਤੇ ਧੜੇ ਵੀ ਸ਼ਾਮਿਲ ਹਨ, ਜਿਹੜੇ ਥੋਦੀਆ ਸਮਾਜਿਕ ਕਦਰਾਂ-ਕੀਮਤਾਂ ਨੂੰ ਹੋਰ ਪੱਕੀਆਂ ਕਰਦੇ ਹੋਏ ਅਜੇਹੇ ਕੁਕਰਮਾਂ ਸਾਹਮਣੇ ਗੁੰਗੇ ਅਤੇ ਬੋਲੇ ਬਣ ਜਾਂਦੇ ਹਨ।



ਅਣਜੰਮੀ ਧੀ ਦੀਆਂ ਭਾਵਨਾਵਾਂ ਨੂੰ ਸੂਖ਼ਮਭਾਵੀ ਸ਼ਬਦਾਂ ਰਾਹੀਂ ਪੇਸ਼ ਕਰਦੀ ਹੋਈ ਇਹ ਨਜ਼ਮ ਅੱਜ ਦੇ ਸਮਾਜ ਲਈ ਇਕ ਸਾਰਥਿਕ ਸੁਨੇਹਾ ਦਿੰਦੀ ਹੋਈ ਸਦੀਵੀ ਗੁਣਾ ਦੀ ਧਾਰਨੀ ਬਣਦੀ ਹੈ।

ਇਹ ਕਵਿਤਾ ਪਾਠਕ ਦੇ ਮਨ ਅੰਦਰ ਅਜੇਹੇ ਭਾਵ ਜਮਾਉਂਦੀ ਹੈ ਕਿ ਉਹ ਸੋਚਣ ਲਈ ਮਜਬੂਰ ਹੋਵੇ ਕਿ ਕਿਉਂ ਸੌਂ ਰਹੀਆਂ ਹਨ, ਸਾਡੀਆਂ ਜ਼ਮੀਰਾਂ, ਸਾਡਾ ਸਮਾਜ ਅਤੇ ਸਾਡੀਆਂ ਸੰਸਥਾਵਾਂ, ਸਾਡੇ ਵਿਚਾਰ। ਸਾਡੇ ਖਾਣ ਅਤੇ ਦਿਖਾਉਣ ਦੇ ਦੰਦ ਵੱਖੋ-ਵੱਖਰੇ ਕਿਉਂ ਹਨ।

ਸੁੱਤਿਆ ਲਈ ਸੌ ਯਤਨ ਵਸੀਲੇ
ਜਾਗਦਿਆਂ ਨੂੰ ਕਿਵੇਂ ਜਗਾਵਾਂ
ਰੱਖੜੀ ਦੀ ਤੰਦ ਖ਼ਤਰੇ ਵਿਚ ਹੈ
ਚੁੱਪ ਨੇ ਕੁੱਲ ਧਰਤੀ ਦੀਆਂ ਮਾਵਾਂ
ਅੰਮੜੀਏ ਮੈਨੂੰ ਗੁੜ੍ਹਤੀ ਦੀ ਥਾਂ
ਦੇ ਨਾ ਜ਼ਹਿਰ ਕਟੋਰੀ
ਨੀ ਇਕ ਲੋਰੀ ਦੇ ਦੇ...।

ਨਿੱਤ ਨਵੇਂ ਵਿਚਾਰਾਂ ਦਾ ਢੌਂਗ ਰਚਾਉਣ ਵਾਲੀ ਸਾਡੀ ਮਾਨਸਿਕਤਾ ਆਪਣੇ ਅਸਲੇ ਵਿਚ ਕੀ ਹੈ? ਗੁਰਭਜਨ ਗਿੱਲ ਦੀ ਇਹ ਕਵਿਤਾ ਇਸਨੂੰ ਭਲੀ-ਭਾਂਤੀ ਉਜਾਗਰ ਕਰਦੀ ਹੈ। ਇਹ ਕਵਿਤਾ ਉਸ ਮਾਨਸਿਕਤਾ ਨੂੰ ਝੰਜੋੜਦੀ ਹੈ ਜਿਹੜੀ ਜੰਮਦੀ ਧੀ ਲਈ ਜ਼ਹਿਰ ਦੀ ਕਟੋਰੀ ਲਈ ਖੜੀ ਹੈ। ਦੁਨੀਆ ਭਰ ਦੇ ਕੰਮਾਂ-ਕਾਰਾਂ ਵਿਚ ਆਪਣੇ ਬੁੱਧ-ਵਿਵੇਕ ਦਾ ਸਿੱਕਾ ਜਮਾ ਚੁਕੀਆਂ ਔਰਤਾਂ ਨੂੰ ਅਜੇ ਵੀ ਆਪਣੇ ਘਰਾਂ ਦੀ ਪਰਿਭਾਸ਼ਾ ਤਲਾਸ਼ਣ ਲਈ ਆਪਣੀਆਂ ਸਾਰੀਆਂ ਉਮਰਾਂ ਕਿਉਂ ਭੋਗਣੀਆਂ ਪੈਂਦੀਆਂ ਹਨ?

ਦੁਨੀਆ ਦੇ ਦੰਭ ਸਾਡੀਆਂ ਧੀਆਂ ਅਤੇ ਸਾਡੇ ਪੁੱਤਰਾਂ ਵਿਚਕਾਰ ਖਿਚੀਆਂ ਗਈਆਂ ਸਾਮੰਤੀ ਲਕੀਰਾਂ ਨੂੰ ਅਜੇ ਵੀ ਹੋਰ ਪੱਕਿਆਂ ਕਰਨ ਵਿਚ ਕਿਉਂ ਲੱਗੇ ਹੋਏ ਹਨ? ਅੱਜ ਵੀ ਸਥਿਤੀ ਅਜੇਹੀ ਕਿਉਂ ਹੈ?

ਧੀਆਂ!
ਸੁੱਤੀ ਅੱਖ ਦੀ ਫਰਕਣ
ਜਾਗੀ ਅੱਖ ਦਾ ਸੁਪਨਾ
ਬਾਬੁਲ ਵਾਲਾ ਵਿਹੜਾ ਸਾਡਾ
ਅਜਨਬੀ ਘਰ ਹੈ ਕਿਹੜਾ ਸਾਡਾ?
ਧੀਆਂ ਕਰਨ ਵਿਚਾਰ
ਲੋਰੀ ਤੇ ਸੁਪਨੇ ਵਿਚਕਾਰ
ਦੁਨੀਆ-ਦੰਭ-ਦੀਵਾਰ...।

ਇਹ ਦੰਭ ਅਤੇ ਦੀਵਾਰ ਕਦੋਂ ਟੁੱਟਣਗੇ-ਕੀ 'ਇਸਤਰੀ ਦਿਵਸ' ਇਨ੍ਹਾਂ ਸਵਾਲਾਂ ਦੇ ਜਵਾਬ ਲੱਭੇਗਾ। •

---

## ਮਿੰਨੀ ਕਹਾਣੀ

# ਮਾਂ-ਬੋਲੀ



ਇਕ ਮਿੱਤਰ ਦੇ ਘਰ ਬੈਠਾ ਸੀ। ਉਸ ਦਾ ਚਾਰ ਪੰਜ ਸਾਲ ਦਾ ਬੱਚਾ ਕਮਰੇ 'ਚੋ ਬਾਹਰ ਆਇਆ ਤੇ ਮੈਂ ਹੱਥ ਦੇ ਇਸ਼ਾਰੇ ਨਾਲ ਕੋਲ ਬੁਲਾ ਕੇ ਉਸ ਦਾ ਨਾਮ, ਸਕੂਲ ਤੇ ਹੋਰ ਦੋ ਤਿੰਨ ਗੱਲਾਂ ਪੁੱਛੀਆਂ ਲਗਭਗ ਹਰ ਗੱਲ ਦਾ ਜਵਾਬ ਉਸ ਬੱਚੇ ਨੇ ਹਿੰਦੀ ਜਾਂ ਥੋੜ੍ਹੀ ਬਹੁਤ ਅੰਗਰੇਜ਼ੀ ਵਿਚ ਦਿੱਤਾ। ਮੈਂ ਮਿੱਤਰ ਨੂੰ ਪੁਛਿਆ, 'ਯਾਰ ਇਹ ਸਾਰੀ ਗੱਲ ਹਿੰਦੀ ਜਾਂ ਅੰਗਰੇਜ਼ੀ ਵਿਚ ਹੀ ਕਰਦਾ, ਪੰਜਾਬੀ ਕਿਉਂ ਨਹੀਂ ਬੋਲਦਾ ?' ਮਿੱਤਰ ਬੋਲਿਆ, 'ਯਾਰ ਪੰਜਾਬੀ ਬੋਲਦਾ ਤੇ ਜਵਾਕ ਐਵੇਂ ਜਾਹਲ-ਗਵਾਰ ਜਿਹਾ ਲਗਦਾ, ਹਿੰਦੀ ਮਿੱਠੀ ਜਿਹੀ ਬੋਲੀ ਹੈ ਤੇ ਜਦੋਂ ਬੋਲਦਾ ਤੇ ਬੱਚਾ ਸੋਹਣਾ ਲਗਦਾ।'

ਸਾਹਮਣੇ ਮੰਜੇ ਤੇ ਮੇਰੇ ਮਿੱਤਰ ਦੇ ਬਜ਼ੁਰਗ ਮਾਤਾ ਜੀ ਪਏ ਸਨ। ਮੈਂ ਉਨ੍ਹਾਂ ਵੱਲ ਇਸ਼ਾਰਾ ਕਰ ਕੇ ਕਿਹਾ 'ਯਾਰ ਤੇਰੇ ਮਾਤਾ ਜੀ ਜਦੋਂ ਬੋਲਦੇ ਹਨ, ਕੀ ਵਧੀਆ ਨਹੀਂ ਲਗਦੇ? ਕੀ ਗਵਾਰਾਂ ਵਾਂਗੂ ਲਗਦੇ ਨੇ, ਜੇ ਇਸ ਤਰ੍ਹਾਂ ਬੋਲਦੇ ਹਨ ਤਾਂ ਇਨ੍ਹਾਂ ਨੂੰ ਘਰ ਤੋਂ ਕਿੱਧਰੇ ਦੂਰ ਛੱਡ ਆ।' ਮੇਰੀ ਗੱਲ ਸੁਣ ਕੇ ਥੋੜ੍ਹਾ ਗੁੱਸੇ ਜਿਹੇ 'ਚ ਉਹ ਬੋਲਿਆ, 'ਯਾਰ ਕੀ ਬੋਲ ਰਿਹਾ ਤੂੰ, ਮਾਤਾ ਸਾਡੀ ਤੇ ਹਰ ਇਕ ਨਾਲ ਨਿਮਰਤਾ ਤੇ ਪਿਆਰ ਨਾਲ ਬੋਲਦੀ ਏ ਤੇ ਤੂੰ ਗਵਾਰ ਕਹੀ ਜਾ ਰਿਹਾ ਜ਼ੁਬਾਨ ਸੰਭਾਲ਼ ਕੇ ਬੋਲ।'

ਫਿਰ ਮੈਂ ਕਿਹਾ, 'ਯਾਰ ਮਾਤਾ ਜੀ ਪੰਜਾਬੀ ਬੋਲਦੇ ਹਨ ਤੇ ਇਹੀ ਬੋਲੀ ਸਿਖਾ ਕੇ ਤੈਨੂੰ ਪਾਲਿਆ ਤੇ ਕਾਬਿਲ ਇਨਸਾਨ ਬਣਾਇਆ ਤੇ ਤੂੰ ਆਪਣੀ ਮਿਹਨਤ ਨਾਲ ਹੋਰ ਭਾਸ਼ਾਵਾਂ ਸਿੱਖੀਆਂ, ਇਕ ਚੰਗੇ ਅਹੁਦੇ 'ਤੇ ਲੱਗ ਗਿਆ, ਹੁਣ ਮੇਰੇ ਵੱਲੋਂ ਮਾਤਾ ਜੀ ਨੂੰ ਗਵਾਰ ਕਹੇ ਤੇ ਤੈਨੂੰ ਗੁੱਸਾ ਲੱਗਾ, ਜਦਕਿ ਥੋੜ੍ਹੀ ਦੇਰ ਪਹਿਲਾਂ ਤੂੰ ਪੰਜਾਬੀ ਮਾਂ ਬੋਲੀ ਬੋਲਣ ਵਾਲੇ ਦੀ ਤੁਲਨਾ ਗਵਾਰ ਨਾਲ ਕਰ ਰਿਹਾ ਸੀ, ਹੁਣ ਦੱਸ ਮਾਤਾ ਜੀ ਨੇ ਜੋ ਤੈਨੂੰ ਬੋਲੀ ਸਿਖਾਈ ਤੂੰ ਜਿਸ ਬੋਲੀ ਵਿਚ ਬੋਲਣਾ ਸਿੱਖਿਆ ਉਹ ਪੰਜਾਬੀ ਮਾਂ ਬੋਲੀ ਹੁਣ ਤੈਨੂੰ ਗਵਾਰ ਲਗਦੀ ਹੈ?" ਦੋਸਤ ਹੁਣ ਚੁਪ ਸੀ ਤੇ ਸ਼ਰਮ ਨਾਲ ਉਸ ਦੀਆਂ ਅੱਖਾਂ ਝੁਕੀਆਂ ਹੋਈਆ ਸਨ। ਮੈਂ ਅੱਗੇ ਗੱਲ ਤੋਰੀ ਤੇ ਕਿਹਾ 'ਯਾਰ ਬੱਚੇ ਨੂੰ ਹੋਰ ਬੋਲੀਆਂ ਸਿਖਾਉਣਾ ਵਧੀਆ ਗੱਲ ਹੈ ਪਰ ਮਾਂ ਬੋਲੀ ਬੋਲਣੀ ਤੇ ਇਸ ਦੀ ਇੱਜ਼ਤ ਕਰਨੀ ਨਾ ਛੱਡੋ, ਜਿਸ ਤਰ੍ਹਾਂ ਮਾਂ ਦੀ ਥਾਂ ਕੋਈ ਚਾਚੀ, ਤਾਈ ਨਹੀਂ ਲੈ ਸਕਦੀ, ਉਸੇ ਤਰ੍ਹਾਂ ਮਾਂ ਬੋਲੀ ਦੀ ਥਾਂ ਵੀ ਕੋਈ ਹੋਰ ਬੋਲੀ ਨਹੀਂ ਲੈ ਸਕਦੀ।'

• ਰਾਜਾ ਬੜੈਚ
ਮੋਬਾਈਲ : 99144-88265

---

## ਹਾਸ ਵਿਅੰਗਕਾਰ

# ਕਵੀ ਤਾਰਾ ਸਿੰਘ ਖੋਜੇਪੁਰੀ

ਹਸਾਉਣਾ ਹੱਸਣ ਨਾਲੋਂ ਔਖਾ ਕੰਮ ਹੈ ਪਰ ਹਸਾਉਣ ਦੇ ਨਾਲ-ਨਾਲ ਸਮਾਜਿਕ ਕੁਰੀਤੀਆਂ 'ਤੇ ਟਕੋਰ ਕਰਨੀ ਇਸ ਤੋਂ ਵੀ ਔਖਾ ਕੰਮ ਹੈ। ਅਜਿਹੀ ਹੀ ਕਲਾ ਦਾ ਧਨੀ ਸੀ ਮਾਝੇ ਦਾ ਸਿਰਮੌਰ ਕਵੀ ਤਾਰਾ ਸਿੰਘ ਖੋਜੇਪੁਰੀ। ਖੋਜੇਪੁਰੀ ਦਾ ਜਨਮ 2 ਜਨਵਰੀ 1931 ਨੂੰ ਪਿਤਾ ਮੱਘਰ ਸਿੰਘ ਅਤੇ ਮਾਤਾ ਧੰਨ ਕੌਰ ਦੇ ਘਰ ਹੋਇਆ। ਆਪ ਨੇ ਐੱਫ.ਏ. ਤਕ ਦੀ ਪੜ੍ਹਾਈ ਕਰਨ ਤੋਂ ਬਾਅਦ ਖੇਤੀਬਾੜੀ ਵਿਭਾਗ ਵਿਚ ਨੌਕਰੀ ਲੈ ਲਈ, ਜਿੱਥੋਂ ਆਪ 1989 ਵਿਚ ਸੁਪਰਡੈਂਟ ਦੇ ਅਹੁਦੇ ਤੋਂ ਰਿਟਾਇਰ ਹੋਏ। ਇੱਥੇ ਇਨ੍ਹਾਂ ਨਾਲ ਜੁੜੀ ਇਕ ਗੱਲ ਦਾ ਜ਼ਿਕਰ ਕਰਨਾ ਬਣਦਾ ਹੈ ਕਿ ਰਿਟਾਇਰ ਹੋਣ ਉਪਰੰਤ ਹੀ ਉਨ੍ਹਾਂ ਨੇ ਸਾਹਿਤ ਦੇ ਖੇਤਰ 'ਚ ਪੈਰ ਧਰਿਆ ਤੇ ਬਹੁਤ ਜਲਦੀ ਪੰਜਾਬ ਨੇ ਨਾਮਵਰ ਹਾਸਰਸ ਕਵੀਆਂ ਵਿਚ ਆਪਣਾ ਨਾਂ ਸ਼ੁਮਾਰ ਕਰਵਾ ਲਿਆ। ਇਸ ਦੌਰਾਨ ਉਨ੍ਹਾਂ ਨੇ ਪੰਜਾਬੀ ਸਾਹਿਤ ਦੀ ਝੋਲੀ ਵਿੱਚ 'ਗੱਲ ਵਿਚਾਰਨ ਦੀ', 'ਕੂਲੇ ਡੰਗ', 'ਗਾਗਰ 'ਚ ਸਾਗਰ', 'ਰਾਂਝਾ ਡੁਪਲੀਕੇਟ', 'ਗੱਲ ਪਤੇ ਦੀ', 'ਮਾਡਰਨ ਗ਼ਜ਼ਲਾਂ', 'ਨਸ਼ਿਆਂ ਦੀ ਦਲਦਲ', 'ਵਿਅੰਗ ਬਾਣ' ਅਤੇ ਤੰਬਾਕੂਨੋਸ਼ੀ', ਕਿਤਾਬਾਂ ਪਾਈਆਂ। ਇਨ੍ਹਾਂ ਵਿਚੋਂ ਦੋ ਕਿਤਾਬਾਂ 'ਨਸ਼ਿਆਂ ਦੀ ਦਲਦਲ' ਅਤੇ 'ਤੰਬਾਕੂਨੋਸ਼ੀ' ਪੰਜਾਬ ਦੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਰਿਲੀਜ਼ ਕੀਤੀਆਂ, ਜੋ ਉਨ੍ਹਾਂ ਦੀ ਵਿਸ਼ੇਸ਼ ਪ੍ਰਾਪਤੀ ਸੀ।



ਤਾਰਾ ਸਿੰਘ ਖੋਜੇਪੁਰੀ ਦੀਆਂ ਸਾਹਿਤਕ ਪ੍ਰਾਪਤੀਆਂ ਲਈ ਵੱਖ-ਵੱਖ ਸਾਹਿਤ ਸਭਾਵਾਂ ਅਤੇ ਸੰਸਥਾਵਾਂ ਵੱਲੋਂ ਅਨੇਕਾਂ ਮਾਨ-ਸਨਮਾਨ ਦਿੱਤੇ ਗਏ, ਜਿਨ੍ਹਾਂ ਵਿਚੋਂ ਹਾਸ ਵਿਅੰਗ ਦਾ ਸਰਵੋਤਮ ਐਵਾਰਡ 'ਪਿਆਰਾ ਸਿੰਘ ਦਾਤਾ ਐਵਾਰਡ' ਦਿੱਲੀ ਕਮੇਟੀ ਵੱਲੋਂ ਪੰਜਾਬੀ ਹਾਸ ਵਿਅੰਗ ਅਕੈਡਮੀ ਮੋਗਾ ਵਿਖੇ 2010 ਦਿੱਤਾ ਗਿਆ। ਇੰਡੀਆ ਇੰਟਰਨੈਸ਼ਨਲ ਫਰੈਂਡਸ਼ਿਪ ਸੁਸਾਇਟੀ ਦਿੱਲੀ ਵੱਲੋਂ 'ਰਾਸ਼ਟਰੀ ਗੌਰਵ ਐਵਾਰਡ' ਵੀ 2010 'ਚ ਦਿੱਤਾ ਗਿਆ। ਇਸੇ ਤਰ੍ਹਾਂ ਇੰਟਰਨੈਸ਼ਨਲ ਪਬਲਿਸ਼ਿੰਗ ਹਾਊਸ ਦਿੱਲੀ ਵੱਲੋਂ 'ਬੈਸਟ ਸਿਟੀਜ਼ਨ ਆਫ਼ ਇੰਡੀਆ ਐਵਾਰਡ-2010' ਉਨ੍ਹਾਂ ਦੀਆਂ ਪ੍ਰਾਪਤੀਆਂ 'ਚ ਵਿਸ਼ੇਸ਼ ਸਥਾਨ ਰੱਖਦੇ ਹਨ।

ਤਾਰਾ ਸਿੰਘ ਖੋਜੇਪੁਰੀ ਇਕੋ ਵੇਲੇ ਹਾਸ ਵਿਅੰਗ ਸਾਹਿਤ ਅਕਾਦਮੀ ਮੋਗਾ ਦੇ ਸੀਨੀਅਰ ਮੀਤ ਪ੍ਰਧਾਨ, ਸਾਹਿਤ ਸਭਾ ਗੁਰਦਾਸਪੁਰ ਦੇ ਪ੍ਰਧਾਨ, ਐੱਨਆਰਆਈ ਸਭਾ ਗੁਰਦਾਸਪੁਰ ਦੇ ਸਰਪ੍ਰਸਤ ਅਤੇ ਲਾਇਨਜ਼ ਕਲੱਬ ਗੁਰਦਾਸਪੁਰ ਦੇ ਮੈਂਬਰ ਵੀ ਰਹੇ। ਤਾਰਾ ਸਿੰਘ ਖੋਜੇਪੁਰੀ ਹਾਸਰਸ ਕਵੀ ਹੋਣ ਕਰ ਕੇ ਸਦਾ ਖ਼ੁਸ਼ ਰਹਿੰਦੇ ਸਨ। ਉਹ ਜਿਸ ਮਹਿਫ਼ਲ ਵਿਚ ਵੀ ਜਾਂਦੇ ਸਨ, ਆਪਣੀ ਇਸ ਵਿਲੱਖਣ ਕਲਾ ਕਰਕੇ ਆਪਣੀ ਇਕ ਵਿਸ਼ੇਸ਼ ਛਾਪ ਛੱਡ ਜਾਂਦੇ ਸਨ। ਉਨ੍ਹਾਂ ਦੀ ਅਗਵਾਈ ਹੇਠ ਸਾਹਿਤ ਸਭਾ ਗੁਰਦਾਸਪੁਰ ਨੇ ਕਈ ਨਵੇਂ ਕਵੀ ਪੈਦਾ ਕੀਤੇ, ਜੋ ਇਸ ਵੇਲੇ ਵਧੀਆ ਸਾਹਿਤਕ ਸੇਵਾਵਾਂ ਦੇ ਰਹੇ ਹਨ। ਉਹ ਆਸ਼ਾਵਾਦੀ ਕਵੀ ਸਨ ਅਤੇ ਸਦਾ ਚੜ੍ਹਦੀ ਕਲਾ 'ਚ ਰਹਿੰਦੇ ਸਨ। ਤਾਰਾ ਸਿੰਘ ਖੋਜੇਪੁਰੀ ਦਾ ਹਸੂੰ-ਹਸੂੰ ਕਰਦਾ ਚਿਹਰਾ 27 ਸਤੰਬਰ 2014 ਨੂੰ ਸਭ ਤੋਂ ਸਦਾ-ਸਦਾ ਲਈ ਦੂਰ ਹੋ ਗਿਆ। ਅੱਜ ਬੇਸ਼ੱਕ ਉਹ ਸਾਡੇ ਦਰਮਿਆਨ ਨਹੀਂ ਹਨ ਪਰ ਆਪਣੀ ਸਾਹਿਤਕ ਦੇਣ ਕਰਕੇ ਸਦਾ ਸਾਡੇ ਨਾਲ ਖੜ੍ਹੇ ਹਨ।

• ਪ੍ਰਤਾਪ ਪਾਰਸ ਗੁਰਦਾਸਪੁਰੀ

---

## ਕਹਾਣੀ

# ਝੂਠ ਦਾ ਮੁੱਢ




**ਉਸ ਨੇ ਬੜੇ ਪਿਆਰ ਨਾਲ ਉਸ ਨੂੰ ਸਮਝਾਉਂਦੇ ਹੋਏ ਕਿਹਾ, 'ਬੇਟਾ, ਹਮੇਸ਼ਾ ਸੱਚ ਨਾਲ ਕੰਮ ਨਹੀਂ ਚਲਦੇ ਹੁੰਦੇ। ਜੀਵਨ ਰੂਪੀ ਗੱਡੀ ਨੂੰ ਆਪਣੇ ਢੰਗ ਨਾਲ ਚਲਾਉਣ ਲਈ ਕਦੇ ਕਦੇ ਝੂਠ ਦਾ ਸਹਾਰਾ ਵੀ ਲੈਣਾ ਪੈਂਦਾ ਹੈ'...**



ਹਰਜੀਤ ਸਿੰਘ ਸਿੱਧੂ
ਮੋਬਾਈਲ : 99155-41219

ਆਪਣੇ ਬੱਚੇ ਦੀ ਪੜ੍ਹਾਈ ਨੂੰ ਮੁੱਖ ਰੱਖਦਿਆਂ ਪਟਵਾਰੀ ਕਿਸ਼ੋਰੀ ਲਾਲ ਪਰਿਵਾਰ ਸਮੇਤ ਆਪਣੀ ਨਿਯੁਕਤੀ ਵਾਲੇ ਸਥਾਨ ਤੇ ਹੀ ਰਹਿਣ ਲੱਗ ਪਿਆ। ਉਸ ਦੀ ਰਿਹਾਇਸ਼ ਪਟਵਾਰਖ਼ਾਨੇ ਦੇ ਨੇੜੇ ਹੀ ਸੀ। ਸਵੇਰ ਤੋਂ ਸ਼ਾਮ ਤਕ ਉਸ ਨੂੰ ਕਦੇ ਵੀ ਵਿਹਲ ਨਹੀਂ ਸੀ। ਇੰਤਕਾਲ, ਪੁਰਾਣੇ ਇੰਤਕਾਲਾਂ ਦੀ ਨਕਲ ਤੇ ਜ਼ਮੀਨ ਜਾਇਦਾਦ ਨਾਲ ਸਬੰਧਤ ਹੋਰ ਕੰਮਾਂ ਵਾਸਤੇ ਕੋਈ ਨਾ ਕੋਈ ਉਸ ਕੋਲ ਆਇਆ ਹੀ ਰਹਿੰਦਾ ਸੀ। ਵੇਲੇ-ਕੁਵੇਲੇ ਆਉਣ ਵਾਲੇ ਉਸ ਦੀ ਰਿਹਾਇਸ਼ ਤੇ ਵੀ ਪਹੁੰਚ ਜਾਂਦੇ ਸਨ। ਕਾਨੂੰਗੋ ਤੇ ਤਹਿਸੀਲ ਦਫ਼ਤਰ ਵੱਲੋਂ ਆਈ ਡਾਕ ਦਾ ਉਤਰ ਦੇਣ ਜਾਂ ਹੋਰ ਡਿਊਟੀਆਂ ਦੇ ਸਬੰਧ ਵਿਚ ਉਸ ਨੂੰ ਮਹੀਨੇ ਵਿਚ ਕਈ ਕਈ ਵਾਰ ਸ਼ਹਿਰ ਜਾਣਾ ਪੈਂਦਾ, ਜਿਥੋਂ ਉਹ ਰਾਤ ਨੂੰ ਆਮ ਤੌਰ ਤੇ ਲੇਟ ਹੀ ਵਾਪਿਸ ਪਰਤਦਾ। ਆਪਣੀ ਡਿਊਟੀ ਦੇ ਰੁਝੇਵਿਆਂ ਕਾਰਣ ਕਈ ਵਾਰ ਉਸ ਨੂੰ ਉਨੀਂਦਰੇ ਦਾ ਸ਼ਿਕਾਰ ਵੀ ਹੋਣਾ ਪੈਂਦਾ।

ਇਕ ਐਤਵਾਰ ਨੂੰ ਸਵੇਰੇ-ਸਵੇਰੇ ਨਾਸ਼ਤੇ ਤੋਂ ਬਾਅਦ ਉਹ ਨੀਂਦ ਪੂਰੀ ਕਰਨ ਦਾ ਪ੍ਰੋਗਰਾਮ ਬਣਾਉਣ ਲੱਗਿਆ, ਪਰ ਸ਼ਾਇਦ ਉਸ ਦਿਨ ਸੌਣਾ ਉਸ ਦੀ ਕਿਸਮਤ ਵਿਚ ਨਹੀਂ ਸੀ। ਅਜੇ ਅੱਠ ਨਹੀਂ ਸਨ ਵੱਜੇ ਕਿ ਕੰਮ ਵਾਲੇ ਲੋਕਾਂ ਨੇ ਫੇਰੇ ਮਾਰਨੇ ਸ਼ੁਰੂ ਕਰ ਦਿਤੇ। ਉਹ ਅਜੇ ਪਹਿਲੇ ਆਦਮੀ ਨਾਲ ਗੱਲ ਕਰ ਰਿਹਾ ਹੁੰਦਾ ਕਿ ਦੂਸਰਾ ਆਦਮੀ ਹੋਰ ਆ ਜਾਂਦਾ। ਇਹ ਸਿਲਸਿਲਾ ਚਲਦਾ ਗਿਆ। ਜੇਬ ਗਰਮ ਹੁੰਦੀ ਦੇਖਕੇ ਪਹਿਲਾਂ ਤਾਂ ਪਟਵਾਰੀ ਸਾਹਿਬ ਨੇ ਕੋਈ ਖ਼ਿਆਲ ਨਾ ਕੀਤਾ ਪਰ ਜਦੋਂ ਟਾਈਮ ਦੇਖਿਆ ਤਾਂ ਇਕ ਵੱਜ ਚੁੱਕਾ ਸੀ। ਉਸ ਨੇ ਕੋਲ ਬੈਠੇ ਲੋਕਾਂ ਤੋਂ ਰੋਟੀ ਖਾਣ ਦੀ ਛੁੱਟੀ ਲਈ ਤੇ ਉਨ੍ਹਾਂ ਨੂੰ ਜਲਦੀ-ਜਲਦੀ ਤੋਰ ਦਿਤਾ। ਰੋਟੀ ਖਾਂਦਿਆਂ-ਖਾਂਦਿਆਂ ਸੋਚਣ ਲੱਗਿਆ ਕਿ 'ਅੱਜ ਤਾਂ ਭੋਰਾ ਵੀ ਅੱਖ ਨਹੀਂ ਲਾਕੇ ਦੇਖੀ, ਚਲੋ ਹੁਣ ਇਕ ਅੱਧ ਘੰਟਾ ਸੌਂ ਹੀ ਲਈਏ' ਪਰ ਦੂਜੇ ਹੀ ਪਲ ਉਸ ਨੂੰ ਆਪਣੀ ਇਹ ਇੱਛਾ ਪੂਰੀ ਹੁੰਦੀ ਨਾ ਜਾਪੀ ਕਿਉਂਕਿ ਉਸ ਨੂੰ ਡਰ ਸੀ ਕਿ ਕੋਈ ਹੋਰ ਮਿਲਣ ਵਾਲਾ ਨਾ ਆ ਜਾਵੇ।

ਇਸ ਮੁਸੀਬਤ ਤੋਂ ਬਚਣ ਲਈ ਉਸ ਨੇ ਇਕ ਤਰਕੀਬ ਸੋਚੀ ਜਿਸ ਮੁਤਾਬਿਕ ਆਪਣੇ ਇਕਲੌਤੇ ਬੇਟੇ ਸਤੀਸ਼ ਨੂੰ ਕਿਹਾ 'ਜਾਹ ਬੇਟਾ, ਥੋੜ੍ਹੀ ਦੇਰ ਲਈ ਆਪਣੇ ਦੋਸਤਾਂ ਨਾਲ ਗਲੀ ਵਿਚ ਖੇਡ ਲੈ। ਸ਼ਾਮ ਨੂੰ ਚਾਹ ਮੌਕੇ ਆ ਜਾਵੀਂ'। ਫਿਰ ਆਪਣੀ ਘਰ ਵਾਲੀ ਨੂੰ ਕਹਿਣ ਲਗਾ 'ਤੂੰ ਵਿਹੜੇ ਵਿਚ ਬੈਠਕੇ ਆਪਣਾ ਕੰਮ ਕਰ। ਮੈਂ ਅੰਦਰ ਪੈ ਰਿਹਾ ਹਾਂ, ਤੂੰ ਬਾਹਰੋਂ ਕੁੰਡਾ ਮਾਰਦੇ। ਜੇਕਰ ਕੋਈ ਮਿਲਣ ਵਾਲਾ ਆ ਵੀ ਜਾਵੇ ਤਾਂ ਕਹਿ ਦੇਵੀਂ ਕਿ ਉਹ ਘਰੇ ਨਹੀਂ ਹਨ'। ਸਤੀਸ਼ ਬਾਹਰ ਖੇਡਣ ਚਲਾ ਗਿਆ। ਕਿਸ਼ੋਰੀ ਲਾਲ ਅੰਦਰ ਪੈ ਗਿਆ ਤੇ ਉਸ ਦੀ ਪਤਨੀ ਨੇ ਬਾਹਰੋਂ ਕੁੰਡਾ ਲਾ ਦਿੱਤਾ।

ਅਜੇ ਇਸ ਗੱਲ ਨੂੰ ਅੱਧਾ ਘੰਟਾ ਵੀ ਨਹੀਂ ਸੀ ਹੋਇਆ ਕਿ ਇਕ ਆਦਮੀ ਉਨ੍ਹਾਂ ਦੀ ਗਲੀ ਵਿਚ ਆਇਆ। ਉਸ ਨੇ ਗਲੀ ਵਿਚ ਖੇਡ ਰਹੇ ਬੱਚਿਆਂ ਤੋਂ ਕਿਸ਼ੋਰੀ ਲਾਲ ਪਟਵਾਰੀ ਦਾ ਘਰ ਪੁੱਛਿਆ। ਸਤੀਸ਼ ਵੀ ਉਨ੍ਹਾਂ ਬੱਚਿਆਂ ਵਿਚ ਖੇਡ ਰਿਹਾ ਸੀ, ਸਤੀਸ਼ ਨੇ ਉਸ ਆਦਮੀ ਨੂੰ ਆਪਣੇ ਘਰ ਬਾਰੇ ਦੱਸ ਦਿੱਤਾ। ਉਹ ਆਦਮੀ ਕਿਸ਼ੋਰੀ ਲਾਲ ਦੇ ਘਰ ਗਿਆ ਤੇ ਉਸ ਨੂੰ ਆਵਾਜ਼ ਦਿੱਤੀ। ਮਿਥੇ ਹੋਏ ਪ੍ਰੋਗਰਾਮ ਅਨੁਸਾਰ ਪਟਵਾਰੀ ਦੀ ਪਤਨੀ ਨੇ ਉਸ ਆਦਮੀ ਨੂੰ ਦੱਸ ਦਿੱਤਾ ਕਿ ਉਹ ਘਰੇ ਨਹੀਂ ਹੈ। ਅਜਨਬੀ ਇਹ ਗੱਲ ਸੁਣਕੇ ਵਾਪਿਸ ਚਲਾ ਗਿਆ। ਜਦੋਂ ਉਹ ਦੁਬਾਰਾ ਸਤੀਸ਼ ਹੋਰਾਂ ਕੋਲੋਂ ਲੰਘਣ ਲਗਾ ਤਾਂ ਸਤੀਸ਼ ਨੇ ਬਿਨਾ ਮਤਲਬ ਹੀ ਪੁੱਛ ਲਿਆ 'ਕੀ ਗੱਲ ਅੰਕਲ, ਐਨੀ ਜਲਦੀ ਮੁੜ ਚਲੇ'। ਉਸ ਅਜਨਬੀ ਨੇ ਦਸਿਆ ਕਿ ਪਟਵਾਰੀ ਸਾਹਿਬ ਘਰੇ ਨਹੀਂ ਹਨ। ਸਤੀਸ਼ ਨੂੰ ਆਪਣੇ ਪਿਤਾ ਜੀ ਦੇ ਪ੍ਰੋਗਰਾਮ ਦਾ ਪਤਾ ਨਹੀਂ ਸੀ, ਇਸ ਲਈ ਉਸ ਨੇ ਕਿਹਾ 'ਨਹੀਂ ਅੰਕਲ, ਉਹ ਘਰੇ ਹੀ ਹਨ ਤੇ ਬੈਠਕ ਵਿੱਚ ਪਏ ਹਨ ਅੰਦਰ ਜਾਕੇ ਮਿਲ ਲਵੋ'। ਅਜਨਬੀ ਹੈਰਾਨ ਸੀ ਕਿ ਪਟਵਾਰੀ ਦੀ ਪਤਨੀ ਸੱਚੀ ਹੈ ਜਾਂ ਇਹ ਬੱਚਾ? ਉਸ ਨੂੰ ਪੁੱਛਣ ਤੇ ਪਤਾ ਲੱਗਾ ਕਿ ਸਤੀਸ਼ ਕਿਸ਼ੋਰੀ ਲਾਲ ਦਾ ਹੀ ਲੜਕਾ ਹੈ ਤਾਂ ਉਸ ਨੂੰ ਉਸ ਦੀ ਗੱਲ ਸੱਚੀ ਜਾਪੀ।

ਅਜਨਬੀ ਫਿਰ ਉਨ੍ਹਾਂ ਦੇ ਘਰ ਗਿਆ ਤੇ ਕਹਿਣ ਲੱਗਾ 'ਭੈਣ ਜੀ, ਮੈਂ ਬਹੁਤ ਹੀ ਦੂਰੋਂ ਆਇਆ ਹਾਂ। ਮੈਨੂੰ ਤੁਹਾਡੇ ਹੀ ਕਾਕੇ ਤੋਂ ਪਤਾ ਲੱਗਾ ਹੈ ਕਿ ਪਟਵਾਰੀ ਸਾਹਿਬ ਅੰਦਰ ਕਮਰੇ ਵਿਚ ਆਰਾਮ ਕਰ ਰਹੇ ਹਨ। ਕ੍ਰਿਪਾ ਕਰਕੇ ਉਨ੍ਹਾਂ ਨੂੰ ਬਾਹਰ ਬੁਲਾ ਦਿਉ, ਮੈਂ ਜ਼ਰੂਰੀ ਮਿਲਣਾ ਹੈ'। ਇਹ ਗੱਲ ਸੁਣਕੇ ਕਿਸ਼ੋਰੀ ਲਾਲ ਦੀ ਪਤਨੀ ਨੇ ਉਸ ਵਿਅਕਤੀ ਨੂੰ ਕਿਹਾ ਕਿ ਉਹ ਆਪੇ ਹੀ ਦਰਵਾਜ਼ਾ ਖੋਲ੍ਹਕੇ ਅੰਦਰ ਜਾ ਕੇ ਮਿਲ ਲਵੇ। ਅਜਨਬੀ ਨੇ ਦਰਵਾਜ਼ਾ ਖੋਲ੍ਹਿਆ ਤੇ ਖੜਕਾ ਹੁੰਦੇ ਸਾਰ ਹੀ ਕਿਸ਼ੋਰੀ ਲਾਲ ਉਠ ਬੈਠਾ। ਉਸ ਨੇ ਅਜੇ ਅੱਧਾ ਕੁ ਘੰਟਾ ਹੀ ਨੀਂਦ ਦਾ ਆਨੰਦ ਮਾਣਿਆ ਸੀ। ਉਹ ਦਿਲੋਂ ਤਾਂ ਬੜਾ ਖਿਝਿਆ ਪਰ ਘਰ ਆਏ ਨੂੰ ਝਿੜਕ ਕੇ ਬਾਹਰ ਕੱਢਣ ਤੋਂ ਵੀ ਅਸਮਰੱਥ ਸੀ। ਸੋ ਉਸ ਨੇ ਉਸ ਆਦਮੀ ਨਾਲ ਜਲਦੀ ਜਲਦੀ ਗੱਲ ਕਰਕੇ ਉਸ ਨੂੰ ਤੋਰ ਦਿੱਤਾ। ਉਸ ਦੇ ਜਾਣ ਪਿਛੋਂ ਉਹ ਆਪਣੀ ਘਰ ਵਾਲੀ ਨੂੰ ਘੁਰਕੀ ਲੈਕੇ ਪਿਆ ਪਰ ਉਸ ਦੀ ਸ੍ਰੀਮਤੀ ਦਾ ਜੁਆਬ ਸੀ 'ਜੀ ਤੁਹਾਡੇ ਲਾਡਲੇ ਦੀ ਮਿਹਰਬਾਨੀ ਹੈ, ਮੈਨੂੰ ਸਿਆਣੀ-ਬਿਆਣੀ ਨੂੰ ਝੂਠੀ ਬਣਾਇਆ। ਆਪ ਤਾਂ ਅੰਦਰ ਪਏ ਰਹੇ, ਮੈਨੂੰ ਬੇਸ਼ਰਮੀ ਦਾ ਥਾਂ ਬਣਾ ਦਿੱਤਾ। ਉਸ ਨੇ ਹੀ ਦੱਸਿਆ ਹੈ ਕਿ ਜਨਾਬ ਅੰਦਰ ਪਏ ਹੋਏ ਹਨ'। ਇਹ ਸੁਣਦੇ ਸਾਰ ਹੀ ਕਿਸ਼ੋਰੀ ਲਾਲ ਦਾ ਪਾਰਾ ਇਕ ਦਮ ਚੜ੍ਹ ਗਿਆ। ਉਸ ਨੇ ਆਪਣੇ ਘਰ ਅਗੋਂ ਲੰਘ ਰਹੇ ਇਕ ਬੱਚੇ ਰਾਹੀਂ ਸਤੀਸ਼ ਨੂੰ ਘਰ ਆਉਣ ਦਾ ਸੁਨੇਹਾ ਭੇਜਿਆ।

ਸਤੀਸ਼ ਸੁਨੇਹਾ ਮਿਲਦੇ ਹੀ ਘਰ ਵੱਲ ਨੂੰ ਦੌੜਿਆ। ਉਹ ਸੋਚ ਰਿਹਾ ਸੀ ਕਿ ਉਸ ਆਦਮੀ ਦੇ ਆਉਣ ਕਰਕੇ ਚਾਹ ਬਣੀ ਹੋਵੇਗੀ, ਇਸ ਲਈ ਉਸ ਨੂੰ ਚਾਹ ਪੀਣ ਵਾਸਤੇ ਹੀ ਬੁਲਾਇਆ ਹੋਵੇਗਾ ਪਰ ਵਿਚਾਰੇ ਨੂੰ ਕੀ ਪਤਾ ਸੀ ਕਿ ਘਰ ਪਹੁੰਚਣ ਤੇ ਉਸ ਨੂੰ ਕੋਈ ਹੋਰ ਹੀ ਚਾਹ ਮਿਲੇਗੀ। ਘਰ ਪਹੁੰਚਕੇ ਉਸ ਨੇ ਆਪਣੇ ਪਿਤਾ ਜੀ ਦੀਆਂ ਲਾਲ ਅੱਖਾਂ ਦੇਖੀਆਂ। ਕਿਸ਼ੋਰੀ ਲਾਲ ਨੇ ਗਰਜ਼ਕੇ ਪੁੱਛਿਆ 'ਨਲਾਇਕਾ, ਤੈਨੂੰ ਕਿਸ ਨੇ ਕਿਹਾ ਸੀ ਕਿ ਉਸ ਨੂੰ ਦੱਸ ਕਿ ਮੈਂ ਘਰੇ ਹਾਂ'। ਸਤੀਸ਼ ਨੇ ਖੁਸ਼ੀ ਅਨੁਭਵ ਕਰਦਿਆਂ ਭੋਲੇਪਣ ਨਾਲ ਕਿਹਾ, 'ਪਿਤਾ ਜੀ ਮੈਂ ਝੂਠ ਤਾਂ ਨਹੀਂ ਬੋਲਿਆ, ਤੁਸੀਂ ਸੱਚਮੁਚ ਘਰੇ ਹੀ ਸੀ'। ਸਤੀਸ਼ ਦੇ ਐਨਾ ਕਹਿਣ ਦੀ ਦੇਰ ਸੀ ਕਿ ਇਕ ਕਾੜ੍ਹ ਕਰਦਾ ਥੱਪੜ ਸਤੀਸ਼ ਦੇ ਮੂੰਹ ਤੇ ਵੱਜਿਆ ਤੇ ਉਸ ਦੀ ਮਾਤਾ ਜੀ ਵਲੋਂ ਗਾਲਾਂ ਦੀ ਬੁਛਾੜ ਸ਼ੁਰੂ ਹੋ ਗਈ। ਸਤੀਸ਼ ਨੂੰ ਸਮਝ ਨਹੀਂ ਆ ਰਹੀ ਸੀ ਕਿ ਉਸ ਨੂੰ ਇਹ ਕਿਹੜੇ ਕਸੂਰ ਦੀ ਸਜਾ ਮਿਲ ਰਹੀ ਹੈ ਜਦਕਿ ਉਸ ਨੇ ਸਿਰਫ਼ ਸੱਚ ਹੀ ਬੋਲਿਆ ਸੀ। ਉਹ ਹੈਰਾਨ ਸੀ ਕਿ ਉਸ ਦੇ ਮਾਤਾ-ਪਿਤਾ ਜੀ ਹਮੇਸ਼ਾ ਹੀ ਉਸ ਨੂੰ ਸਮਝਾਉਂਦੇ ਰਹੇ ਹਨ ਕਿ ਸੱਚ ਬੋਲਣਾ ਚੰਗੇ ਬੱਚਿਆਂ ਦਾ ਕੰਮ ਹੈ। ਉਸ ਨੇ ਰੋਂਦਿਆਂ ਰੋਂਦਿਆਂ ਚਾਹ ਪੀਣ ਤੋਂ ਇਨਕਾਰ ਕਰ ਦਿੱਤਾ।

ਥੋੜ੍ਹੀ ਦੇਰ ਬਾਅਦ ਕਿਸ਼ੋਰੀ ਲਾਲ ਆਪਣੇ ਬੇਟੇ ਸਤੀਸ਼ ਨੂੰ ਬੁੱਕਲ ਵਿਚ ਲੈਕੇ ਮਨਾ ਰਿਹਾ ਸੀ ਤੇ ਬੜੇ ਪਿਆਰ ਨਾਲ ਸਮਝਾ ਰਿਹਾ ਸੀ 'ਬੇਟਾ, ਹਮੇਸ਼ਾ ਸੱਚ ਨਾਲ ਕੰਮ ਨਹੀਂ ਚਲਦੇ ਹੁੰਦੇ। ਜੀਵਨ ਰੂਪੀ ਗੱਡੀ ਨੂੰ ਆਪਣੇ ਢੰਗ ਨਾਲ ਚਲਾਉਣ ਲਈ ਕਦੇ ਕਦੇ ਝੂਠ ਦਾ ਸਹਾਰਾ ਵੀ ਲੈਣਾ ਪੈਂਦਾ ਹੈ'। •

---

## ਗ਼ਜ਼ਲਾਂ

ਉੱਡ ਗਈ ਸਾਂਝ ਮੁੱਹਬਤ ਕਿੱਧਰੇ।
ਦਿਸਦੀ ਨਾ ਉਹ ਚਾਹਤ ਕਿੱਧਰੇ।

ਇਕ ਚਿਹਰੇ 'ਤੇ ਸੌ ਸੌ ਚਿਹਰੇ,
ਭੁੱਲੇ ਰੱਖ ਸ਼ਨਾਖ਼ਤ ਕਿੱਧਰੇ।

ਹਰ ਸ਼ੈਅ ਪੈਸੇ ਨਾਲ ਮਿਲੇ ਪਰ,
ਮਿਲਦੀ ਨਹੀਂ ਸ਼ਰਾਫ਼ਤ ਕਿੱਧਰੇ।

ਹੋਇਆ ਹੈ ਸੰਜੀਦਾ ਬਚਪਨ,
ਨਾ ਕੋਈ ਕਰੇ ਸ਼ਰਾਰਤ ਕਿੱਧਰੇ।

ਛੱਜ, ਅਟੇਰਨ ਖੂਹ ਤੇ ਚਰਖਾ,
ਰੁਲ਼ਦੀ ਫਿਰੇ ਵਿਰਾਸਤ ਕਿਧਰੇ।

ਜਾਂ ਕੰਮ ਹੁੰਦੇ ਨਾਲ ਸ਼ਿਫ਼ਾਰਸ਼,
ਤੇ ਨੋਟਾ ਦੀ ਤਾਕਤ ਕਿਧਰੇ।

ਕੈਸਾ ਦੌਰ ਤਰੱਕੀ ਆਇਆ,
ਖੋ ਗਈ 'ਅਮਰ' ਲਿਆਕਤ ਕਿੱਧਰੇ।



• ਅਮਰਜੀਤ ਕੌਰ 'ਅਮਰ', ਮੋਬਾਈਲ : 95014-76265

ਫਾਸਲੇ ਦਿਲ ਦੇ ਮਿਟਾਵਾਂ ਕਿਸ ਤਰ੍ਹਾਂ?
ਦੀਪ ਪਿਆਰ ਦੇ ਜਗਾਵਾਂ ਕਿਸ ਤਰ੍ਹਾਂ।

ਤੋੜ ਕੇ ਬੰਦਸ਼ਾਂ ਦੀਆਂ ਹੱਦ ਬੰਦੀਆਂ,
ਨਾਲ ਰੂਹ ਦੇ ਰੂਹ ਮਿਲਾਵਾਂ ਕਿਸ ਤਰ੍ਹਾਂ?

ਰੌਸ਼ਨੀ ਦੀ ਲੋੜ ਹੈ 'ਨੇਰੇ ਨੂੰ ਪਰ,
ਦੀਪ ਮੈਂ ਖ਼ੁਦ ਨੂੰ ਬਣਾਵਾਂ ਕਿਸ ਤਰ੍ਹਾਂ?

ਬਲ ਰਹੇ ਨਫ਼ਰਤ ਦੇ ਦੀਵੇ ਚਹੁੰ-ਤਰਫ਼,
ਜੋਤ ਅਪਣੱਤ ਦੀ ਜਗਾਵਾਂ ਕਿਸ ਤਰ੍ਹਾਂ?

ਬੇ-ਮੁਰੱਵਤ ਖ਼ੁਸ਼ਕ ਮਾਰੂਥਲ ਦੇ ਵਿਚ,
ਵਹਿਣ ਹੰਝੂਆਂ ਦਾ ਵਹਾਵਾਂ ਕਿਸ ਤਰ੍ਹਾਂ।

ਸੋਚਦੀ ਹੈ ਰਾਤ-ਦਿਨ ਮਨਜੀਤ ਇਹ,
ਦਰਦ ਦੁਖੀਆਂ ਦਾ ਵੰਡਾਵਾਂ ਕਿਸ ਤਰ੍ਹਾਂ।



• ਮਨਜੀਤ ਕੌਰ ਅੰਬਾਲਵੀ, ਮੋਬਾਈਲ : 94162-71625

ਹੌਲੀ ਹੌਲੀ ਭੁੱਲਦਾ ਜਾਂਦਾ ਸੱਜਣ ਦਾ ਸਿਰਨਾਵਾਂ, ਕਿੱਧਰ ਜਾਵਾਂ।
ਕਾਸ਼ ਕਿਤੇ ਜੇ ਮੁੜ ਆ ਜਾਵੇ ਉਸ ਨੂੰ ਕੋਲ ਬਿਠਾਵਾਂ, ਗਲ਼ ਨਾਲ ਲਾਵਾਂ।

ਹਿਜ਼ਰ ਤਿਰੇ ਵਿਚ ਤੀਲਾ ਤੀਲਾ ਹੋਈ ਜਿੰਦ ਨਿਮਾਣੀ, ਇਹ ਮਰਜਾਣੀ,
ਕੋਠੇ ਚੜ੍ਹ ਕੇ ਨਿੱਤ ਉਡੀਕਾਂ ਨਾਲੇ ਔਸੀ ਪਾਵਾਂ, ਕਾਂਗ ਉਡਾਵਾਂ।

ਰੋਜ਼ੀ-ਰੋਟੀ ਖ਼ਾਤਿਰ ਤੋਰੇ ਹੱਥੀਂ ਰਾਜ ਦੁਲਾਰੇ, ਪੁੱਤਰ ਪਿਆਰੇ,
ਸੁੰਨੇ ਪਏ ਚੁਬਾਰੇ ਤੱਕ ਕੇ ਉੱਚੀ ਰੋਵਣ ਮਾਵਾਂ, ਕਰਨ ਦੁਆਵਾਂ।

ਜਿਸ ਥਾਂ ਸਾਂਝ ਮੁਹੱਬਤ ਵਾਲੇ ਹੱਸੇ ਉੱਚੀ ਹਾਸੇ, ਵਾਂਗ ਪਿਤਾਸੇ,
ਸਾਨੂੰ ਮਖ਼ਮਲ ਵਾਂਗੂੰ ਜਾਪਣ ਸੱਜਣ ਜੀ ਉਹ ਰਾਹਵਾਂ, ਜਦ ਵੀ ਜਾਵਾਂ।

ਪੱਥਰ ਉੱਤੇ ਲੀਕ ਬਣੇ ਨੇ ਕੀਤੇ ਸੀ ਜੋ ਵਾਅਦੇ, ਨਾਲ ਇਰਾਦੇ,
ਇਸ਼ਕ ਇਬਾਦਤ ਯਾਰ ਖ਼ੁਦਾ ਹੈ ਅਪਣੇ ਬੋਲ ਪੁਗਾਵਾਂ, ਧਰਮ ਨਿਭਾਵਾਂ।

ਅੱਖਰ ਅੱਖਰ ਚਾਨਣ ਵੰਡਣ ਸ਼ਬਦਾਂ ਵਿਚ ਖ਼ੁਸ਼ਬੋਈ, ਸੋਚ ਨਿਰੋਈ,
ਅੰਬਰ ਵਿਚੋਂ ਨੂਰ ਵਰਸਦਾ ਜਦ ਮੈਂ ਉੱਚੀ ਗਾਵਾਂ, ਇਹ ਕਵਿਤਾਵਾਂ।

ਖ਼ਾਬਾਂ ਦੇ ਵਿਚ ਆਣ ਖਲੋਵੇ ਮੇਰਾ ਦਿਲਬਰ ਜਾਨੀ, ਕਰ ਮਨਮਾਨੀ,
ਦਿਲ ਕਰਦਾ ਹੈ ਉਸ ਨੂੰ 'ਪੱਖੋ' ਪਲਕਾਂ ਹੇਠ ਬਿਠਾਵਾਂ, ਲੈਕੇ ਲਾਵਾਂ।।



• ਜਗਤਾਰ ਪੱਖੋ, ਮੋਬਾਈਲ : 94651-96946

ਮਿਲੀ ਇਹ ਹੋਂਦ ਵੱਡੀ ਹੈ, ਮਿਲੀ ਇਹ ਜਾਤ ਵੱਡੀ ਹੈ।
ਮੁਨੱਖਾ ਦੇਹ ਪ੍ਰਾਪਤੀ ਜੋ, ਮਿਲੀ ਇਹ ਦਾਤ ਵੱਡੀ ਹੈ।

ਬੁਰੇ ਕੰਮੀ ਨ ਰਚ-ਮਿਚ ਤੂੰ ਨ ਬਣ ਬਘਿਆੜ ਐ ਬੰਦੇ,
ਰਹੀਂ ਬੰਦਾ ਨ ਬਣ ਦਾਨਵ, ਤਿਰੀ ਔਕਾਤ ਵੱਡੀ ਹੈ।

ਮਿਲੀ ਹੈ ਅਕਲ ਤੈਨੂੰ, ਸੋਚ ਦੀ ਤੌਫ਼ੀਕ ਬਖ਼ਸ਼ੀ ਹੈ,
ਮਿਲੀ ਬੋਲੀ, ਮਿਲੀ ਦ੍ਰਿਸ਼ਟੀ, ਮਿਲੀ ਸੌਗਾਤ ਵੱਡੀ ਹੈ।

ਕਰੇਂ ਜੇ ਪਿਆਰ ਸਭ ਨੂੰ, ਸਭ ਮੁੱਹਬਤ ਕਰਨਗੇ ਤੈਨੂੰ,
ਨਹੀਂ ਨਿੱਕੀ, ਨਹੀਂ ਛੋਟੀ, ਬੜੀ ਇਹ ਬਾਤ ਵੱਡੀ ਹੈ।

ਬਿਨਸ ਜਾਣੀ ਪਤਾ ਕੀ ਦੇਹ ਤੇਰੀ ਕੀਮਤੀ ਕਦ ਇਹ,
ਸਮੇਂ ਨੇ ਨਿਗਲ ਜਾਣਾ ਸਭ, ਸਮੇਂ ਦੀ ਘਾਤ ਵੱਡੀ ਹੈ।

ਰਹੂ ਨੇਕੀ ਸਦਾ ਜਿਉਂਦੀ ਸਦਾ ਕੁਰਬਾਨੀਆਂ ਜਿਊਣਾ,
ਖੜੇ ਧੌਲਰ ਨਹੀਂ ਰਹਿਣੇ, ਨਹੀਂ ਇਹ ਧਾਤ ਵੱਡੀ ਹੈ।

ਉਠਾ ਕੇ ਤੁਰ ਮਸ਼ਾਲਾਂ 'ਮੂਰਤੀ' ਕਰ ਗਿਆਨ ਦਾ ਚਾਨਣ,
ਤਿਰੇ ਰਸਤੇ 'ਚ ਹਾਲੇ ਤਾਂ ਹਨੇਰੀ ਰਾਤ ਵੱਡੀ ਹੈ।



• ਡਾ. ਰਾਮ ਮੂਰਤੀ, ਮੋਬਾਈਲ : 97795-91765

ਸੱਜਣ ਕਹਿਰ ਕਮਾਉਂਦੇ ਵੇਖੇ, ਛੁਪ ਕੇ ਤੀਰ ਚਲਾਉਂਦੇ ਵੇਖੇ।
ਗਿਰਗਟ ਵਾਂਗੂ ਪਲਾਂ-ਛਿਨਾਂ ਵਿਚ, ਬਹੁਤੇ ਰੰਗ ਵਟਾਉਂਦੇ ਦੇਖੇ।

ਜਿਉਂਦੇ ਜੀਅ ਤਾਂ ਕਦਰ ਨਾ ਪਾਈ, ਬਾਅਦ ਮੌਤ ਦੇ ਧੂੰਮ-ਮਚਾਈ,
ਚਿਖਾ ਜਲਾਕੇ ਦੇਸੀ ਘਿਉ ਨਾਲ, ਪੂਜਾ ਪਾਠ ਕਰਾਉਂਦੇ ਵੇਖੇ।


ਜਿਹਨਾਂ ਦੇ ਸੀ ਬਹੁਤ ਸਹਾਰੇ, ਮਿੱਤਰ ਸੀ ਜੋ ਬੜੇ ਪਿਆਰੇ,
ਸਿਰ 'ਤੇ ਬਿਪਤਾ ਆਣ ਪਈ ਜਦ, ਉਹ ਵੀ ਪਿੱਠ ਦਿਖਾਉਂਦੇ ਵੇਖੇ।

ਕੋਈ ਨਾ ਆਖੇ ਮੈਂ ਹਾਂ ਭੁੱਲਾ, ਨੱਚ ਕੇ ਯਾਰ ਮਨਾ ਗਿਆ ਬੁੱਲ੍ਹਾ,
ਬੁੱਲ੍ਹੇ ਵਾਂਗੂ ਘੁੰਗਰੂ ਪਾ ਕੇ, ਹੁਣ ਨਾ ਯਾਰ ਮਨਾਉਂਦੇ ਦੇਖੇ।

ਬਣ ਗਏ ਕੁਝ ਕੌਮਾ ਦੇ ਮੋਹਰੀ, ਨਾਲ ਫ਼ਰੇਬ ਦੇ ਕਰਦੇ ਚੋਰੀ,
ਜਨਤਾ ਭੋਲੀ ਪਿੱਛੇ ਲਾ ਕੇ, ਲੋਭੀ ਨੋਟ ਕਮਾਉਂਦੇ ਵੇਖੇ।

ਧਰਮ ਦੇ ਨਾਂ 'ਤੇ ਵੰਡਾਂ ਪਾਵਣ, ਨੇਤਾ ਜਨਤਾ ਤਾਂਈ ਲੜਾਵਣ,
ਕੁਰਸੀ ਖ਼ਾਤਿਰ ਲਾਉਣ ਚੁਆਂਤੀ, ਬੁਝਦੀ ਅੱਗ ਜਲਾਉਂਦੇ ਵੇਖੇ।

ਦੁਨੀਆ ਧੋਖਾ ਰੰਗ ਤਮਾਸ਼ੇ, 'ਸ਼ੇਰਗਿਲ' ਸਭ ਝੂਠੇ ਹਾਸੇ,
ਕਿਸੇ ਦਾ ਕੋਈ ਮਾਤ ਨਹੀਂ ਹੈ, ਝੂਠੇ ਪਿਆਰ ਜਤਾਉਂਦੇ ਵੇਖੇ।



• ਗੁਰਵਿੰਦਰ ਸਿੰਘ ਸ਼ੇਰਗਿਲ, ਮੋਬਾਈਲ : 98728-78501

ਹਰਿਕ ਦਿਲ 'ਚ ਗ਼ਮ ਦਾ ਬਸੇਰਾ ਮਿਲੇਗਾ।
ਵਿਆਕੁਲ ਤੁਹਾਨੂੰ ਚੁਫ਼ੇਰਾ ਮਿਲੇਗਾ।

ਬੜੀ ਰੌਸ਼ਨੀ ਉਂਞ ਚੁਫ਼ੇਰੇ ਬਿਖੇਰਨ,
ਚਿਰਾਗ਼ਾਂ ਥੱਲੇ ਪਰ ਹਨੇਰਾ ਮਿਲੇਗਾ।

ਜਦੋਂ ਖ਼ਤਮ ਹੋਈ ਇਹ ਕੁਨਬਾ-ਪ੍ਰਸਤੀ,
ਫਿਰ ਅਹੁਦਾ ਹੁਨਰ ਨੂੰ ਉਚੇਰਾ ਮਿਲੇਗਾ।

ਅਦਾਕਾਰੀਆਂ ਦੀ ਮੁਹਾਰਤ ਨਾ ਮੈਨੂੰ,
ਸਦਾ ਇਕ ਜਿਹਾ ਰੂਪ ਮੇਰਾ ਮਿਲੇਗਾ।

ਮਿਲੇਗਾ ਨਾ ਕੋਈ ਨਿਭਾਵਣ ਲਈ ਪਰ,
ਦਿਲਾਸਾ ਹਰਿਕ ਤੋਂ ਬਥੇਰਾ ਮਿਲੇਗਾ।

ਹਕੂਮਤ ਸਦਾ ਨਾ ਹਨ੍ਹੇਰੇ ਦੀ ਰਹਿਣੀ,
ਕਦੇ ਨਾ ਕਦੇ ਤਾਂ ਸਵੇਰਾ ਮਿਲੇਗਾ।

ਇਹੋ ਸੋਚ ਕੇ ਬਸ ਰਿਹਾ ਭਟਕਦਾ ਮੈਂ,
ਕਦੇ ਤਾਂ ਕੋਈ ਰਾਹ ਦਸੇਰਾ ਮਿਲੇਗਾ।

• ਕੁਲਦੀਪ ਸਿੰਘ ਰੁਪਾਲ
ਮੋਬਾਈਲ :94174-56778

---

## ਪ੍ਰਾਪਤ ਪੁਸਤਕਾਂ



| | | | |
|---|---|---|---|
| ਪੁਸਤਕ | ਪੰਜਾਬੀ ਗ਼ਜ਼ਲ... | | |
| ਸੰਪਾਦਕ | ਰਾਜਿੰਦਰ ਬਿਮਲ, ਅਮਨ ਸੀ ਸਿੰਘ | | |
| ਪੰਨੇ | 432 | ਮੁੱਲ | 375/- |
| ਪ੍ਰਕਾਸ਼ਕ | ਕੁਕਨੁਸ ਪ੍ਰਕਾਸ਼ਨ, ਜਲੰਧਰ। | | |



| | | | |
|---|---|---|---|
| ਪੁਸਤਕ | ਪੰਜਾਬੀ ਬਾਲ ਸਾਹਿਤ ਤੇ ਬਲਜਿੰਦਰ ਮਾਨ | | |
| ਸੰਪਾਦਕ | ਪ੍ਰੋ. ਜੇ. ਬੀ. ਸੇਖੋਂ, ਕਮਲਜੀਤ ਨੀਲੋਂ | | |
| ਪੰਨੇ | 147 | ਮੁੱਲ | 295/- |
| ਪ੍ਰਕਾਸ਼ਕ | ਯੂਨੀਸਟਾਰ ਬੁਕਸ, ਚੰਡੀਗੜ੍ਹ। | | |



| | | | |
|---|---|---|---|
| ਪੁਸਤਕ | ਦੁੱਖ ਡਾਰੋਂ ਵਿਛੜੀ ਕੂੰਜ ਦਾ | | |
| ਸੰਪਾਦਕ | ਡ. ਕਾਬਲ ਸਿੰਘ ਸੰਧੂ | | |
| ਪੰਨੇ | 136 | ਮੁੱਲ | 180/- |
| ਪ੍ਰਕਾਸ਼ਕ | ਸੰਭਾਵਨਾ ਪ੍ਰਕਾਸ਼ਨ, ਅੰਮ੍ਰਿਤਸਰ। | | |

# ਕਣਕ ਦੀ ਨਾੜ ਨੂੰ ਅੱਗ ਲਾਉਣ ਵਾਲਿਆਂ ’ਤੇ ਹੋਵੇਗੀ ਸਖ਼ਤ ਕਾਰਵਾਈ

**ਪਟਿਆਲਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਣਕ ਦੀ ਨਾੜ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਮਹੱਤਵਪੂਰਨ ਕਦਮ ਚੁੱਕਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਵਰਜੀਤ ਵਾਲੀਆ ਵੱਲੋਂ ਕਣਕ ਦੀਆਂ ਘਟਨਾਵਾਂ ਨੂੰ ਰੋਕਣ ਲਈ ਇੱਕ ਸਮੀਖਿਆ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਸਿਮਰਪ੍ਰੀਤ ਕੌਰ ਸਮੇਤ ਸੰਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਨਾੜ ਸਾੜਨ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਹੁਕਮ ਦਿੱਤੇ ਕਿ ਜ਼ਿਲ੍ਹੇ ’ਚ 24 ਘੰਟੇ ਨਿਗਰਾਨੀ ਦੇ ਹੁਕਮ ’ਤੇ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਜਾਵੇ।

ਉਨ੍ਹਾਂ ਨੇ ਖੇਤੀਬਾੜੀ ਵਿਭਾਗ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਸਹਿਕਾਰਤਾ ਵਿਭਾਗ ਨੂੰ ਆਪਸੀ ਸਹਿਯੋਗ ਨਾਲ ਕੰਮ ਕਰਨ ਦੀ ਹਦਾਇਤ ਕੀਤੀ ਤਾਂ ਜੋ ਇਸ ਸਮੱਸਿਆ ਦਾ ਪ੍ਰਭਾਵਸ਼ਾਲੀ ਹੱਲ ਕੀਤਾ ਜਾ ਸਕੇ।

ਇਸ ਤੋਂ ਇਲਾਵਾ, ਡਿਪਟੀ ਕਮਿਸ਼ਨਰ ਨੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ‘ਤੇ ਵੀ ਜ਼ੋਰ ਦਿੱਤਾ ਅਤੇ ਸੰਬੰਧਤ ਵਿਭਾਗਾਂ ਨੂੰ ਪਿੰਡ ਪੱਧਰ ‘ਤੇ ਜਾਗਰੂਕਤਾ ਕੈਂਪ ਲਗਾਉਣ ਦੇ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਨਾੜ ਨਾ ਸਾੜਨ ਦੇ ਨੁਕਸਾਨਾਂ ਅਤੇ ਬਦਲਵੇਂ ਉਪਾਵਾਂ ਬਾਰੇ ਜਾਣਕਾਰੀ ਦੇਣਾ ਬਹੁਤ ਜ਼ਰੂਰੀ ਹੈ।

ਜ਼ਿਲ੍ਹਾ ਪ੍ਰਸ਼ਾਸਨ ਨੇ ਸਾਰੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਵਾਤਾਵਰਣ ਦੀ ਸੁਰੱਖਿਆ ਅਤੇ ਸਿਹਤਮੰਦ ਜੀਵਨ ਲਈ ਨਾੜ ਨੂੰ ਅੱਗ ਨਾ ਲਗਾਈ ਜਾਵੇ ਅਤੇ ਸਰਕਾਰ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ।

ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ, ਏ ਪੀ ਪੀ ਓ ਡਾ. ਅਵਨਿੰਦਰ ਸਿੰਘ ਮਾਨ, ਪ੍ਰਦੂਸ਼ਣ ਕੰਟਰੋਲ ਬੋਰਡ ਤੋਂ ਨਵਤੇਸ਼ ਸਿੰਗਲਾ, ਏ ਏ ਈ ਪ੍ਰਭਦੀਪ ਸਿੰਘ, ਏ ਈ ਓ ਰਵਿੰਦਰ ਪਾਲ ਸਿੰਘ ਚੱਠਾ, ਸਹਿਕਾਰਤਾ ਵਿਭਾਗ ਤੋਂ ਡੀ ਆਰ ਕੋਆਪਰੇਟਿਵ ਸੋਸਾਇਟੀ ਸੰਗਰਾਮ ਸਿੰਘ ਸੰਧੂ ਮੌਜੂਦ ਸਨ।

# ਪੀ.ਆਰ.ਟੀ.ਸੀ. ਵਿੱਚ ਕੰਮ ਕਰਦੀਆਂ ਛੇ ਜਥੇਬੰਦੀਆਂ ਦੀ ਸਾਂਝੀ ਐਕਸ਼ਨ ਕਮੇਟੀ ਦੀ ਮੀਟਿੰਗ ਨਿਰਮਲ ਸਿੰਘ ਧਾਲੀਵਾਲ ਦੀ ਕਨਵੀਨਰਸ਼ਿਪ ਹੇਠ ਆਯੋਜਿਤ

**ਪਟਿਆਲਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਪੀ.ਆਰ.ਟੀ.ਸੀ. ਵਿੱਚ ਕੰਮ ਕਰਦੀਆਂ ਛੇ ਜਥੇਬੰਦੀਆਂ ਦੀ ਸਾਂਝੀ ਐਕਸ਼ਨ ਕਮੇਟੀ ਦੀ ਮੀਟਿੰਗ ਨਿਰਮਲ ਸਿੰਘ ਧਾਲੀਵਾਲ ਦੀ ਕਨਵੀਨਰਸ਼ਿਪ ਹੇਠ ਹੋਈ। ਜਿਸ ਵਿੱਚ ਪੀ.ਆਰ.ਟੀ.ਸੀ. ਦੇ ਵਰਕਰਾਂ ਦੀਆਂ ਅਹਿਮ ਅਤੇ ਕਾਨੂੰਨੀ ਤੌਰ ਤੇ ਵਾਜਬ ਮੰਗਾਂ ਨੂੰ ਮੈਨੇਜਮੈਂਟ ਵਲੋਂ ਲੰਮੇ ਸਮੇਂ ਤੋਂ ਨਜ਼ਰ ਅੰਦਾਜ ਕਰਕੇ ਵਰਕਰਾਂ ਦਾ ਭਾਰੀ ਨੁਕਸਾਨ ਕੀਤਾ ਜਾ ਰਿਹਾ ਹੈ ਅਤੇ ਉੱਪਰੋ ਪੰਜਾਬ ਸਰਕਾਰ ਵੱਲੋਂ ਪੀ.ਆਰ.ਟੀ.ਸੀ. ਦੀਆਂ ਬੱਸਾਂ ਮੁਫ਼ਤ ਸਫਰ ਸਹੂਲਤਾਂ, ਸਰਕਾਰੀ ਰੈਲੀਆਂ ਅਤੇ ਸਰਕਾਰੀ ਧਾਰਮਿਕ ਯਾਤਰਾਵਾਂ ਤੇ ਵੱਡੇ ਪੈਮਾਨੇ ਤੇ ਲਗਭਗ ਹਰ ਰੋਜ਼ ਸੈਕੜਿਆਂ ਦੀ ਗਿਣਤੀ ਵਿੱਚ ਇਨ੍ਹਾਂ ਕੰਮਾਂ ਲਈ ਵਰਤਕੇ ਤਨਖਾਹਾਂ/ਪੈਨਸ਼ਨਾਂ, ਮੈਡੀਕਲ ਬਿੱਲਾਂ ਅਤੇ ਹੋਰ ਕਾਨੂੰਨੀ ਬਕਾਇਆ ਦੀਆਂ ਅਦਾਇਗੀਆਂ ਦਾ ਸੰਕਟ ਖੜਾ ਕਰ ਦਿੱਤਾ ਗਿਆ ਹੈ। ਐਕਸ਼ਨ ਕਮੇਟੀ ਵਲੋਂ ਮੁੱਖ ਦਫਤਰ ਸਾਹਮਣੇ ਵਰਕਰਾਂ ਦੇ ਗੰਭੀਰ ਬਣ ਚੁੱਕੇ ਮਸਲਿਆਂ ਦੇ ਰੋਸ ਵਜੋਂ 9 ਅਪ੍ਰੈਲ ਨੂੰ ਪਟਿਆਲਾ ਵਿਖੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ। ਵਰਕਰਾਂ ਦੀਆਂ ਮੰਗਾਂ ਅਤੇ ਮੁਸ਼ਕਲਾਂ ਸਬੰਧੀ ਵਿਸਥਾਰ ਵਿੱਚ ਜਿਕਰ ਕਰਦਿਆਂ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਨ ਸਰਵ ਸ੍ਰੀ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖਟੜਾ, ਨਸੀਬ ਚੰਦ, ਤਰਸੇਮ ਸਿੰਘ ਅਤੇ ਉਤਮ ਸਿੰਘ ਬਾਗੜੀ ਨੇ ਦੱਸਿਆ ਕਿ ਪੀ.ਆਰ.ਟੀ.ਸੀ. ਦੇ ਵਰਕਰਾਂ ਅਤੇ ਪੈਨਸ਼ਨਰਜ਼ ਨੂੰ ਹਰ ਮਹੀਨੇ ਤਨਖਾਹ ਅਤੇ ਪੈਨਸ਼ਨ ਮਹੀਨੇ ਦੇ ਦੂਜੇ ਜਾਂ ਤੀਜੇ ਹਫਤੇ ਤੋਂ ਪਹਿਲਾ ਨਹੀਂ ਮਿਲਦੀ ਕਿਉਂਕਿ ਪੰਜਾਬ ਸਰਕਾਰ ਮੁਫ਼ਤ ਸਫਰ ਸਹੂਲਤਾਂ ਬਦਲੇ ਪੀ.ਆਰ.ਟੀ.ਸੀ. ਨੂੰ ਬਣਦੀ ਅਦਾਇਗੀ ਨਹੀਂ ਕਰਦੀ ਜਦ ਕਿ 600 ਕਰੋੜ ਤੋਂ ਵੱਧ ਦੀ ਰਕਮ ਸਰਕਾਰ ਵੱਲ ਖੜੀ ਹੈ। ਜਿਸ ਵਿੱਚ ਹਰ ਮਹੀਨੇ 40 ਕਰੋੜ ਦੇ ਲਗਭਗ ਮੁਫ਼ਤ ਸਫਰ ਦਾ ਹੋਰ ਜੁੜ ਜਾਂਦਾ ਹੈ।

ਸਰਕਾਰ ਵਲੋਂ ਬਜਟ ਵਿੱਚ ਅੱਧੀ ਰਕਮ ਵੀ ਨਹੀਂ ਰੱਖੀ ਗਈ। ਇਸ ਤੋਂ ਇਲਾਵਾ ਹਰ ਦੂਜੇ ਤੀਜੇ ਦਿਨ ਸੈਂਕੜੇ ਬੱਸਾਂ ਨੂੰ ਸਰਕਾਰੀ ਫੰਕਸ਼ਨਾਂ ਤੇ ਕੀਤੀਆਂ ਜਾਂਦੀਆਂ ਰੈਲੀਆਂ ਵਿੱਚ ਭੇਜ਼ ਦਿੱਤਾ ਜਾਂਦਾ ਹੈ। ਜਿਸਦਾ ਵੀ ਵੱਡਾ ਨੁਕਸਾਨ ਪੀ.ਆਰ.ਟੀ.ਸੀ. ਨੂੰ ਝੱਲਣਾ ਪੈ ਰਿਹਾ ਹੈ ਅਤੇ ਇਸ ਦਾ ਖਮਿਆਜਾ ਕਰਮਚਾਰੀ ਅਤੇ ਪੈਨਸ਼ਨਰ ਭੁਗਤ ਰਹੇ ਹਨ। ਜਿਸਦਾ ਫਾਇਦਾ ਪ੍ਰਾਈਵੇਟ ਬਸ ਮਾਫੀਏ ਨੂੰ ਪੁੱਜ ਰਿਹਾ ਹੈ। ਵਰਕਰਾਂ ਦੇ ਕਈ ਤਰ੍ਹਾਂ ਦੇ ਵਿੱਤੀ ਬਕਾਏ ਲਗਭਗ 125 ਕਰੋੜ ਰੁਪਏ ਦੇ ਨਹੀਂ ਦਿੱਤੇ ਜਾ ਰਹੇ। ਕੋਰਟ ਰਾਹੀਂ ਰੈਗੂਲਰ ਕੀਤੇ ਗਏ ਕੰਟਰੈਕਟ ਵਰਕਰਾ ਦੇ ਫੈਸਲੇ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ, ਸੁਪਰਵਾਈਜਰੀ ਅਤੇ ਉਪਰੇਸ਼ਨ ਸਟਾਫ ਦੇ ਟੀ.ਏ. ਡੀ.ਏ. ਰੇਟਾਂ ਵਿੱਚ ਸਰਕਾਰ ਵੱਲੋਂ ਕੀਤੇ ਵਾਅਦੇ ਵਾਲੇ ਹੁਕਮਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ। ਪੁਰਾਣੀ ਪੈਨਸ਼ਨ ਦੇ ਲਾਭ ਦੇ ਹੱਕਦਾਰ ਕੁੱਝ ਕਰਮਚਾਰੀਆਂ ਨੂੰ ਅਜੇ ਤੱਕ ਪੈਨਸ਼ਨ ਸਕੀਮ 1992 ਦਾ ਮੈਂਬਰ ਨਹੀਂ ਬਣਾਇਆ ਗਿਆ। ਵਰਕਰਾਂ ਦੀਆਂ ਤਰੱਕੀਆਂ ਨੂੰ ਲੰਮੇ ਸਮੇਂ ਤੋਂ ਨਜ਼ਰ ਅੰਦਾਜ ਕੀਤਾ ਹੋਇਆ ਹੈ। ਪੰਜਾਬ ਸਰਕਾਰ ਵਲੋਂ ਪੈਨਸ਼ਨਰਾਂ ਲਈ ਮਿਲਦਾ 6.5 ਕਰੋੜ ਰੁਪਏ ਦੀ ਰਾਸ਼ੀ ਬੰਦ ਕੀਤੀ ਜਾ ਰਹੀ ਹੈ। ਐਕਸ਼ਨ ਕਮੇਟੀ ਵਲੋਂ ਟਰਾਂਸਪੋਰਟ ਮੰਤਰੀ ਜਿਹੜੇ ਕਿ ਖਜਾਨਾ ਮੰਤਰੀ ਵੀ ਹਨ ਉਹਨਾਂ ਨੂੰ ਇੱਕ ਮੈਮੋਰੰਡਮ ਭੇਜਿਆ ਗਿਆ ਹੈ ਅਤੇ ਮੀਟਿੰਗ ਲਈ ਸਮੇਂ ਦੀ ਮੰਗ ਕੀਤੀ ਗਈ ਹੈ ਤਾਂ ਕਿ ਗੱਲਬਾਤ ਰਾਹੀਂ ਸਮੱਸਿਆਵਾ ਦਾ ਹੱਲ ਕੱਢਿਆ ਜਾ ਸਕੇ।

# ਹਲਕਾ ਰਾਜਪੁਰਾ ਨੂੰ ਇੱਕ ਮਾਡਲ ਸ਼ਹਿਰ ਵਜੋਂ ਵਿਕਸਿਤ ਕੀਤਾ ਜਾਵੇਗਾ: ਵਿਧਾਇਕਾ ਨੀਨਾ ਮਿੱਤਲ

**➢ ਵਿਧਾਇਕਾ ਨੇ ਸੀਵਰੇਜ ਦੇ 22 ਕਰੋੜ ਦੇ ਪ੍ਰਾਜੈਕਟਾਂ ਦਾ ਰੱਖਿਆ ਨੀਂਹ ਪੱਥਰ ➢ ਵਾਰਡ ਨੰਬਰ 17 ਦੇ ਵਾਸੀਆਂ ਦੀ ਲੰਮੇ ਸਮੇਂ ਤੋਂ ਲਟਕਦੀ ਮੰਗ ਕੀਤੀ ਪੂਰੀ, ਨਵੀਂ ਸੀਵਰੇਜ ਪਾਈਪ ਲਾਈਨ ਹੋਈ ਸ਼ੁਰੂ**



**ਰਾਜਪੁਰਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਰਾਜਪੁਰਾ ਦੇ ਵਿਧਾਇਕਾ ਨੀਨਾ ਮਿੱਤਲ ਨੇ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਲਗਭਗ 22 ਕਰੋੜ ਰੁਪਏ ਦੀ ਲਾਗਤ ਨਾਲ ਸੀਵਰੇਜ ਪ੍ਰੋਜੈਕਟਾਂ ਦੇ ਕੰਮਾਂ ਦਾ ਨੀਂਹ ਪੱਥਰ ਰੱਖਿਆ। ਇਸ ਦੇ ਨਾਲ ਹੀ ਵਾਰਡ ਨੰਬਰ 17 ਵਿੱਚ ਨਵੀਂ ਸੀਵਰੇਜ ਪਾਈਪ ਲਾਈਨ ਪਾਉਣ ਦੇ ਕੰਮ ਦੀ ਅਧਿਕਾਰਕ ਸ਼ੁਰੂਆਤ ਵੀ ਕੀਤੀ ਗਈ।

ਇਹ ਪ੍ਰੋਜੈਕਟ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਤੇ ਸਥਾਨਕ ਸਰਕਾਰਾਂ ਵਿਭਾਗ ਦੇ ਕੈਬਿਨੇਟ ਮੰਤਰੀ ਸੰਜੀਵ ਕੁਮਾਰ ਅਰੋੜਾ ਦੇ ਯਤਨਾਂ ਸਦਕਾ ਅੱਗੇ ਵਧਾਇਆ ਗਿਆ ਹੈ। ਇਸ ਮੌਕੇ ਨਗਰ ਕੌਂਸਲ ਰਾਜਪੁਰਾ ਦੇ ਕਾਰਜਸਾਧਕ ਅਫਸਰ ਅਵਤਾਰ ਸੇਖਰੀ ਅਤੇ ਉਪਮੰਡਲ ਮੈਜਿਸਟ੍ਰੇਟ ਨਮਨ ਮਾਰਕਨ ਅਤੇ ਹਲਕਾ ਸੰਗਠਨ ਇੰਚਾਰਜ ਅਤੇ ਵਾਰਡ ਨੰਬਰ 17 ਦੇ ਇੰਚਾਰਜ ਰੀਤੇਸ ਬਾਂਸਲ ਦੇ ਸਹਿਯੋਗ ਨਾਲ ਇਹ ਮਹੱਤਵਪੂਰਨ ਪ੍ਰੋਜੈਕਟ ਸ਼ੁਰੂ ਕੀਤਾ ਗਿਆ।ਇਸ ਮੌਕੇ ਅਜੈ ਮਿੱਤਲ ਨੇ ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।

ਵਿਧਾਇਕਾ ਨੀਨਾ ਮਿੱਤਲ ਨੇ ਇਸ ਮੌਕੇ ਕਿਹਾ ਕਿ ਵਾਰਡ ਨੰਬਰ 17 ਅਤੇ ਹੋਰ ਇਲਾਕਿਆਂ ਦੇ ਨਿਵਾਸੀ ਲੰਮੇ ਸਮੇਂ ਤੋਂ ਸੀਵਰੇਜ ਓਵਰਫਲੋ ਦੀ ਸਮੱਸਿਆ ਨਾਲ ਜੂਝ ਰਹੇ ਸਨ। ਲੋਕਾਂ ਦੀ ਇਸ ਪੁਰਾਣੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਹੁਣ ਨਵੀਂ ਸੀਵਰੇਜ ਪਾਈਪ ਲਾਈਨ ਪਾਈ ਜਾ ਰਹੀ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਨੀਲਪੁਰ ਸਟੇਡੀਅਮ ਕੋਲੋਂ ਮੇਨ ਰੋਡ ਬਾਈਪਾਸ ਤੇ ਅੰਡਰਗਰਾਊਂਡ ਸੀਵਰੇਜ ਪਾਈਪ ਲਾਈਨ ਪਾਉਣ ਦਾ ਕੰਮ ਸ਼ੁਰੂ ਹੋ ਚੁੱਕਾ ਹੈ ਅਤੇ ਜਲਦੀ ਹੀ ਹੋਰ ਇਲਾਕਿਆਂ ਵਿੱਚ ਵੀ ਇਹ ਕੰਮ ਵਿਸਥਾਰ ਨਾਲ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਸੀਵਰੇਜ ਓਵਰਫਲੋ ਅਤੇ ਬੈਕ ਮਾਰਨ ਦੀ ਸਮੱਸਿਆ ਦਾ ਪੱਕਾ ਹੱਲ ਨਿਕਲੇਗਾ, ਜਿਸ ਨਾਲ ਲੋਕਾਂ ਦੀ ਜ਼ਿੰਦਗੀ ਸੁਖਾਲੀ ਬਣੇਗੀ। ਉਨ੍ਹਾਂ ਨੇ ਸੰਬੰਧਤ ਵਿਭਾਗਾਂ ਨੂੰ ਹਦਾਇਤਾਂ ਜਾਰੀ ਕਰਦਿਆਂ ਕੰਮ ਨੂੰ ਸਮੇਂ ਸਿਰ ਅਤੇ ਮਿਆਰੀ ਢੰਗ ਨਾਲ ਪੂਰਾ ਕਰਨ ਲਈ ਕਿਹਾ।

ਇਸ ਦੌਰਾਨ ਵਿਧਾਇਕਾ ਨੀਨਾ ਮਿੱਤਲ ਨੇ ਵਿਰੋਧੀ ਧਿਰਾਂ ‘ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਹਿਲਾਂ ਦੀਆਂ ਸਰਕਾਰਾਂ ਵੱਲੋਂ ਵੱਡੀਆਂ ਗ੍ਰਾਂਟਾਂ ਦੇ ਦਾਵੇ ਤਾਂ ਕੀਤੇ ਗਏ ਪਰ ਜ਼ਮੀਨੀ ਪੱਧਰ ‘ਤੇ ਵਿਕਾਸ ਦੇ ਕੰਮ ਨਹੀਂ ਕੀਤੇ।

ਗਰੀਨ ਸਿਟੀ ਫੇਸ-1 ਅਤੇ ਫੇਸ-2, ਭਟੇਜਾ ਕਲੋਨੀ, ਗਨੇਸ਼ ਨਗਰ, ਸਤਨਾਮ ਨਗਰ ਅਤੇ ਪੀਰ ਕਲੋਨੀ ਸਮੇਤ ਕਈ ਇਲਾਕਿਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਥਾਵਾਂ ‘ਤੇ ਲੋਕ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਰਹੇ।

ਵਿਧਾਇਕਾ ਨੀਨਾ ਮਿੱਤਲ ਨੇ ਕਿਹਾ ਕਿ ਮਾਨ ਸਰਕਾਰ ਹਰ ਵਰਗ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਵਿਕਾਸ ਕਾਰਜਾਂ ਨੂੰ ਸਿਰਮੌਰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਰਾਜਪੁਰਾ ਨੂੰ ਇੱਕ ਮਾਡਲ ਸ਼ਹਿਰ ਵਜੋਂ ਵਿਕਸਿਤ ਕੀਤਾ ਜਾਵੇਗਾ।

ਇਸ ਮੌਕੇ ਵਾਰਡ ਨੰਬਰ 17 ਦੇ ਇੰਚਾਰਜ ਰੀਤੇਸ ਬਾਂਸਲ ਨੇ ਵਿਧਾਇਕਾਂ ਮੈਡਮ ਨੀਨਾ ਮਿੱਤਲ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦਿਆਂ ਕਿਹਾ ਕਿ ਲੰਮੇ ਸਮੇਂ ਵਾਰਡ ਨਿਵਾਸੀਆਂ ਦੀ ਲਟਕਦੀ ਮੰਗ ਨੂੰ ਪੂਰਾ ਕੀਤਾ ਹੈ।

ਇਸ ਮੌਕੇ ਵਾਰਡ ਨਿਵਾਸੀਆਂ ਨੇ ਵੀ ਵਿਧਾਇਕਾ ਦੇ ਯਤਨਾਂ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਉਨ੍ਹਾਂ ਦੀ ਲੰਮੇ ਸਮੇਂ ਦੀ ਸਮੱਸਿਆ ਦਾ ਪੱਕਾ ਹੱਲ ਹੋਵੇਗਾ।

ਇਸ ਮੌਕੇ ਸੀਵਰੇਜ਼ ਬੋਰਡ ਦੇ ਐਸ ਡੀ ਓ ਕਰਨਦੀਪ ਸਿੰਘ, ਸ਼ਾਮ ਸੁੰਦਰ ਵਧਵਾ, ਸਚਿਨ ਮਿੱਤਲ, ਟਿੰਕੂ ਬਾਂਸਲ, ਰਮਨ ਟਿਵਾਣਾ, ਗੁਰਵਿੰਦਰ ਸਿੰਘ ਵੜੈਚ, ਬੀਡੀ ਨੰਦਾ, ਮਨੀਸ਼ ਕੁਮਾਰ, ਗੁਰਵੀਰ ਸਰਾਂਓ, ਹਰਪ੍ਰੀਤ ਸਿੰਘ ਲਾਲੀ, ਸਾਬਕਾ ਸਰਪੰਚ ਰਣਜੀਤ ਸਿੰਘ, ਰਤਨੇਸ ਜਿੰਦਲ, ਮੁਨੀਸ਼ ਕੁਮਾਰ ਭਟੇਜਾ ਕਲੋਨੀ, ਮਣੀ ਗਨੇਸ਼ ਕਲੋਨੀ, ਸਰਪੰਚ ਜਸਵੰਤ ਸਿੰਘ ਨੈਣਾ ਸਮੇਤ ਵੱਡੀ ਗਿਣਤੀ ਵਿਚ ਵਾਰਡ ਨੰਬਰ 17 ਦੇ ਵਾਸੀਆਂ ਮੌਜੂਦ ਸਨ।

# ਕੇਂਦਰ ਸਰਕਾਰ ਵੱਲੋਂ ਸੂਬੇ ਅੰਦਰ ਦਿੱਤੀ ਜਾ ਰਹੀ ਹੈ ਸਕੀਮਾਂ ਸਬੰਧੀ ਲੋਕਾਂ ਨੂੰ ਕੀਤਾ ਜਾਵੇਗਾ ਜਾਗਰੂਕ: ਖੱਟੜਾ



**ਪਟਿਆਲਾ, 6 ਅਪ੍ਰੈਲ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰ ਸਰਕਾਰ ਵੱਲੋਂ ਪੰਜਾਬ ਅੰਦਰ ਆਮ ਲੋਕਾਂ ਲਈ ਸੈਂਕੜੇ ਸਕੀਮਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਜਿਸ ਦਾ ਸਿੱਧਾ ਫਾਇਦਾ ਪੰਜਾਬ ਦੇ ਆਮ ਲੋਕਾਂ ਨੂੰ ਪ੍ਰਾਪਤ ਹੋ ਰਿਹਾ ਜਾ ਰਿਹਾ ਹੈ ਇਹਨਾਂ ਸਕੀਮਾਂ ਸਬੰਧੀ ਪਟਿਆਲਾ ਦਿਹਾਤੀ ਹਲਕੇ ਦੇ ਘਰ ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਤਾਂ ਜੋ ਭਾਜਪਾ ਨੂੰ ਜਮੀਨੀ ਪੱਧਰ ਤੇ ਦਿਹਾਤੀ ਖੇਤਰ ਵਿੱਚ ਮਜਬੂਤ ਕੀਤਾ ਜਾ ਸਕੇ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪਟਿਆਲਾ ਦਿਹਾਤੀ ਹਲਕੇ ਦੇ ਸੀਨੀਅਰ ਭਾਜਪਾ ਆਗੂ ਐਡਵੋਕੇਟ ਸਤਬੀਰ ਸਿੰਘ ਖੱਟੜਾ ਨੇ ਦੀ ਪਟਿਆਲਾ ਵੈਲਫੇਅਰ ਸੁਸਾਇਟੀ ਦੀ ਮਹੀਨਾਵਾਰ ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਖੱਟੜਾ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਨੂੰ ਦੇਖਦੇ ਹੋਏ ਨਿਤ ਦਿਨ ਵੱਖ ਵੱਖ ਪਾਰਟੀਆਂ ਦੇ ਸੀਨੀਅਰ ਆਗੂ ਭਾਜਪਾ ਵਿੱਚ ਵੱਡੇ ਪੱਧਰ ਤੇ ਸ਼ਾਮਲ ਹੋ ਰਹੇ ਹਨ ਜਿਸ ਤੋਂ ਸਾਫ ਪਤਾ ਚੱਲਦਾ ਹੈ ਕਿ ਆਉਣ ਵਾਲੀਆਂ 5 ਸਟੇਟਾਂ ਵਿੱਚ ਚੋਣਾਂ ਹੋਣ ਜਾ ਰਹੀਆਂ ਹਨ ਉਹਨਾਂ ਵਿੱਚ ਭਾਜਪਾ ਵੱਡੀ ਜਿੱਤ ਹਾਸਲ ਕਰੇਗੀ ਉਸੇ ਤਰ੍ਹਾਂ 2027 ਦੀਆਂ ਵਿਧਾਨ ਸਭਾ ਚੋਣਾਂ ਅੰਦਰ ਪੰਜਾਬ ਅੰਦਰ ਵੀ ਸਮੁੱਚੇ ਸੀਟਾਂ ਜਿੱਤ ਕੇ ਇੱਥੇ ਵੀ ਭਾਜਪਾ ਦੀ ਸਰਕਾਰ ਬਣਨਾ ਤੈ ਹੈ ਕਿਉਂ ਕੀ ਲੋਕਾਂ ਨੇ ਹੁਣ ਮਨ ਬਣਾ ਲਿਆ ਹੈ ਕੀ ਇਸ ਵਾਰ 2027 ਅੰਦਰ ਭਾਜਪਾ ਨੂੰ ਵੀ ਇੱਕ ਮੌਕਾ ਦੇ ਕੇ ਦੇਖਣਾ ਚਾਹੀਦਾ ਹੈ ਤਾਂ ਜੋ ਕੇਂਦਰ ਸਰਕਾਰ ਨਾਲ ਜੁੜ ਕੇ ਡਬਲ ਇੰਜਨ ਦੀ ਸਰਕਾਰ ਸੂਬੇ ਦਾ ਰਿਕਾਰਡ ਤੋੜ ਵਿਕਾਸ ਕਾਰਜ ਕਰੇਗੀ ਖੱਟੜਾ ਨੇ ਕਿਹਾ ਕੀ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਦੇਸ਼ ਦੇ ਗ੍ਰਿਹ ਮੰਤਰੀ ਅਮਿਤ ਸ਼ਾਹ ਦੀ ਜੋੜੀ ਵੱਲੋਂ ਪੰਜਾਬ ਦੇ ਅੰਦਰ ਲੋਕਾਂ ਦੀਆਂ ਸੁੱਖ ਸਹੂਲਤਾਂ ਲਈ ਹਰ ਖੇਤਰ ਵਿੱਚ ਕੰਮ ਕੀਤਾ ਜਾ ਰਿਹਾ ਹੈ ਜਿਸ ਨਾਲ ਲੋਕ ਬਾਗੋ ਬਾਗ ਹਨ ਉਨਾਂ ਕਿਹਾ ਕਿ ਐਚ ਐਸ ਫੂਲਕਾ ਵਰਗੇ ਸੀਨੀਅਰ ਆਗੂ ਦਾ ਪਾਰਟੀ ਅੰਦਰ ਸ਼ਾਮਿਲ ਹੋਣਾ ਪੰਜਾਬ ਲਈ ਸੁਭ ਸੰਕੇਤ ਹੈ।

ਉਨ੍ਹਾਂ ਕਿਹਾ ਕਿ ਭਾਜਪਾ ਦੇ ਦਫਤਰ ਬਾਹਰ ਧਮਾਕਾ ਹੁਣ ਆਪਸੀ ਭਾਈਚਾਰਕ ਸਾਂਝ ਤੋੜਨ ਦੀ ਵੱਡੀ ਕੋਸ਼ਿਸ਼ ਹੈ ਉਨਾਂ ਕਿਹਾ ਕਿ ਸੂਬੇ ਅੰਦਰ ਹੋਰ ਹੈ ਨਿਤ ਦਿਨ ਗਰਨੇਡ ਹਮਲੇ ਸਰਕਾਰ ਦੇ ਫੇਲੀਅਰ ਦੀ ਨਿਸ਼ਾਨੀ ਹੈ ਜਿਸ ਤੋਂ ਸਾਫ ਪਤਾ ਚੱਲਦਾ ਹੈ ਕਿ ਸੂਬੇ ਅੰਦਰ ਲਾ ਐਂਡ ਆਰਡਰ ਦੀ ਸਥਿਤੀ ਬਹੁਤ ਕਮਜ਼ੋਰ ਹੈ ਤਾਂ ਹੀ ਅਜਿਹੇ ਗ੍ਰੇਡ ਹਮਲੇ ਕਰਨ ਵਾਲਿਆਂ ਦੇ ਹੌਸਲੇ ਬੁਲੰਦ ਹਨ ਉਨਾਂ ਕਿਹਾ ਕਿ ਮੈਂ ਅਜੀਹੇ ਧਮਾਕੇ ਪੰਜਾਬ ਲਈ ਚਿੰਤਾ ਦਾ ਵਿਸ਼ਾ ਹਨ ਜਿਸ ਤੋਂ ਇੰਝ ਲੱਗਦਾ ਹੈ ਕੀ ਪੰਜਾਬ ਦਾ ਹਰ ਵਿਅਕਤੀ ਅਸੁਰੱਖਿਅਤ ਲੱਗਦਾ ਹੈ ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਅੰਦਰ ਹੁਣ ਸਹਿਮ ਦਾ ਮਾਹੌਲ ਬਣਿਆ ਹੋਇਆ ਤਾਂ ਹੀ ਪੰਜਾਬ ਦੇ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ ਤੇ ਅਪਰਾਧੀਆਂ ਦੇ ਪੰਜਾਬ ਅੰਦਰ ਵਧ ਰਹੇ ਹੌਸਲੇ ਇਹ ਗੱਲ ਦਰਸਾਉਂਦੀ ਹੈ ਕਿ ਪੰਜਾਬ ਸਰਕਾਰ ਅਜਿਹੇ ਮਸਲਿਆਂ ਤੇ ਗੰਭੀਰ ਨਹੀਂ ਹੈ ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਕੰਗ, ਗੁਰੀ ਸਿੱਧੂਵਾਲ, ਤਰਸੇਮ ਕੋਟਲੀ, ਆਦਿ ਵੀ ਹਾਜਰ ਸਨ

# 10000 ਰੁਪਏ ਰਿਸ਼ਵਤ ਲੈਂਦਾ ਐਸ.ਡੀ.ਓ. ਵਿਜੀਲੈਂਸ ਬਿਊਰੋ ਨੇ ਕੀਤਾ ਕਾਬੂ

**ਪਟਿਆਲਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੀ.ਐਸ.ਪੀ.ਸੀ.ਐਲ. ਦਫ਼ਤਰ, ਸਬ-ਡਿਵੀਜ਼ਨ ਕੁੱਪ ਕਲਾਂ ਜ਼ਿਲ੍ਹਾ ਮਲੇਰਕੋਟਲਾ ਵਿਖੇ ਤਾਇਨਾਤ ਉਪ-ਮੰਡਲ ਅਧਿਕਾਰੀ ਹਰਦੀਪ ਸਿੰਘ ਨੂੰ 10000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਭੋਗੀਵਾਲ ਜ਼ਿਲ੍ਹਾ ਮਲੇਰਕੋਟਲਾ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਕਿਹਾ ਕਿ ਦੋਸ਼ੀ ਐਸ.ਡੀ.ਓ. ਹਰਦੀਪ ਸਿੰਘ ਨੇ ਸ਼ਿਕਾਇਤਕਰਤਾ ਦੇ ਘਰ ਦੀ ਜਾਂਚ ਕੀਤੀ ਅਤੇ ਉਸਨੂੰ ਦੱਸਿਆ ਕਿ ਉਸ ਦੇ ਘਰ ਵਿੱਚ ਅਣਅਧਿਕਾਰਤ ਬਿਜਲੀ ਮੀਟਰ ਲੱਗੇ ਹੋਏ ਹਨ। ਇਸ ਸਬੰਧ ਵਿੱਚ ਮੁਲਜ਼ਮ ਐਸਡੀਓ ਨੇ ਇਨ੍ਹਾਂ ਬਿਜਲੀ ਮੀਟਰਾਂ ਨੂੰ ਚਾਲੂ ਰੱਖਣ ਲਈ ਸ਼ਿਕਾਇਤਕਰਤਾ ਤੋਂ 10000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਜ਼ਿਕਰਯੋਗ ਹੈ ਕਿ ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਦੀ ਪੂਰੀ ਗੱਲਬਾਤ ਰਿਕਾਰਡ ਕਰ ਲਈ ਸੀ।

ਸ਼ਿਕਾਇਤਕਰਤਾ ਕੋਈ ਵੀ ਗੈਰ-ਕਾਨੂੰਨੀ ਢੰਗ ਅਖ਼ਤਿਆਰ ਕਰਨ ਜਾਂ ਰਿਸ਼ਵਤ ਦੇਣ ਲਈ ਤਿਆਰ ਨਹੀਂ ਸੀ, ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ ’ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਅਧਿਕਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧ ਵਿੱਚ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਅਗਰਵਾਲ ਧਰਮਸ਼ਾਲਾ ਚੋਣਾਂ ਦਾ ਐਲਾਨ, 26 ਨੂੰ ਪੈਣਗੀਆਂ ਵੋਟਾਂ

**ਸਮਾਣਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਅਗਰਵਾਲ ਸਮਾਜ ਦੀ ਪ੍ਰਮੁੱਖ ਸੰਸਥਾ ਅਗਰਵਾਲ ਧਰਮਸ਼ਾਲਾ ਪ੍ਰਬੰਧਕ ਕਮੇਟੀ ਦੀਆਂ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਚੋਣ ਕਮੇਟੀ ਵੱਲੋਂ ਮਹੱਤਵਪੂਰਨ ਫੈਸਲਾ ਕਰਦਿਆਂ 26 ਅਪ੍ਰੈਲ ਨੂੰ ਵੋਟਾਂ ਪੈਣ ਦੀ ਤਰੀਕ ਦਾ ਸਰਕਾਰੀ ਐਲਾਨ ਕਰ ਦਿੱਤਾ ਗਿਆ ਹੈ। ਇਸ ਸਬੰਧੀ ਇਕ ਅਹਿਮ ਮੀਟਿੰਗ ਸਥਾਨਕ ਅਗਰਵਾਲ ਧਰਮਸ਼ਾਲਾ ਵਿਖੇ ਵਾਈਸ ਚੇਅਰਮੈਨ ਵਿਜੇ ਮਿੱਤਲ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ।ਮੀਟਿੰਗ ਦੌਰਾਨ ਚੋਣਾਂ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਚੋਣ ਪ੍ਰਕਿਰਿਆ ਨੂੰ ਸੁਚੱਜੇ ਅਤੇ ਪਾਰਦਰਸ਼ੀ ਢੰਗ ਨਾਲ ਪੂਰਾ ਕਰਨ ਲਈ ਵੱਖ-ਵੱਖ ਪੱਖਾਂ ’ਤੇ ਚਰਚਾ ਕੀਤੀ ਗਈ। ਇਸ ਮੌਕੇ ਬੋਲਦੇ ਹੋਏ ਕਮੇਟੀ ਮੈਂਬਰਾਂ ਨੇ ਕਿਹਾ ਕਿ ਅਗਰਵਾਲ ਧਰਮਸ਼ਾਲਾ ਸਿਰਫ ਇੱਕ ਸੰਸਥਾ ਨਹੀਂ, ਸਗੋਂ ਸਮਾਜਕ ਇਕਤਾ ਅਤੇ ਸਾਂਝ ਦਾ ਪ੍ਰਤੀਕ ਹੈ।

ਇਸ ਲਈ ਚੋਣਾਂ ਨੂੰ ਭਾਈਚਾਰੇ ਅਤੇ ਆਪਸੀ ਸਹਿਯੋਗ ਦੇ ਮਾਹੌਲ ਵਿੱਚ ਕਰਵਾਉਣਾ ਸਭ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਸਮੂਹ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਚੋਣ ਪ੍ਰਕਿਰਿਆ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਸਮਾਜ ਦੀ ਤਰੱਕੀ ਲਈ ਯੋਗ ਉਮੀਦਵਾਰਾਂ ਦੀ ਚੋਣ ਕਰਨ।ਮੀਟਿੰਗ ਦੌਰਾਨ ਜੀਵਨ ਮਿੱਤਲ ਬਘਰੋਲ, ਤਰਸੇਮ ਗਰਗ, ਨਵੀਨ ਬਾਂਸਲ ਐਡਵੋਕੇਟ, ਵਿਨੋਦ ਸਿੰਗਲਾ (ਐਕਸ ਐਮਸੀ), ਮਨੀਸ਼ ਰੋਕੀ ਸਿੰਗਲਾ, ਬੀ ਕੇ ਗੁਪਤਾ (ਮੀਨਾ), ਵਨੀਤ ਗਰਗ (ਵਿੱਕੀ), ਰਾਕੇਸ਼ (ਕਕਰਾਲਾ ਵਾਲੇ), ਰਜਤ ਗੋਇਲ (ਪੀਐਮਡੀ), ਸੁਮਿਤ ਸਿੰਗਲਾ, ਸ਼ਸ਼ੀ ਭੂਸ਼ਣ ਸਿੰਗਲਾ ਅਤੇ ਅਨਿਰੁੱਧ ਗਰਗ ਸਮੇਤ ਹੋਰ ਕਈ ਪ੍ਰਮੁੱਖ ਮੈਂਬਰ ਮੌਜੂਦ ਰਹੇ।

# ਆਪ ਸਰਕਾਰ ਨੇ ਜਾਣ ਬੁੱਝ ਕੇ ਰੈਲੀ ਵਾਲੀ ਥਾਂ ਦੀ ਪਰਮੀਸ਼ਨ ਕਰਵਾਈ ਰੱਦ ਕਰਵਾਈ ਬਰਦਾਸ਼ਤ ਨਹੀਂ ਕਰਾਂਗੇ :ਅਕਾਲੀ ਆਗੂ



**ਪਟਿਆਲਾ, 6 ਅਪ੍ਰੈਲ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਧੱਕੇਸ਼ਾਹੀ ਨਾਲ 5 ਅਪ੍ਰੈਲ ਨੂੰ ਅਨਾਜ ਮੰਡੀ ਪਟਿਆਲਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਹੋਣ ਵਾਲੀ ਵਿਸ਼ਾਲ ਰੈਲੀ ਦੀ ਪਰਮਿਸ਼ਨ ਰੱਦ ਕਰਵਾ ਕੇ ਠੀਕ ਨਹੀਂ ਕੀਤਾ ਜਿਸ ਤੋਂ ਸਾਫ ਪਤਾ ਚਲਦਾ ਹੈ ਕਿ ਆਪ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀਆਂ ਰੈਲੀਆਂ ਨੂੰ ਦੇਖ ਭੁਖਲਾਟ ਵਿੱਚ ਆ ਗਈ ਹੈ ਲਿਹਾਜਾ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀਆਂ ਰੈਲੀਆਂ ਵਿੱਚ ਪਾਰਟੀ ਸੁਪਰੀਮੋ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੋ ਰਹੇ ਵਿਸ਼ਾਲ ਇਕੱਠ ਆਪ ਸਰਕਾਰ ਦੀ ਹਜਮ ਨਹੀਂ ਹੋ ਰਿਹਾ ਜਿਸ ਨੂੰ ਲੈ ਕੇ ਹੁਣ ਪਟਿਆਲਾ ਜਿਲ੍ਹੇ ਦੇ ਸਮੁੱਚੇ ਅਕਾਲੀ ਆਗੂਆਂ ਨੇ ਪੰਜਾਬ ਸਰਕਾਰ ਖਿਲਾਫ ਨਾਰੇਬਾਜ਼ੀ ਕਰਕੇ ਰੋਸ ਜ਼ਹਿਰ ਕੀਤਾ ਜਿੱਥੇ ਉਨਾ ਨੇ ਸਿੱਧੇ ਤੌਰ ਤੇ ਪੱਤਰਕਾਰ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਆਪ ਦੀਆਂ ਅਜਿਹੀਆਂ ਕੋਜੀਆਂ ਹਰਕਤਾਂ ਨੂੰ ਬਰਦਾਸ਼ਤ ਨਹੀਂ ਕਰੇਗਾ ਅਤੇ ਸਮਾਂ ਆਉਣ ਤੇ ਇਸ ਦਾ ਜਵਾਬ ਵੀ ਦਿੱਤਾ ਜਾਵੇਗਾ ਉਨਾ ਕਿਹਾ ਕੀ ਸ੍ਰੋਮਣੀ ਅਕਾਲੀ ਦਲ ਪਟਿਆਲਾ ਸਰਹਿੰਦ ਰੋਡ ਤੇ ਪਿੰਡ ਵਾਰਨ ਨਜ਼ਦੀਕ ਖੁਲੀ ਜਮੀਨ ਵਿਚ 5 ਅਪ੍ਰੈਲ ਨੂੰ ਹੀ ਵਿਸ਼ਾਲ ਰੈਲੀ ਕਰੇਗਾ ਜਿਸ ਦਾ ਇਕੱਠ ਆਪ ਸਰਕਾਰ ਨੂੰ ਘਰ ਦਾ ਰਸਤਾ ਦਿਖਾਵੇਗਾ ਉਨਾ ਕਿਹਾ ਕਿ ਰੈਲੀ ਦੀਆਂ ਤਿਆਰੀਆਂ ਪੂਰੀ ਤਰ੍ਹਾਂ ਮੁਕੰਮਲ ਕਰ ਲਈਆਂ ਗਈਆਂ ਹਨ ਜਿਸ ਨੂੰ ਲੈ ਕੇ ਪਟਿਆਲਾ ਦਿਹਾਤੀ ਹਲਕੇ ਦੇ ਲੋਕਾਂ ਵਿੱਚ ਭਾਰੀ ਉਤਸਾਹ ਦੇਖਣ ਨੂੰ ਮਿਲ ਰਹਿਆ ਹੈ ਬਿੱਟੂ ਚੱਠਾ ਨੇ ਕਿਹਾ ਕਿ ਅਜਿਹੀ ਗਿਦੜ ਧਮਕੀਆਂ ਸਾਨੂੰ ਡਰਾਅ ਨਹੀ ਸਕਦੀਆਂ ਤੇ ਨਾ ਹੀ ਸਾਡੇ ਹੌਂਸਲੇ ਡੇਗ ਸਕਦੀਆਂ ਹਨ।

# ਸਰਕਾਰ ਨੇ ਦੁੱਧ ਖਰੀਦ ਦਰਾਂ ਵਧਾਈਆਂ, ਡੇਅਰੀ ਕਿਸਾਨਾਂ ਲਈ ਬਿਹਤਰ ਆਮਦਨ ਯਕੀਨੀ ਬਣਾਈ ਅਤੇ ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕੀਤਾ

**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮਿਲਕਫੈੱਡ ਪੰਜਾਬ (ਵੇਰਕਾ) ਨਾਲ ਜੁੜੇ ਕਿਸਾਨਾਂ ਲਈ ਦੁੱਧ ਦੀਆਂ ਖਰੀਦ ਕੀਮਤਾਂ ਵਿੱਚ ਵੱਡੇ ਵਾਧੇ ਦਾ ਐਲਾਨ ਕੀਤਾ ਹੈ। ਇਹ ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨ ਅਤੇ ਸੂਬੇ ਭਰ ਦੇ ਡੇਅਰੀ ਉਤਪਾਦਕਾਂ ਲਈ ਬਿਹਤਰ ਆਮਦਨ ਯਕੀਨੀ ਬਣਾਉਣ ਲਈ ਫੈਸਲਾਕੁੰਨ ਕਦਮ ਹੈ। ਪਹਿਲੀ ਅਪ੍ਰੈਲ, 2026 ਤੋਂ ਲਾਗੂ ਸੋਧੀਆਂ ਦਰਾਂ ਨਾਲ ਲੱਖਾਂ ਕਿਸਾਨਾਂ ਨੂੰ ਸਿੱਧੇ ਤੌਰ ’ਤੇ ਲਾਭ ਹੋਣ ਦੀ ਉਮੀਦ ਹੈ, ਜਦੋਂ ਕਿ ਸਮੁੱਚੇ ਡੇਅਰੀ ਸੈਕਟਰ ਵਿੱਚ ਕੀਮਤਾਂ ਵਿੱਚ ਵਿਆਪਕ ਵਾਧਾ ਹੋਵੇਗਾ।

ਇੱਕ ਬਿਆਨ ਵਿੱਚ ਮੁੱਖ ਮੰਤਰੀ ਦਫ਼ਤਰ ਨੇ ਕਿਹਾ, ਇੱਕ ਹੋਰ ਵੱਡੀ ਕਿਸਾਨ-ਪੱਖੀ ਪਹਿਲਕਦਮੀ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵੀਰਵਾਰ ਨੂੰ ਮਿਲਕਫੈੱਡ ਪੰਜਾਬ (ਵੇਰਕਾ ਬ੍ਰਾਂਡ) ਨਾਲ ਜੁੜੇ ਕਿਸਾਨਾਂ ਲਈ ਦੁੱਧ ਦੀ ਖਰੀਦ ਕੀਮਤ ਵਿੱਚ ਵਾਧੇ ਦਾ ਐਲਾਨ ਕੀਤਾ ਹੈ।

ਮੁੱਖ ਮੰਤਰੀ ਦਫ਼ਤਰ ਨੇ ਅੱਗੇ ਕਿਹਾ, ਇਹ ਦਰਾਂ ਪਹਿਲੀ ਅਪ੍ਰੈਲ, 2026 ਤੋਂ ਲਾਗੂ ਹੋਣਗੀਆਂ। ਇਸ ਨਾਲ ਦੁੱਧ ਦੀ ਖਰੀਦ ਕੀਮਤ ਵਿੱਚ 10 ਤੋਂ 15 ਰੁਪਏ ਪ੍ਰਤੀ ਕਿਲੋਗ੍ਰਾਮ ਫੈਟ ਦਾ ਵਾਧਾ ਹੋਵੇਗਾ। ਇਸ ਫੈਸਲੇ ਦਾ ਉਦੇਸ਼ ਡੇਅਰੀ ਕਿਸਾਨਾਂ ਲਈ ਬਿਹਤਰ ਆਮਦਨ ਯਕੀਨੀ ਬਣਾਉਣਾ, ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨਾ ਅਤੇ ਪੰਜਾਬ ਵਿੱਚ ਸਹਿਕਾਰੀ ਡੇਅਰੀ ਢਾਂਚੇ ਨੂੰ ਮਜ਼ਬੂਤ ਕਰਨਾ ਹੈ। ਮੁੱਖ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ ਮਿਲਕਫੈੱਡ ਵੱਲੋਂ ਇਹ ਕਦਮ ਕਿਸਾਨਾਂ ਅਤੇ ਡੇਅਰੀ ਉਤਪਾਦਕਾਂ ਦੇ ਹਿੱਤਾਂ ਦੀ ਰਾਖੀ ਲਈ ਚੁੱਕਿਆ ਗਿਆ ਹੈ, ਜੋ ਪੰਜਾਬ ਦੀ ਪੇਂਡੂ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ। ਮਿਲਕਫੈੱਡ ਪਰਿਵਾਰ ਦਾ ਹਿੱਸਾ ਬਣਨ ਵਾਲੇ ਲਗਪਗ 2.5 ਲੱਖ ਡੇਅਰੀ ਕਿਸਾਨਾਂ ਨੂੰ ਤੁਰੰਤ ਵਧੀਆਂ ਅਦਾਇਗੀਆਂ ਦਾ ਲਾਭ ਮਿਲੇਗਾ।

ਇਸ ਕੀਮਤ ਵਾਧੇ ਨਾਲ ਡੇਅਰੀ ਕਿਸਾਨਾਂ ਦੀ ਆਰਥਿਕਤਾ ਵਿੱਚ ਸੁਧਾਰ ਹੋਵੇਗਾ ਅਤੇ ਪੰਜਾਬ ਦੇ ਲਗਪਗ 30 ਲੱਖ ਦੁੱਧ ਉਤਪਾਦਕਾਂ ਨੂੰ ਲਾਭ ਹੋਵੇਗਾ ਕਿਉਂਕਿ ਦੁੱਧ ਖਰੀਦਣ ਵਾਲੀਆਂ ਹੋਰ ਸਾਰੀਆਂ ਕੰਪਨੀਆਂ ਅਤੇ ਸੰਸਥਾਵਾਂ ਨੂੰ ਆਪਣੀਆਂ ਖਰੀਦ ਦਰਾਂ ਵਧਾਉਣੀਆਂ ਪੈਣਗੀਆਂ ਤਾਂ ਜੋ ਇਹ ਦਰਾਂ ਮਿਲਕਫੈੱਡ ਦੇ ਬਰਾਬਰ ਹੋ ਸਕਣ।

ਜ਼ਿਕਰਯੋਗ ਹੈ ਕਿ ਮਿਲਕਫੈੱਡ ਪੰਜਾਬ ਉੱਤਰੀ ਭਾਰਤ ਦਾ ਮੋਹਰੀ ਸਹਿਕਾਰੀ ਅਦਾਰਾ ਹੈ, ਜਿਸ ਦੀ ਪੈਕ ਕੀਤੇ ਦੁੱਧ ਅਤੇ ਦੁੱਧ ਉਤਪਾਦਾਂ ਵਿੱਚ ਵੱਡੀ ਹਿੱਸੇਦਾਰੀ ਹੈ। ਦੇਸ਼ ਦੇ ਇਸ ਹਿੱਸੇ ਵਿੱਚ ਉਦਯੋਗ ਵਿੱਚ ਮੋਹਰੀ ਹੋਣ ਦੇ ਨਾਤੇ ਮਿਲਕਫੈੱਡ ਦੁਆਰਾ ਦੁੱਧ ਦੀਆਂ ਖਰੀਦ ਕੀਮਤਾਂ ਵਿੱਚ ਵਾਧੇ ਦਾ ਵੱਡਾ ਪ੍ਰਭਾਵ ਪਵੇਗਾ ਅਤੇ ਪੰਜਾਬ ਦੀ ਪੇਂਡੂ ਆਰਥਿਕਤਾ ਵਿੱਚ ਪ੍ਰਤੀ ਮਹੀਨਾ 100 ਕਰੋੜ ਰੁਪਏ ਵਾਧੂ ਆਉਣਗੇ।

# ਡੇਅਰੀ ਵਿਭਾਗ ਨੇ ਸਿਖਿਆਰਥੀਆਂ ਨੂੰ ਸਰਟੀਫਿਕੇਟ ਵੰਡੇ



**ਲੁਧਿਆਣਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡੇਅਰੀ ਵਿਕਾਸ ਵਿਭਾਗ ਵਲੋਂ ਚਲਾਏ ਜਾ ਰਹੇ 2 ਹਫਤੇ ਦੀ ਡੇਅਰੀ ਸਿਖਲਾਈ ਕੋਰਸ ਦੇ ਸਮਾਪਤ ਹੋਣ ਤੋਂ ਬਾਅਦ ਸਿਖਿਆਰਥੀਆਂ ਨੂੰ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਬੀਜਾ ਵਿਖੇ ਸਰਟੀਫਿਕੇਟਾਂ ਦੀ ਵੰਡ ਕੀਤੀ ਗਈ। ਸੀਨੀਅਰ ਕਾਰਜਕਾਰੀ ਅਫਸਰ-ਕਮ-ਇੰਚਾਰਜ ਡੇਅਰੀ ਸਿਖਲਾਈ ਕੇਂਦਰ, ਬੀਜਾ ਦਲਬੀਰ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ, ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਵਰਿਆਮ ਸਿੰਘ ਗਿੱਲ ਦੀ ਯੋਗ ਅਗਵਾਈ ਹੇਠ ਵਿਭਾਗ ਵਲੋਂ ਸਿਖਿਆਰਥੀਆਂ ਲਈ ਚਲਾਏ ਜਾ ਰਹੇ 2 ਹਫਤੇ ਦੇ ਡੇਅਰੀ ਸਿਖਲਾਈ ਕੋਰਸ ਦਾ ਸਮਾਪਨ 28 ਮਾਰਚ 2026 ਨੂੰ ਹੋ ਗਿਆ ਸੀ। ਉਨ੍ਹਾਂ ਦੱਸਿਆ ਕਿ ਕੋਰਸ ਮੁਕੰਮਲ ਹੋਣ ਤੋਂ ਬਾਅਦ ਸਿਖਿਆਰਥੀਆਂ ਨੂੰ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਬੀਜਾ ਵਿਖੇ ਸਰਟੀਫਿਕੇਟਾਂ ਦੀ ਵੰਡ ਕੀਤੀ ਗਈ।

ਇਸ ਮੌਕੇ ਉਨ੍ਹਾਂ ਭਾਗ ਲੈਣ ਵਾਲੇ ਸਿਖਿਆਰਥੀਆਂ ਨੂੰ ਵਿਭਾਗੀ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਜਨਰਲ ਜਾਤੀ ਨੂੰ 25 ਪ੍ਰਤੀਸਤ ਅਤੇ ਅਨੁਸੂਚਿਤ ਜਾਤੀ ਦੇ ਸਿਖਿਆਰਥੀ ਨੂੰ 33 ਪ੍ਰਤੀਸਤ ਸਬਸਿਡੀ ਦਿਵਾਈ ਜਾਵੇਗੀ।

ਉਨ੍ਹਾਂ ਇਲਾਕੇ ਦੇ ਬੇਰੋਜਗਾਰ ਮੁੰਡੇ-ਕੁੜੀਆਂ ਨੂੰ ਵੀ ਡੇਅਰੀ ਵਿਕਾਸ ਵਿਭਾਗ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ। ਸੀਨੀਅਰ ਕਾਰਜਕਾਰੀ ਅਫਸਰ-ਕਮ-ਇੰਚਾਰਜ ਡੇਅਰੀ ਸਿਖਲਾਈ ਕੇਂਦਰ, ਬੀਜਾ ਦਲਬੀਰ ਕੁਮਾਰ ਨੇ ਦੱਸਿਆ ਕਿ ਦੁੱਧ ਖਪਤਕਾਰਾਂ ਨੂੰ ਜਾਗਰੂਕ ਕਰਨ ਲਈ ਵਿਭਾਗ ਵਲੋਂ ਸ਼ਹਿਰਾਂ ਵਿੱਚ ਮੋਬਾਇਲ ਵੈਨ ਰਾਹੀ ਕੈਂਪ ਵੀ ਲਗਾਏ ਜਾ ਰਹੇ ਹਨ। ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 81461-00543 ਜਾਂ 01628-299322 ’ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਹਰਵਿੰਦਰ ਸਿੰਘ ਕਲਰਕ, ਹਰਿੰਦਰ ਸਿੰਘ ਸਟੈਨੋ-ਟਾਈਪਿਸਟ ਵੀ ਹਾਜ਼ਰ ਸਨ।

# ਰਾਜਿੰਦਰਾ ਹਸਪਤਾਲ ਦਰਜਾ ਚਾਰ ਕਰਮਚਾਰੀਆਂ ਨੇ ਕੀਤਾ ਉਮੀਦਵਾਰ ਮੋਨੀਕਾ ਮਸੀਹ ਦੇ ਹੱਕ ਵਿੱਚ ਪ੍ਰਚਾਰ ਤੇਜ




**ਪਟਿਆਲਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਰਾਜਿੰਦਰਾ ਹਸਪਤਾਲ ਦਰਜਾ ਚਾਰ ਕਰਮਚਾਰੀ ਯੂਨੀਅਨ ਦੀ 6 ਅਪ੍ਰੈਲ ਨੂੰ ਵੋਟਾਂ ਰਾਹੀਂ ਹੋਣ ਜਾ ਰਹੀ ਪ੍ਰਧਾਨਗੀ ਦੀ ਚੋਣ ਨੂੰ ਮੁੱਖ ਰੱਖਦੇ ਹੋਏ ਹਸਪਤਾਲ ਦੇ ਦਰਜਾਚਾਰ ਸਮੂੰਹ ਕਰਮਚਾਰੀਆਂ ਵਲੋਂ ਵੱਖ—ਵੱਖ ਵੋਟਰਾਂ ਨਾਲ ਰਾਬਤਾ ਬਣਾਕੇ ਉਮੀਦਵਾਰ ਮੋਨੀਕਾ ਮਸੀਹ ਦੇ ਹੱਕ ਵਿੱਚ ਚੋਣ ਪ੍ਰਚਾਰ ਤੇਜ਼ ਕਰ ਦਿੱਤਾ ਹੈ। ਇਸ ਦੌਰਾਨ ਉਮੀਦਵਾਰ ਮੋਨੀਕਾ ਮਸੀਹ ਨੇ ਸਮੂੰਹ ਵੋਟਰਾਂ ਨੂੰ ਭਰੋਸਾ ਦਿੰਦਿਆ ਕਿਹਾ ਕਿ ਉਹ ਬੀਤੇ ਸਾਲਾਂ ਤੋਂ ਹੀ ਰਾਜਿੰਦਰਾ ਹਸਪਤਾਲ ਦੇ ਦਰਜਾਚਾਰ ਕਰਮਚਾਰੀਆਂ ਅਤੇ ਕੱਚੇ ਕਰਮਚਾਰੀਆਂ ਦੇ ਹੱਕ ਵਿੱਚ ਮੰਗਾਂ ਸਬੰਧੀ ਸੰਘਰਸ਼ ਕਰਦੇ ਆ ਰਹੇ ਹਨ। ਜੇਕਰ 6 ਅਪ੍ਰੈਲ ਨੂੰ ਉਹ ਪ੍ਰਧਾਨ ਵਜੋਂ ਚੋਣ ਜਿੱਤ ਜਾਂਦੇ ਹਨ ਤਾਂ ਠੇਕੇਦਾਰੀ, ਆਊਟ ਸੋਰਸਿੰਗ ਸਿਸਟਮ ਨੂੰ ਖਤਮ ਕਰਨ ਲਈ ਅਤੇ ਕਰਮਚਾਰੀਆਂ ਹਿੱਤ ਵਿੱਚ ਕਾਰਜ ਕਰਨ ਸਬੰਧੀ ਸੰਘਰਸ਼ ਵਿੱਚ ਕਿਸੇ ਕਿਸਮ ਦੀ ਘਾਟ ਨਹੀਂ ਰਹਿਣ ਦੇਣਗੇ ਤਾਂ ਜ਼ੋ ਦਰਜਾ ਚਾਰ ਕਰਮਚਾਰੀਆਂ ਦੀ ਰੈਗੂਲਰ ਭਰਤੀ ਹੋ ਸਕੇ। ਇਸ ਮੌਕੇ ਜੁਆਇੰਟ ਐਕਸ਼ਨ ਕਮੇਟੀ ਰਜਿੰਦਰਾ ਹਸਪਤਾਲ ਦੇ ਪ੍ਰਧਾਨ ਸਵਰਨ ਸਿੰਘ ਬੰਗਾ ਨੇ ਉਮੀਦਵਾਰ ਮੋਨੀਕਾ ਮਸੀਹ ਭਰੋਸਾ ਜਤਾਉਂਦਿਆ ਕਿਹਾ ਕਿ ਘੱਟ ਤਨਖਾਹਾਂ ਦੇ ਨੌਕਰੀਆਂ ਮੁਹੱਈਆ ਕਰਵਾਉਣ ਲਈ ਏਜੰਸੀ ਪੈਸਕੋ ਨੇ ਕਰਮਚਾਰੀਆਂ ਦਾ ਘਾਣ ਕੀਤਾ ਹੈ ਅਤੇ ਕੰਟਰੈਕਟ ਤੇ ਰੱਖੇ ਗਏ ਕਰਮਚਾਰੀਆਂ ਦੇ ਹੱਕ ਵਿੱਚ ਸੰਘਰਸ਼ ਕਰਨ ਲਈ ਮੁੱਦਿਆ ਸਬੰਧੀ ਮੋਨੀਕਾ ਮਸੀਹ ਦੀ ਅਗਵਾਈ ਤੇ ਕਰਮਚਾਰੀਆਂ ਨੂੰ ਪੂਰਾ ਭਰੋਸਾ ਹੈ ਜਿਕਰਯੋਗ ਹੈ ਕਿ ਜੇਕਰ ਦਰਜਾ ਚਾਰ ਕਰਮਚਾਰੀ ਯੂਨੀਅਨ ਰਜਿੰਦਰਾ ਹਸਪਤਾਲ ਦੇ ਪ੍ਰਧਾਨ ਵਜੋਂ ਮੋਨੀਕਾ ਸ਼ਰਮਾ ਜਿੱਤ ਦਰਜ ਕਰੇਗੀ। ਉਹ ਪਹਿਲੀ ਮਹਿਲਾ ਪ੍ਰਧਾਨ ਹੋਵੇਗੀ। ਇਸ ਮੌਕੇ ਸ੍ਰੀ ਗੁਰੂ ਤੇਗ ਬਹਾਰਦਰ ਨਰਸਿੰਗ ਯੂਨੀਅਨ ਦੇ ਪ੍ਰਧਾਨ ਕਰਮਜੀਤ ਕੌਰ, ਨਰਿੰਦਰ ਪਾਲ ਦੁੱਗਲ, ਸੁਰਿੰਦਰ ਕੁਮਾਰ, ਬੀਰਬਲ ਕੁਮਾਰ, ਇੰਦਰਜੀਤ ਕੌਰ, ਪ੍ਰੀਤੀ, ਹਰਜੀਤ ਕੌਰ, ਵਿਕਰਮ, ਮਨੀਸ਼ ਕੁਮਾਰ, ਲਵਕੇਸ਼ਦੀਪ, ਸੰਦੀਪ ਸਿੰਘ, ਸੰਨੀ ਆਦਿ ਹਾਜਰ ਸਨ।

# ਕਲਾਕ੍ਰਿਤੀ ਦੇ ਛੱਲਾ ਨਾਟਕ ਨੇ ਦਰਸ਼ਕਾਂ ਦੇ ਮਨਾਂ ਤੇ ਛੱਡੀ ਡੂੰਘੀ ਛਾਪ



**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕਲਾ ਪਰਿਸ਼ਦ ਚੰਡੀਗੜ੍ਹ ਅਤੇ ਪੰਜਾਬ ਸੰਗੀਤ ਨਾਟਕ ਅਕੈਡਮੀ ਵੱਲੋਂ ਨਾਟਕਕਾਰ ਡਾ. ਹਰਚਰਨ ਸਿੰਘ ਨੂੰ ਸਮਰਪਿਤ 11 ਰੋਜ਼ਾ ਰੰਗਮੰਚ ਉਤਸਵ ਵਿੱਚ ਦੂਸਰੇ ਦਿਨ ਨਾਟਕਕਾਰ ਡਾਕਟਰ ਕੁਲਦੀਪ ਸਿੰਘ ਦੀਪ ਦਾ ਲਿਖਿਆ ਅਤੇ ਉੱਘੀ ਨਾਟ ਨਿਰਦੇਸ਼ਕਾ ਅਦਾਕਾਰਾ ਕਲਾ ਕ੍ਰਿਤੀ ਦੀ ਡਾਇਰੈਕਟਰ ਸ੍ਰੀਮਤੀ ਪਰਮਿੰਦਰ ਪਾਲ ਕੌਰ ਦੇ ਨਿਰਦੇਸ਼ਨ ਹੇਠ ਛੱਲਾ ਨਾਟਕ ਦਾ ਸ਼ਾਨਦਾਰ ਮੰਚਨ ਕਲਾ ਭਵਨ ’ਚ ਕੀਤਾ ਗਿਆ। ਜਿਸ ਨੇ ਦਰਸ਼ਕਾਂ ਦੇ ਮਨਾਂ ਤੇ ਗਹਿਰੀ ਛਾਪ ਛੱਡੀ।

ਨਾਟਕ ਦਾ ਸਮੁੱਚਾ ਘਟਨਾ ਕ੍ਰਮ ਉਹਨਾਂ ਸਾਰੇ ਛੱਲਿਆਂ ਦੇ ਨਾਂ .....ਜੋ ਘਰਾਂ ਤੋਂ ਜ਼ਿੰਦਗੀ ਦੀਆਂ ਝਨਾਵਾਂ ਤਰਨ ਲਈ ਨਿਕਲੇ ਸੀ, ਪਰ ਸਿਸਟਮ ਦੀ ਹਨੇਰੀ ਉਹਨਾਂ ਨੂੰ ਰਾਹਾਂ ਵਿੱਚ ਹੀ ਖਾ ਗਈ ਤੇ ਇਹ ਦੁਆ ਕੀਤੀ ਕਿ ਮੁੜ ਇਸ ਪੂਰੀ ਧਰਤੀ ਦੇ ਕਿਸੇ ਵੀ ਕੋਨੇ ਤੋਂ ਕਦੇ ਛੱਲੇ ਨਾ ਜੰਮਣ। ਨਾਟਕ ਵਿਚ ਅੱਗੇ 2014 ਵਿੱਚ ਇਰਾਕ ਦੇ ਸ਼ਹਿਰ ਮੈਸੂਲ ਵਿੱਚੋਂ ਆਈ ਐਸ (ਇਸਲਾਮਿਕ ਸਟੇਟ) ਨਾਂ ਦੀ ਜਥੇਬੰਦੀ ਦੁਆਰਾ ਅਗਵਾ ਕੀਤੇ 40 ਛੱਲਿਆ (ਭਾਰਤੀ ਨੌਜਵਾਨਾਂ) ਦੇ ਨਾਂ ਜਿਨਾਂ ਬਾਰੇ ਭਾਰਤ ਦੀ ਸੱਤਾ ਤਿੰਨ ਸਾਲ ਉਹਨਾਂ ਦੇ ਜਿਉਂਦੇ ਹੋਣ ਦਾ ਡਰਾਮਾ ਕਰਦੀ ਰਹੀ। ਇਹਨਾਂ 40 ਛੱਲਿਆਂ ਵਿੱਚੋਂ 39 ਨੂੰ ਆਈ ਐਸ ਨੇ ਗੋਲੀਆਂ ਨਾਲ ਉਡਾ ਦਿੱਤਾ ਸੀ।ਜਿਹੜਾ ਇੱਕ ਬਚ ਗਿਆ ਸੀ ਉਹ ਇਸ ਨਾਟਕ ਦੇ ਕਲਪਿਤ ਪਾਤਰ ਪ੍ਰੋਫੈਸਰ ਦੇ ਰੂਪ ਵਿੱਚ ਆਪਣੀਆਂ ਹੱਡ ਬੀਤੀਆਂ ਸੁਣਾਈਆਂ ਜਿਸ ਨਾਲ ਨਾਟਕ ਦੇ ਇਸ ਦੁਖਾਂਤ ਨੇ ਦਰਸ਼ਕਾਂ ਨੂੰ ਝਿੰਜੋੜ ਕੇ ਰੱਖ ਦਿੱਤਾ ਅਤੇ ਸਮੁੱਚਾ ਨਾਟਕ ਕਲਾ ਕ੍ਰਿਤੀ ਦੇ ਉਹਨਾਂ ਸਫਲ ਪੇਸ਼ਕਾਰੀਆਂ ਵਿੱਚ ਸ਼ਾਮਿਲ ਹੋ ਗਿਆ। ਇਸ ਨਾਟਕ ਵਿਚਲੇ ਸਾਰੇ ਪਾਤਰਾਂ ਨੂੰ ਨਿਭਾਉਣ ਵਾਲੇ ਕਲਾਕਾਰਾਂ ਦੇ ਵਿੱਚ ਮੁੱਖ ਤੌਰ ਉੱਤੇ ਸੀਨੀਅਰ ਕਲਾਕਾਰ ਰਵੀ ਭੂਸ਼ਨ, ਵਿਨੋਦ ਕੌਸ਼ਲ, ਜੋਗਾ ਸਿੰਘ, ਜਸਵੀਰ ਜੱਸੀ,ਕੁਲਦੀਪ ਸਿੰਘ, ਅਜੇ ਜੈਠੀ, ਇਸ਼ਾਂਤ ਅਰੋੜਾ, ਮਨਸ਼ਾ ਪਸੀਜਾ,ਤਾਨੀਆ ਸਿੰਘ, ਨਿਰਮਲ, ਹਰੀਸ਼ ਖੁਰਾਨਾ, ਵਿਸ਼ਾਲ ਕੁਮਾਰ, ਅੰਜਲੀ ਬਿਡਲਾ, ਅਤੇ ਲਕਸ਼ ਸ਼ਰਮਾ ਨੇ ਆਪੋ ਆਪਣੀਆਂ ਭੂਮਿਕਾਵਾਂ ਸ਼ਾਨਦਾਰ ਨਿਭਾਈਆਂ। ਪ੍ਰਸਿੱਧ ਸੰਗੀਤਕਾਰ ਹਰਜੀਤ ਗੁੱਡੂ ਦੇ ਸੰਗੀਤ ਅਤੇ ਉਹਨਾਂ ਵੱਲੋਂ ਗਾਏ ਗੀਤਾਂ ਦੇ ਬੋਲਾਂ ਨੇ ਨਾਟਕ ਨੂੰ ਸਫਲ ਬਣਾਉਣ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ।ਸਮੁੱਚੇ ਨਾਟਕ ਦੇ ਪ੍ਰੋਡਕਸ਼ਨ ਇੰਚਾਰਜ ਗੋਪਾਲ ਸ਼ਰਮਾ ਸਨ।

ਇਸ ਮੌਕੇ ਮੁੱਖ ਮਹਿਮਾਨ ਡਾ. ਰਾਜ ਬਹਾਦੁਰ ਤੇ ਅਸ਼ਵਨੀ ਚੇਟਲੈ ਪ੍ਰਧਾਨ ਸੰਗੀਤ ਨਾਟਕ ਅਕੈਡਮੀ ਚੰਡੀਗੜ੍ਹ ਵਿਸ਼ੇਸ ਤੌਰ ਤੇ ਹਾਜ਼ਰ ਸਨ, ਜਿਨ੍ਹਾਂ ਨੇ ਸਾਰੇ ਕਲਾਕਾਰਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਅਤੇ ਕਲਾ ਕ੍ਰਿਤੀ ਦੇ ਇਸ ਉਦਮ ਦੀ ਉਹਨਾਂ ਸਲਾਘਾ ਕਰਦੇ ਹੋਏ ਇਹ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਅਜਿਹੇ ਨਾਟਕ ਮੇਲੇ ਲਗਾਤਾਰ ਹੁੰਦੇ ਰਹਿਣਗੇ,ਜਿਸ ਨਾਲ ਰੰਗ ਮੰਚ ਦੇ ਲਈ ਦਰਸ਼ਕਾਂ ਨੂੰ ਵੱਧ ਤੋਂ ਵੱਧ ਜੋੜਿਆ ਜਾ ਸਕੇ।

## ਡੇਂਗੂ ’ਤੇ ਵਾਰ 2026: ਪੰਜਾਬ ਨੇ ਬਿਮਾਰੀ-ਮੁਕਤ ਮਾਨਸੂਨ ਸੀਜ਼ਨ ਯਕੀਨੀ ਬਣਾਉਣ ਲਈ ਜ਼ਮੀਨੀ ਪੱਧਰ ’ਤੇ ਕਾਰਵਾਈ ਵਿੱਚ ਲਿਆਂਦੀ ਤੇਜ਼ੀ

# ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ ਸਟੇਟ ਟਾਸਕ ਫੋਰਸ ਮੀਟਿੰਗ

**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਆਗਾਮੀ ਹਾਈ-ਟਰਾਂਸਮਿਸ਼ਨ ਸੀਜ਼ਨ ਦੇ ਮੱਦੇਨਜ਼ਰ ਲੋਕਾਂ ਦੀ ਸਿਹਤ ਦੀ ਰੱਖਿਆ ਲਈ ਫੈਸਲਾਕੁੰਨ ਕਦਮ ਚੁੱਕਦਿਆਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਾਂਝੇ ਤੌਰ ’ਤੇ ਉੱਚ-ਪੱਧਰੀ ਸਟੇਟ ਟਾਸਕ ਫੋਰਸ ਮੀਟਿੰਗ ਦੀ ਪ੍ਰਧਾਨਗੀ ਕੀਤੀ ਤਾਂ ਜੋ ਸੂਬੇ ਭਰ ਵਿੱਚ ਵੈਕਟਰ- ਬੋਰਨ , ਪਾਣੀ ਤੋਂ ਪੈਦਾ ਹੋਣ ਵਾਲੀਆਂ ਅਤੇ ਜ਼ੂਨੋਟਿਕ ਬਿਮਾਰੀਆਂ ਦੇ ਵਿਰੁੱਧ ਏਕੀਕ੍ਰਿਤ ਪ੍ਰਤੀਕਿਰਿਆ ਤਿਆਰ ਕੀਤੀ ਜਾ ਸਕੇ।

ਸਬੰਧਤ ਵਿਭਾਗਾਂ ਦੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਡੇਂਗੂ, ਮਲੇਰੀਆ, ਚਿਕਨਗੁਨੀਆ, ਰੇਬੀਜ਼ ਅਤੇ ਲੈਪਟੋਸਪਾਇਰੋਸਿਸ ਵਰਗੀਆਂ ਬਿਮਾਰੀਆਂ ਨਾਲ ਨਜਿੱਠਣ ਲਈ ਮਨੁੱਖਾਂ, ਜਾਨਵਰਾਂ ਅਤੇ ਵਾਤਾਵਰਣ ਸਿਹਤ ਰਣਨੀਤੀਆਂ ਨੂੰ ਏਕੀਕ੍ਰਿਤ ਕਰਨ ਵਾਲੀ ‘ਵਨ ਹੈਲਥ ’ ਪਹੁੰਚ ਦੀ ਬਹੁਤ ਲੋੜ ਹੈ। ਉਨਾਂ ਦੱਸਿਆ ਕਿ ਪੰਜਾਬ ਨੇ ਆਪਣੇ ਡਾਇਗਨੌਸਟਿਕ ਬੁਨਿਆਦੀ ਢਾਂਚੇ ਨੂੰ ਕਾਫ਼ੀ ਮਜ਼ਬੂਤ ਕੀਤਾ ਹੈ, ਜਿਸਦੇ ਸਿੱਟੇ ਵਜੋਂ ਹੁਣ 47 ਸੈਂਟੀਨੇਲ ਨਿਗਰਾਨੀ ਹਸਪਤਾਲਾਂ ਵਿੱਚ ਡੇਂਗੂ ਅਤੇ ਚਿਕਨਗੁਨੀਆ ਲਈ ਮੁਫ਼ਤ ਈਲੀਸਾ ਟੈਸਟਿੰਗ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਸਾਰੇ ਆਮ ਆਦਮੀ ਕਲੀਨਿਕਾਂ ਵਿੱਚ ਮਲੇਰੀਆ ਆਰਡੀਟੀ ਅਤੇ ਡੇਂਗੂ ਟੈਸਟਿੰਗ ਦਾ ਵਿਸਥਾਰ ਕੀਤਾ ਜਾ ਰਿਹਾ ਹੈ।

ਵਿਭਾਗ ਦੇ ਯੋਗਦਾਨ ਦੀ ਸਮੀਖਿਆ ਕਰਦਿਆਂ ਡਾ. ਬਲਬੀਰ ਸਿੰਘ ਨੇ ਸਿਹਤ ਵਿਭਾਗ ਨਿਰੰਤਰ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਲ 2021 ਵਿੱਚ ਡੇਂਗੂ ਦੇ 23,389 ਕੇਸ ਸਾਹਮਣੇ ਆਏ ਸਨ, ਜੋ ਸਾਲ 2025 ਵਿੱਚ ਘਟ ਕੇ ਸਿਰਫ਼ 4,981 ਰਹਿ ਗਏ ਹਨ, ਜਦੋਂ ਕਿ ਇਸੇ ਸਮੇਂ ਦੌਰਾਨ ਸਬੰਧਤ ਮੌਤਾਂ ਦੀ ਗਿਣਤੀ 55 ਤੋਂ ਘਟ ਕੇ ਸਿਰਫ਼ 8 ਰਹਿ ਗਈ ਹੈ। ਮੰਤਰੀ ਨੇ ਕਿਹਾ ਕਿ ਮੌਤ ਦਰ ਅਤੇ ਬਿਮਾਰੀ ਦੇ ਫੈਲਾਅ ਵਿੱਚ ਆਈ ਇਹ ਮਹੱਤਵਪੂਰਨ ਗਿਰਾਵਟ ਵਿਭਾਗ ਵੱਲੋਂ ਘਰ-ਘਰ ਜਾ ਕੇ ਕੀਤੀ ਨਿਗਰਾਨੀ ਅਤੇ ਪਿਛਲੇ ਟਰਾਂਸਮਿਸ਼ਨ ਸੀਜ਼ਨ ਦੌਰਾਨ 15 ਮਿਲੀਅਨ ਫੇਰੀਆਂ ਦੀ ਰਣਨੀਤਕ ਪਹੁੰਚ ਦਾ ਪ੍ਰਤੱਖ ਪ੍ਰਮਾਣ ਹੈ। \

ਸਿਹਤ ਮੰਤਰੀ ਨੇ ਸਾਰੇ ਵਿਭਾਗਾਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਕਿ ਇਹ ਯਕੀਨੀ ਬਣਾਇਆ ਜਾਵੇ ਕਿ ‘ਹਰ ਸ਼ੁੱਕਰਵਾਰ ਡੇਂਗੂ ਤੇ ਵਾਰ’ ਮੁਹਿੰਮ - ਜੋ ਹਰ ਸ਼ੁੱਕਰਵਾਰ ਸਵੇਰੇ 8:00 ਵਜੇ ਤੋਂ ਸਵੇਰੇ 9:00 ਵਜੇ ਤੱਕ ਚਲਾਈ ਜਾਂਦੀ ਹੈ - ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸ਼ਾਮਲ ਕਰਕੇ ਇਸਨੂੰ ਜਨ ਅੰਦੋਲਨ ਬਣਾਇਆ ਜਾਵੇ ਤਾਂ ਕੂਲਰਾਂ, ਗਮਲਿਆਂ ਅਤੇ ਓਵਰਹੈੱਡ ਟੈਂਕਾਂ ਵਿੱਚ ਖੜ੍ਹਾ ਪਾਣੀ,ਜੋ ਮੱਛਰਾਂ ਦੀਆਂ ਪ੍ਰਜਨਨ ਥਾਵਾਂ ਹਨ, ਦੀ ਪਛਾਣ ਕਰਕੇ ਉਨ੍ਹਾਂ ਨੂੰ ਖਤਮ ਕੀਤਾ ਜਾ ਸਕੇ। ਉਨ੍ਹਾਂ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਡੇਂਗੂ ਕਦੇ ਮੁੱਖ ਤੌਰ ’ਤੇ ਸ਼ਹਿਰੀ ਖ਼ਤਰਾ ਸੀ ਪਰ 2025 ਵਿੱਚ ਲਗਭਗ 42 ਫੀਸਦ ਮਾਮਲੇ ਪੇਂਡੂ ਖੇਤਰਾਂ ਤੋਂ ਰਿਪੋਰਟ ਕੀਤੇ ਗਏ, ਜਿਸ ਕਾਰਨ ਫੋਗਿੰਗ, ਪਿੰਡਾਂ ਦੇ ਛੱਪੜਾਂ ਵਿੱਚ ਲਾਰਵੀਸਾਈਡਲ ਸਪਰੇਅ ਅਤੇ ਮੱਛਰਾਂ ਦੇ ਕੰਟਰੋਲ ਲਈ ਗੈਂਬੂਸੀਆ ਮੱਛੀ ਛੱਡਣ ਵੱਲ ਧਿਆਨ ਕੇਂਦਰਿਤ ਕਰਨ ਦੀ ਬਹੁਤ ਲੋੜ ਹੈ।

ਜ਼ੂਨੋਟਿਕ ਖਤਰਿਆਂ ’ਤੇ ਏਜੰਡੇ ਨੂੰ ਅੱਗੇ ਵਧਾਉਂਦਿਆਂ ਸਿਹਤ ਮੰਤਰੀ ਨੇ ਰਾਸ਼ਟਰੀ ਰੇਬੀਜ਼ ਕੰਟਰੋਲ ਪ੍ਰੋਗਰਾਮ ’ਤੇ ਚਰਚਾ ਕੀਤੀ ਅਤੇ ਕਿਹਾ ਕਿ ਰਾਜ ਭਰ ਵਿੱਚ 746 ਸਰਕਾਰੀ ਸਿਹਤ ਸਹੂਲਤਾਂ ਵਿੱਚ ਐਂਟੀ-ਰੇਬੀਜ਼ ਟੀਕੇ ਉਪਲਬਧ ਹਨ, ਵਿਭਾਗਾਂ ਨੂੰ ਕੁੱਤਿਆਂ ਦੀ ਆਬਾਦੀ ਵਿੱਚ 70 ਫੀਸਦ ਹਰਡ ਇਮਿਊਨਿਟੀ ਲਈ ਜ਼ਿਲ੍ਹਾ-ਵਾਰ ਪਸ਼ੂ ਜਨਮ ਨਿਯੰਤਰਣ ਸਹੂਲਤਾਂ ਦੀ ਸਿਰਜਣਾ ਵਿੱਚ ਤੇਜ਼ੀ ਲਿਆਉਣੀ ਚਾਹੀਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇੰਟੀਗ੍ਰੇਟਡ ਡਿਜ਼ੀਜ਼ ਸਰਵੀਲੈਂਸ ਪ੍ਰੋਗਰਾਮ ਹੁਣ ਬਿਮਾਰੀ ਦੇ ਫੈਲਾਅ ਦੀ ਅਸਲ-ਸਮੇਂ ਦੀ ਰਿਪੋਰਟਿੰਗ ਲਈ ਆਈਐਚਆਈਪੀ ਪੋਰਟਲ ਦੀ ਵਰਤੋਂ ਕਰ ਰਿਹਾ ਹੈ ਅਤੇ ਉਨ੍ਹਾਂ ਨੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਪ੍ਰਾਈਵੇਟ ਪ੍ਰੈਕਟੀਸ਼ਨਰ ਸਾਰੀਆਂ ਨੋਟੀਫਾਈਬਲ ਬਿਮਾਰੀਆਂ ਦੀ ਤੁਰੰਤ ਰਿਪੋਰਟ ਕਰਨ ਤਾਂ ਜੋ ਸੂਬੇ ਵਿੱਚ ਸਮੇਂ ਸਿਰ ਉਪਚਾਰਕ ਕਾਰਵਾਈਆਂ ਅਮਲ ਵਿੱਚ ਲਿਆਂਦੀਆਂ ਜਾ ਸਕਣ।

## ਪੰਜਾਬ ਭਰ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੇ ਦਾਇਰੇ ਦਾ ਵਿਸਤਾਰ ਕਰਨ ਨਾਲ ਪੀ.ਆਰ.ਟੀ.ਸੀ. ਮੈਂਬਰ ਅਤੇ ਟ੍ਰਾਂਸਪੋਰਟ ਮੁਲਾਜ਼ਮਾਂ ਸਿਹਤ ਸੰਭਾਲ ਸੁਰੱਖਿਆ ਘੇਰੇ ਵਿੱਚ ਆਏ

# ਇਸ ਕਵਰੇਜ ਨਾਲ ਮੁਲਾਜ਼ਮ ਅਤੇ ਉਨ੍ਹਾਂ ਦੇ ਪਰਿਵਾਰ ਬਿਨਾਂ ਕਿਸੇ ਝਿਜਕ ਦੇ ਇਲਾਜ ਕਰਵਾ ਸਕਦੇ ਹਨ: ਡਾ. ਬਲਬੀਰ ਸਿੰਘ

**ਪਟਿਆਲਾ, 6 ਅਪ੍ਰੈਲ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਵਿਖੇ ਪੀ.ਆਰ.ਟੀ.ਸੀ. ਦੇ ਮੁੱਖ ਦਫ਼ਤਰ ਵਿੱਚ ਲਗਾਏ ਗਏ ਦੋ-ਰੋਜ਼ਾ ਸਿਹਤ ਕੈਂਪ ਰਾਹੀਂ ਪੰਜਾਬ ਦੇ ਟ੍ਰਾਂਸਪੋਰਟ ਮੁਲਾਜ਼ਮਾਂ ਨੂੰ ਸਿੱਧੇ ਤੌਰ ’ਤੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਦਾਇਰੇ ਵਿੱਚ ਲਿਆਂਦਾ ਗਿਆ ਹੈ। ਭਗਵੰਤ ਮਾਨ ਸਰਕਾਰ ਨੇ ਸੂਬੇ ਦੇ ਸਭ ਤੋਂ ਵੱਧ ਗਤੀਸ਼ੀਲ ਅਤੇ ਸਿਹਤ ਸਹੂਲਤਾਂ ਤੋਂ ਵਾਂਝੇ ਰਹਿਣ ਵਾਲੇ ਇਸ ਕਾਮਾ ਵਰਗ ਲਈ ਸਿਹਤ ਸੰਭਾਲ ਪਹੁੰਚ ਵਿੱਚ ਲੰਬੇ ਸਮੇਂ ਤੋਂ ਚੱਲੀ ਆ ਰਹੀ ਘਾਟ ਨੂੰ ਪੂਰਾ ਕਰਨ ਲਈ ਇਹ ਕਦਮ ਚੁੱਕਿਆ ਹੈ।

ਬੱਸ ਡਰਾਈਵਰਾਂ, ਆਟੋ-ਰਿਕਸ਼ਾ ਚਾਲਕਾਂ, ਟੈਕਸੀ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਮੌਕੇ ’ਤੇ ਹੀ ਰਜਿਸਟਰ (ਐਨਰੋਲ) ਕੀਤਾ ਗਿਆ, ਜਿਸ ਨਾਲ ਇਹ ਯਕੀਨੀ ਬਣਾਇਆ ਗਿਆ ਕਿ ਪੰਜਾਬ ਦੀ ਰਫ਼ਤਾਰ ਨੂੰ ਬਰਕਰਾਰ ਰੱਖਣ ਵਾਲੇ ਇਹ ਲੋਕ ਹੁਣ ਸਮੇਂ ਸਿਰ ਅਤੇ ਸਸਤੀਆਂ ਸਿਹਤ ਸਹੂਲਤਾਂ ਪ੍ਰਾਪਤ ਕਰਨ ਵਿੱਚ ਪਿੱਛੇ ਨਾ ਰਹਿ ਜਾਣ।

ਦੋ ਦਿਨਾਂ ਦੇ ਦੌਰਾਨ, ਪੀ.ਆਰ.ਟੀ.ਸੀ. ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਸਮੇਤ ਕਈ ਵਿਅਕਤੀਆਂ ਨੂੰ ਰਜਿਸਟਰ ਕੀਤਾ ਗਿਆ ਅਤੇ ਮੌਕੇ ’ਤੇ ਹੀ ਸਿਹਤ ਕਾਰਡ ਜਾਰੀ ਕੀਤੇ ਗਏ। ਹਰੇਕ ਕਾਰਡ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਤੱਕ ਦੇ ਨਕਦੀ-ਰਹਿਤ ਇਲਾਜ ਦੀ ਸਹੂਲਤ ਦਿੰਦਾ ਹੈ। ਇਹ ਉਨ੍ਹਾਂ ਮੁਲਾਜ਼ਮਾਂ ਨੂੰ ਮਹੱਤਵਪੂਰਨ ਵਿੱਤੀ ਸੁਰੱਖਿਆ ਪ੍ਰਦਾਨ ਕਰਦਾ ਹੈ ਜੋ ਅਕਸਰ ਅਨਿਯਮਿਤ ਆਮਦਨ, ਕੰਮ ਦੇ ਲੰਬੇ ਘੰਟੇ ਅਤੇ ਆਪਣੇ ਕਿੱਤੇ ਦੇ ਸਰੀਰਕ ਤਣਾਅ ਕਾਰਨ ਇਲਾਜ ਵਿੱਚ ਦੇਰੀ ਕਰਦੇ ਹਨ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਟ੍ਰਾਂਸਪੋਰਟ ਮੁਲਾਜ਼ਮਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ‘ਮੁੱਖ ਮੰਤਰੀ ਸਿਹਤ ਯੋਜਨਾ’ ਦੇ ਅਧੀਨ ਲਿਆਉਣਾ ਇੱਕ ਅਹਿਮ ਕਦਮ ਹੈ, ਕਿਉਂਕਿ ਉਹ ਲਗਾਤਾਰ ਸਫ਼ਰ ਵਿੱਚ ਰਹਿੰਦੇ ਹਨ ਅਤੇ ਅਕਸਰ ਇਲਾਜ ਵਿੱਚ ਦੇਰੀ ਕਰਦੇ ਹਨ। ਇਸ ਕਵਰੇਜ ਦੇ ਨਾਲ, ਉਹ ਅਤੇ ਉਨ੍ਹਾਂ ਦੇ ਪਰਿਵਾਰ ਹੁਣ ਬਿਨਾਂ ਕਿਸੇ ਝਿਜਕ ਦੇ ਇਲਾਜ ਦੀ ਸਹੂਲਤ ਪ੍ਰਾਪਤ ਕਰ ਸਕਦੇ ਹਨ, ਕਿਉਂਕਿ ਉਹ ਜਾਣਦੇ ਹਨ ਕਿ ਲੋੜ ਪੈਣ ’ਤੇ ਸਿਸਟਮ ਉਨ੍ਹਾਂ ਦੀ ਮਦਦ ਕਰੇਗਾ। ਪੀ.ਆਰ.ਟੀ.ਸੀ. ਦੇ ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ, ਸਾਡੇ ਟ੍ਰਾਂਸਪੋਰਟ ਮੁਲਾਜ਼ਮਾਂ ਪੰਜਾਬ ਨੂੰ ਜੋੜ ਕੇ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣਾ ਵੀ ਉਨਾ ਹੀ ਮਹੱਤਵਪੂਰਨ ਹੈ। ਇਹ ਕੈਂਪ ਸਿਹਤ ਸਹੂਲਤਾਂ ਤੱਕ ਪਹੁੰਚ ਨੂੰ ਸਰਲ ਬਣਾਉਂਦਾ ਹੈ ਅਤੇ ਉਨ੍ਹਾਂ ਨੂੰ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਆਪਣੇ ਕੰਮ ਵਿੱਚ ਵਿਘਨ ਪਾਏ ਬਿਨਾਂ ਇਸ ਯੋਜਨਾ ਦੇ ਦਾਇਰੇ ਵਿੱਚ ਆਉਣ ਦੀ ਇਜਾਜ਼ਤ ਦਿੰਦਾ ਹੈ।

ਆਪ ਪੰਜਾਬ ਦੇ ਜਨਰਲ ਸਕੱਤਰ ਅਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਨੋਟ ਕੀਤਾ ਕਿ ਇਸ ਵੱਡੀ ਸ਼ਮੂਲੀਅਤ ਨੇ ਟ੍ਰਾਂਸਪੋਰਟ ਮੁਲਾਜ਼ਮਾਂ ਵਿੱਚ ਯੋਜਨਾ ਪ੍ਰਤੀ ਵਧਦੇ ਭਰੋਸੇ ਨੂੰ ਦਰਸਾਇਆ ਹੈ। ਉਨ੍ਹਾਂ ਕਿਹਾ, ਉਹ ਇਸ ਲਈ ਅੱਗੇ ਆ ਰਹੇ ਹਨ ਕਿਉਂਕਿ ਉਹ ਆਪਣੀ ਜ਼ਿੰਦਗੀ ਵਿੱਚ ਇਸਦਾ ਪ੍ਰਭਾਵ ਦੇਖ ਸਕਦੇ ਹਨ- ਸਰਕਾਰੀ ਅੰਕੜਿਆਂ ਵਿੱਚ ਨਹੀਂ, ਸਗੋਂ ਸੜਕਾਂ ’ਤੇ ਅਤੇ ਆਪਣੇ ਪਰਿਵਾਰਾਂ ਵਿੱਚ। ਉਨ੍ਹਾਂ ਮੁਲਾਜ਼ਮਾਂ ਲਈ ਜਿਨ੍ਹਾਂ ਨੇ ਸਾਲਾਂ ਤੋਂ ਬਿਨਾਂ ਕਿਸੇ ਭਰੋਸੇਮੰਦ ਸਿਹਤ ਕਵਰ ਦੇ ਗੁਜ਼ਾਰੇ ਹਨ, ਇਹ ਭਰੋਸਾ ਸਭ ਕੁਝ ਬਦਲ ਦਿੰਦਾ ਹੈ। ਇਹ ਸਿਹਤ ਸਹੂਲਤਾਂ ਨੂੰ ਸਹੀ ਅਰਥਾਂ ਵਿੱਚ ਪਹੁੰਚਯੋਗ ਬਣਾਉਣ ਲਈ ਭਗਵੰਤ ਸਿੰਘ ਮਾਨ ਸਰਕਾਰ ਦੀ ਵਚਨਬੱਧਤਾ ਵਿੱਚ ਵਧਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਕੈਂਪ ਦੌਰਾਨ ਇੱਕ ਖਾਸ ਮਾਮਲੇ ਵਿੱਚ, ੬੩ ਸਾਲਾ ਨੇਤਰਹੀਣ ਸੀਨੀਅਰ ਨਾਗਰਿਕ ਅਤੇ ਸਾਬਕਾ ਪੀ.ਆਰ.ਟੀ.ਸੀ. ਮੁਲਾਜ਼ਮ , ਮਹਿੰਦਰ ਸਿੰਘ ਨੂੰ ਇਸ ਯੋਜਨਾ ਦੇ ਤਹਿਤ ਰਜਿਸਟਰ ਕੀਤਾ ਗਿਆ। ਇਹ ਇਸ ਗੱਲ ਨੂੰ ਦਰਸਾਉਂਦਾ ਹੈ ਕਿ ਕਿਵੇਂ ਇਹ ਜ਼ਮੀਨੀ ਮਾਡਲ ਉਨ੍ਹਾਂ ਵਿਅਕਤੀਆਂ ਤੱਕ ਪਹੁੰਚ ਰਿਹਾ ਹੈ ਜੋ ਸੁਤੰਤਰ ਤੌਰ ’ਤੇ ਸਰਕਾਰੀ ਸੇਵਾਵਾਂ ਪ੍ਰਾਪਤ ਕਰਨ ਵਿੱਚ ਸਭ ਤੋਂ ਵੱਡੀਆਂ ਰੁਕਾਵਟਾਂ ਦਾ ਸਾਹਮਣਾ ਕਰਦੇ ਹਨ।

ਟ੍ਰਾਂਸਪੋਰਟ ਮੁਲਾਜ਼ਮਾਂ ਨੂੰ ਸ਼ਾਮਲ ਕਰਨਾ ਇਸ ਯੋਜਨਾ ਦੇ ਦਾਇਰੇ ਵਿੱਚ ਇੱਕ ਮਹੱਤਵਪੂਰਨ ਵਿਸਤਾਰ ਹੈ, ਜੋ ਸੰਗਠਿਤ ਅਤੇ ਅਰਧ-ਸੰਗਠਿਤ ਦੋਵਾਂ ਕਾਮਾ ਵਰਗਾਂ ਨੂੰ ਵਿਆਪਕ ਸਿਹਤ ਕਵਰੇਜ ਦੇ ਅਧੀਨ ਲਿਆਉਂਦਾ ਹੈ। ਇਹ ਪਹਿਲਕਦਮੀ ਪੰਜਾਬ ਭਰ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੇ ਤੇਜ਼ੀ ਨਾਲ ਵਧ ਰਹੇ ਪਸਾਰ ’ਤੇ ਅਧਾਰਤ ਹੈ। ਹੁਣ ਤੱਕ ੩੦ ਲੱਖ ਤੋਂ ਵੱਧ ਸਿਹਤ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ, ਅਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਰੋਜ਼ਾਨਾ ੫੦,੦੦੦ ਤੋਂ ਵੱਧ ਨਿਵਾਸੀ ਰਜਿਸਟਰ ਹੋ ਰਹੇ ਹਨ। ਪੰਜਾਬ ਸਰਕਾਰ ਨੇ ਇਸ ਯੋਜਨਾ ਦੀ ਪਹੁੰਚ ਅਤੇ ਸਮਰੱਥਾ ਨੂੰ ਵਧਾਉਣ ਲਈ ੨੦੨੬-੨੭ ਦੇ ਬਜਟ ਵਿੱਚ ੨,੦੦੦ ਕਰੋੜ ਰੁਪਏ ਦਾ ਪ੍ਰਬੰਧ ਕਰਕੇ ਇਸ ਪ੍ਰੋਗਰਾਮ ਨੂੰ ਹੋਰ ਮਜ਼ਬੂਤ ਕੀਤਾ ਹੈ।

ਭਗਵੰਤ ਮਾਨ ਸਰਕਾਰ ਨਿਵਾਸੀਆਂ ਨੂੰ ਲਗਾਤਾਰ ਉਤਸ਼ਾਹਿਤ ਕਰ ਰਹੀ ਹੈ ਕਿ ਉਹ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਨਕਦੀ-ਰਹਿਤ ਇਲਾਜ ਦੇ ਲਾਭ ਲੈਣ ਲਈ ਨਿਰਧਾਰਤ ਕੇਂਦਰਾਂ ਅਤੇ ਜ਼ਮੀਨੀ ਕੈਂਪਾਂ ਰਾਹੀਂ ਆਪਣੇ ਸਿਹਤ ਕਾਰਡ ਜ਼ਰੂਰ ਬਣਵਾਉਣ।

# ਸ਼੍ਰੋਮਣੀ ਅਕਾਲੀ ਦਲ ਦੀ ਰੈਲੀ ਦੀ ਪਰਮਿਸ਼ਨ ਰੱਦ ਕਰ ਦੇਣਾ ਸਰਕਾਰ ਦੇ ਪਤਨ ਦੀ ਨਿਸ਼ਾਨੀ: ਹਰਿਆਊ



**ਪਟਿਆਲਾ, 6 ਅਪ੍ਰੈਲ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਅੰਦਰ ਸ਼੍ਰੋਮਣੀ ਦਲ ਦੀਆਂ ਰੈਲੀਆਂ ਵਿੱਚ ਬੇਤਹਾਸਾ ਹੋ ਰਿਹਾ ਇਕੱਠ ਸਿਰਫ ਪੰਜਾਬ ਸਰਕਾਰ ਨੂੰ ਹਜਮ ਨਹੀਂ ਹੋ ਰਿਹਾ ਜਿਸ ਕਰਕੇ ਪੰਜ ਅਪ੍ਰੈਲ ਨੂੰ ਪਟਿਆਲਾ ਦਿਹਾਤੀ ਹਲਕੇ ਦੀ ਹੋਣ ਵਾਲੀ ਰੈਲੀ ਦੀ ਪਰਮਿਸ਼ਨ ਰੱਦ ਕਰਵਾਉਣਾ ਆਪ ਸਰਕਾਰ ਦੇ ਫੇਲੀਅਰ ਦਾ ਸਬੂਤ ਹੈ ਇਹਨਾਂ ਵਿਚਾਰਾ ਦਾ ਪ੍ਰਗਟ ਹੋ ਸ਼੍ਰੋਮਣੀ ਗਰਦਲ ਜ਼ਿਲਾ ਪਟਿਆਲਾ ਦਿਹਾਤੀ ਦੇ ਪ੍ਰਧਾਨ ਅਤੇ ਸਮਾਣਾ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਪ੍ਰਧਾਨ ਹਰਿਆਊ ਨੇ ਕਿਹਾ ਕੀ ਰੈਲੀ ਦੀ ਪਰਮਿਸ਼ਨ ਰੱਦ ਕਰਾਉਣਾ ਸਰਕਾਰ ਦੇ ਪਤਨ ਦੀ ਨਿਸ਼ਾਨੀ ਹੈ ਕਿਉਂਕਿ ਪੰਜਾਬ ਦੇ ਲੋਕਾਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਮੁੜ ਤੋਂ ਸੂਬੇ ਅੰਦਰ ਲਿਆਉਣ ਦਾ 2027 ਲਈ ਮਨ ਬਣਾ ਲਿਆ ਹੈ ਜਿਸ ਕਰਕੇ ਆਪ ਸਰਕਾਰ ਬੁਰੀ ਤਰ੍ਹਾਂ ਪ੍ਰਕਲਾਟ ਵਿੱਚ ਦੇਖਣ ਨੂੰ ਮਿਲ ਰਹੀ ਹੈ ਕਿਉਂਕਿ ਨਿਤ ਦਿਨ ਸ਼੍ਰੋਮਣੀ ਅਕਾਲੀ ਦਲ ਦੀਆਂ ਰੈਲੀਆਂ ਵਿੱਚ ਲੋਕਾਂ ਦਾ ਆਪ ਮੁਹਾਰੇ ਬੇਤਹਾਸਾ ਇਕੱਠ ਹੋਣਾ ਸਾਫ ਤੌਰ ਤੇ ਸੰਕੇਤ ਦਿੰਦਾ ਹੈ ਕਿ ਭਵਿੱਖ ਵਿੱਚ ਆ ਰਹੀਆਂ ਵਿਧਾਨ ਸਭਾ ਚੋਣਾਂ ਅੰਦਰ ਆਪ ਸਰਕਾਰ ਦਾ ਸੁਫੜਾ ਸਾਫ ਹੋਣਾ ਤਹ ਨਜਰ ਆ ਰਿਹਾ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਲੋਕਾਂ ਦੇ ਮਿਲ ਰਹੇ ਪਿਆਰ ਅਤੇ ਸਤਿਕਾਰ ਅੱਗੇ ਆਪ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਫਿੱਕੇ ਨਜ਼ਰ ਆ ਰਹੇ ਹਨ ਤਾਂ ਹੀ ਰੈਲੀ ਨੂੰ ਰੱਦ ਕਰਵਾਉਣ ਵਰਗੀਆਂ ਘਿਨਾਉਣੀਆ ਹਰਕਤਾਂ ਕਰ ਰਹੇ ਹਨ ਜਿਸ ਨੂੰ ਹੁਣ ਪੰਜਾਬ ਦੇ ਲੋਕ ਬਰਦਾਸ਼ਤ ਨਹੀਂ ਕਰਨਗੇ ਉਹਨਾਂ ਕਿਹਾ ਕਿ 4 ਅਪ੍ਰੈਲ ਨੂੰ ਨਾਭੇ ਅਤੇ 5 ਅਪ੍ਰੈਲ ਨੂੰ ਪਟਿਆਲਾ ਦਿਹਾਤੀ ਹਲਕੇ ਵਿੱਚ ਹੋਣ ਵਾਲੀਆਂ ਰੈਲੀਆਂ ਇਹ ਸਾਬਤ ਕਰ ਦੇਣਗੀਆਂ ਕਿ ਪੰਜਾਬ ਦੇ ਲੋਕ ਭਵਿੱਖ ਵਿੱਚ ਕਿਸ ਪਾਰਟੀ ਨੂੰ ਆਪਣਾ ਮਾਣ ਸਤਿਕਾਰ ਦਿੰਦੇ ਹਨ ਇਸ ਮੌਕੇ ਹੋਰਨਾਂ ਤੋਂ ਇਲਾਵਾ ਤੇ ਮਲਕੀਤ ਸਿੰਘ ਲਾਡੀ ਚੀਮਾ ਧਰਮਮੇੜੀ ਦਰਸ਼ਨ ਸਿੰਘ ਸਾਹਿਬ ਸਿੰਘ ਫੌਜੀ ਕਰਨੈਲ ਸਿੰਘ ਨੰਬਰਦਾਰ ਅਜੈਬ ਸਿੰਘ ਮੱਲੀ ਸੀਨੀਅਰ ਯੂਥ ਆਗੂ ,ਰਤਨ ਸਿੰਘ ਧਨੌਰੀ, ਜੋਗਿੰਦਰ ਸਿੰਘ ਹੈਪੀ, ਕਾਨਗੜ੍ਹ, ਅਮਰਜੀਤ ਸਿੰਘ ਟੋਡਰਪੁਰ ,ਯੁਵਰਾਜ ਸਿੰਘ ਗੁਰਦੀਪ ਸਿੰਘ ਚੀਮਾ, ਬਲਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

# ਜੈਤੋ ਵਿੱਚ ਐਸ ਕੇ ਐਮ ਦੀ ਮੀਟਿੰਗ, ਮੁੱਖ ਮੰਤਰੀ ਦੇ ਦੌਰੇ ਤੋਂ ਪਹਿਲਾਂ ਮੰਗਾਂ ਉੱਠੀਆਂ



**ਜੈਤੋਂ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜੈਤੋ ਬਲਾਕ ਐਸਕੇਐਮ ਵੱਲੋਂ ਨਹਿਰੂ ਪਾਰਕ ਵਿੱਚ ਇਕ ਮਹੱਤਵਪੂਰਨ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਵੱਲੋਂ ਆਉਣ ਵਾਲੀ 5 ਅਪ੍ਰੈਲ ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਜੈਤੋ ਦੌਰੇ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਜੈਤੋ ਸ਼ਹਿਰ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੁੱਖ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਮੁੱਖ ਮੰਤਰੀ ਨੂੰ ਸ਼ਾਂਤਮਈ ਢੰਗ ਨਾਲ ਮੰਗ ਪੱਤਰ ਦਿੱਤਾ ਜਾਵੇਗਾ। ਜਥੇਬੰਦੀਆਂ ਨੇ ਖਾਸ ਤੌਰ ’ਤੇ ਜੈਤੋ ਦੇ ਸਰਕਾਰੀ ਹਸਪਤਾਲ ਨੂੰ ਅਪਗ੍ਰੇਡ ਕਰਨ ਅਤੇ ਸ਼ਹਿਰ ਦੇ ਰੇਲਵੇ ਫਾਟਕ ’ਤੇ ਪੁਲ ਬਣਾਉਣ ਦੀ ਮੰਗ ਉੱਠਾਈ, ਤਾਂ ਜੋ ਲੋਕਾਂ ਨੂੰ ਆ ਰਹੀਆਂ ਦਿਨਚਰੀ ਦੀਆਂ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ। ਕਿਸਾਨ ਆਗੂਆਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਉਹਨਾਂ ਦਾ ਮੰਗ ਪੱਤਰ ਮੁੱਖ ਮੰਤਰੀ ਤੱਕ ਪਹੁੰਚਾਇਆ ਜਾਵੇ ਅਤੇ ਇਨ੍ਹਾਂ ਮੁੱਦਿਆਂ ਦਾ ਜਲਦੀ ਹੱਲ ਕੀਤਾ ਜਾਵੇ। ਇਸ ਮੀਟਿੰਗ ਵਿੱਚ ਪੰਜਾਬ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਏਕਤਾ ਮਾਲਵਾ, ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਬੁੱਟਾਂ ਬੁਰਜ ਗਿੱਲ), ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਭੰਦੇਰ), ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਅਤੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਸਮੇਤ ਕਈ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਿਲ ਰਹੇ।

# ਸਥਾਨਕ ਸਰਕਾਰਾਂ ਮੰਤਰੀ ਨੂੰ ਕਾਰਜ ਸਾਧਕ ਅਫਸਰ ਇਥੋਂ ਤੁਰੰਤ ਬਦਲਣ ਦੀ ਅਪੀਲ: ਫਰੰਟ

**ਮਾਛੀਵਾੜਾ ਸਾਹਿਬ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਭ੍ਰਿਸ਼ਟਾਚਾਰ ਵਿਰੋਧੀ ਫਰੰਟ (ਰਜਿ) ਮਾਛੀਵਾੜਾ ਦੀ ਮਾਸਿਕ ਮੀਟਿੰਗ ਫਰੰਟ ਦੇ ਦਫ਼ਤਰ ਵਿਖੇ ਹੋਈ। ਸੱਭ ਤੋਂ ਪਹਿਲਾਂ ਫਰੰਟ ਦੇ ਕੰਮ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਇਸ ਦੇ ਉਭਾਰ ਨੂੰ ਵਧਾਉਣ ਹਿੱਤ ਭਰਵੀਂ ਵਿਚਾਰ ਚਰਚਾ ਕੀਤੀ ਗਈ। ਜਿਸ ਵਿੱਚ ਇਹ ਪਾਸ ਕੀਤਾ ਗਿਆ ਕਿ ਪਬਲਿਕ ਥਾਵਾਂ ਤੇ ਬੋਰਡ ਲਗਾਕੇ ਲੋਕਾਂ ਨੂੰ ਅਪੀਲ ਕੀਤੀ ਜਾਵੇਗੀ ਕਿ ਜੇਕਰ ਕੋਈ ਸਰਕਾਰੀ ਕਰਮਚਾਰੀ ਜਾਂ ਅਧਿਕਾਰੀ ਜਾਇਜ ਕੰਮ ਕਰਵਾਉਣ ਬਦਲੇ ਉਹਨਾਂ ਤੋਂ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਉਹ ਫਰੰਟ ਨਾਲ ਸੰਪਰਕ ਕਰ ਸਕਦੇ ਹਨ ਤਾਂ ਜੋ ਫਰੰਟ ਉਹਨਾਂ ਦੀ ਮਦਦ ਕਰ ਭ੍ਰਿਸ਼ਟ ਅਧਿਕਾਰੀ ਨੂੰ ਸਜਾ ਦਿਵਾਉਣ ਵਿੱਚ ਮੱਦਦ ਕਰ ਸਕੇ। ਇਸ ਦੇ ਨਾਲ ਇਹ ਵੀ ਪਾਸ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਪਿੰਡਾਂ ਵਿੱਚ ਕੈਂਪ ਲਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਹਰਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਉਹਨਾਂ ਦੇ ਧਿਆਨ ਵਿੱਚ ਆਇਆ ਹੈ ਕਿ ਅਵਾਰਾ ਕੁੱਤਿਆਂ ਦੇ ਕੱਟਣ ਕਾਰਨ ਜਿਥੇ ਬਹੁਤ ਸਾਰੇ ਲੋਕਾਂ ਨੂੰ ਆਪਣੀ ਜਾਨ ਤੋਂ ਹੱਥ ਧੋਣੇ ਪਏ ਉਥੇ ਅਵਾਰਾ ਕੁਤਿਆਂ ਦੀ ਭਰਮਾਰ ਆਮ ਲੋਕਾਂ ਦੀ ਜਾਨ ਦਾ ਖੌ ਬਣਿਆ ਹੋਇਆ ਹੈ ਅਤੇ ਹੁਣੇ ਹੁਣੇ ਇਥੋਂ ਨੇੜਲੇ ਪਿੰਡ ਲੁਬਾਣਗੜ੍ਹ, ਈਸਾਪੁਰ , ਦੌਲਤਪੁਰ ਮੰਡ ਝੜੌਦੀ ਦੇ ਕਈ ਲੋਕਾਂ ਨੂੰ ਇੱਕ ਹੱਲਕੇ ਕੁੱਤੇ ਵੱਲੋਂ ਬਹੁਤ ਬੁਰੀ ਤਰਾਂ ਵੱਢਿਆ ਗਿਆ ਹੈ। ਉਨਾਂ ਕਿਹਾ ਕਿ ਇਸ ਵਰਤਾਰੇ ਲਈ ਜਿੰਮੇਵਾਰ ਕੌਣ ਹੈ ਅਤੇ ਪੀੜਤ ਪਰਿਵਾਰਾਂ ਅਤੇ ਲੋਕਾਂ ਦੀ ਤਕਲੀਫ ਦੀ ਭਰਪਾਈ ਕੌਣ ਕਰੇਗਾ। ਜਿਹਨਾਂ ਲੋਕਾਂ ਨੇ ਜਾਨਵਰਾਂ ਦੇ ਜਿਉਣ ਦੇ ਹੱਕਾਂ ਅਤੇ ਇਹਨਾਂ ਦੀ ਰੱਖਿਆ ਦਾ ਮੁੱਦਾ ਚੁੱਕ ਕੇ ਲਾਗੂ ਕਰਵਾਇਆ ਹੈ ਕੀ ਉਹ ਆਮ ਲੋਕਾਂ ਦੇ ਦੁੱਖਾਂ ਨੂੰ ਸਮਝ ਕੇ ਕੋਈ ਠੋਸ ਹੱਲ ਦੱਸ ਸਕਦੇ ਹਨ। ਫਰੰਟ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕਰਦਾ ਹੈ ਕਿ ਇਸ ਸਮੱਸਿਆ ਦਾ ਫੌਰੀ ਤੌਰ ਤੇ ਹੱਲ ਕੀਤਾ ਜਾਵੇ। ਇਸ ਤੋਂ ਇਲਾਵਾ ਇੱਕ ਹੋਰ ਮਤਾ ਪਾਸ ਕਰਦੇ ਹੋਏ ਬਿਕਰਮਜੀਤ ਸਿੰਘ ਕਾਰਜ ਸਾਧਕ ਅਫਸਰ ਨਗਰ ਕੌਂਸਲ ਮਾਛੀਵਾੜਾ ਦੀਆਂ ਹਰ ਰੋਜ ਕਿਸੇ ਦਾ ਵੀ ਜਾਇਜ ਕੰਮ ਨਾ ਕਰਨ ਦੀਆਂ ਮਿਲ ਰਹੀਆਂ ਸ਼ਿਕਾਇਤਾਂ ਕਾਰਨ ਇਸ ਦੀ ਕਾਰਗੁਜ਼ਾਰੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਨੂੰ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਇਸ ਦੀ ਤੁਰੰਤ ਬਦਲੀ ਦੀ ਅਪੀਲ ਕਰਦਾ ਹੈ।

ਇਸ ਮੀਟਿੰਗ ਵਿੱਚ ਪ੍ਰਧਾਨ ਸੁਖਵਿੰਦਰ ਸਿੰਘ ਗਿੱਲ ਤੋਂ ਇਲਾਵਾ ਹਰਮਿੰਦਰ ਸਿੰਘ ਗਿੱਲ, ਕੇਵਲ ਸਿੰਘ ਤੇ ਗੁਰਚਰਨ ਸਿੰਘ ਹੇਡੌਂ ਬੇਟ, ਮਾ ਬਖਸ਼ੀ ਰਾਮ, ਜਗਮੋਹਨ ਸਿੰਘ ਰਹੀਮਾਬਾਦ, ਸਰਪੰਚ ਮੋਹਨ ਲਾਲ, ਇੰਸਪੈਕਟਰ ਸੁਰਿੰਦਰ ਸਿੰਘ ਗਿੱਲ, ਰਜਿੰਦਰ ਸਿੰਘ ਸਮਰਾਲਾ ਆਦਿ ਹਾਜ਼ਰ ਸਨ।

# ਪੰਜਾਬੀ ਯੂਨੀਵਰਸਿਟੀ ਵਿਖੇ ਕਾਨਵੋਕੇਸ਼ਨ ਦੀਆਂ ਤਿਆਰੀਆਂ ਜੋਰਾਂ ’ਤੇ; 9 ਅਪ੍ਰੈਲ ਨੂੰ ਹੋਵੇਗੀ 41ਵੀਂ ਕਾਨਵੋਕੇਸ਼ਨ

**ਪਟਿਆਲਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬੀ ਯੂਨੀਵਰਸਿਟੀ ਵਿਖੇ 9 ਅਪ੍ਰੈਲ, 2026 ਨੂੰ ਹੋਣ ਜਾ ਰਹੀ 41ਵੀਂ ਕਾਨਵੋਕੇਸ਼ਨ ਦੀਆਂ ਤਿਆਰੀਆਂ ਜ਼ੋਰਾਂ ’ਤੇ ਹਨ। ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਗਠਿਤ ਵੱਖ-ਵੱਖ ਕਮੇਟੀਆਂ ਆਪੋ ਆਪਣੇ ਹਿੱਸੇ ਦੇ ਕਾਰਜ ਮੁਕੰਮਲ ਕਰਨ ਵਿੱਚ ਲੱਗੀਆਂ ਹੋਈਆਂ ਹਨ। ਇਸ ਮੌਕੇ ਪੰਜਾਬ ਦੇ ਮਾਨਯੋਗ ਰਾਜਪਾਲ ਅਤੇ ਪੰਜਾਬੀ ਯੂਨੀਵਰਸਿਟੀ ਦੇ ਚਾਂਸਲਰ ਸ੍ਰੀ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਹੋਣਗੇ। ਜ਼ਿਕਰਯੋਗ ਹੈ ਕਿ ਡਾ. ਜਗਦੀਪ ਸਿੰਘ ਵੱਲੋਂ ਉਪ-ਕੁਲਪਤੀ ਵਜੋਂ ਅਹੁਦਾ ਸੰਭਾਲ਼ਣ ਤੋਂ ਬਾਅਦ ਇਹ ਪਹਿਲੀ ਕਾਨਵੋਕੇਸ਼ਨ ਹੈ।

ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਦੱਸਿਆ ਕਿ ਇਸ ਮੌਕੇ ਸੈਸ਼ਨ 2022-23 ਅਤੇ ਸੈਸ਼ਨ 2023-24 ਦੇ 725 ਵਿਦਿਆਰਥੀਆਂ ਨੂੰ ਡਿਗਰੀਆਂ ਅਤੇ ਮੈਡਲ ਪ੍ਰਦਾਨ ਕੀਤੇ ਜਾਣਗੇ। ਇਸ ਗਿਣਤੀ ਵਿੱਚ 457 ਡਾਕਟਰੇਟ ਡਿਗਰੀਆਂ ਸ਼ਾਮਿਲ ਹਨ। ਜਦ ਕਿ 179 ਪੋਸਟ ਗ੍ਰੈਜੂਏਟ ਅਤੇ ਪੇਸ਼ੇਵਰ ਕੋਰਸਾਂ ਦੇ ਵਿਦਿਆਰਥੀ ਅਤੇ 86 ਅੰਡਰ ਗ੍ਰੈਜੂਏਟ ਕੋਰਸਾਂ ਦੇ ਟੌਪਰ ਵਿਦਿਆਰਥੀਆਂ ਨੂੰ ਮਿਲਣ ਵਾਲ਼ੇ ਵਿਦਿਆਰਥੀ ਸ਼ਾਮਿਲ ਹਨ। ਮੈਡਲਾਂ ਦੀ ਗਿਣਤੀ ਵਿੱਚ ਤਿੰਨ ਚਾਂਸਲਰ ਮੈਡਲ ਅਤੇ ਨੌਂ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਦਿੱਤੇ ਜਾਂਦੇ ਮੈਡਲ (ਦੋ ਸਾਲਾਂ ਦੇ 18 ਮੈਡਲ) ਸ਼ਾਮਿਲ ਹਨ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਪ੍ਰਸ਼ਾਸਨ ਇਸ ਸਮਾਗਮ ਨੂੰ ਇੱਕ ਅਕਾਦਮਿਕ ਉਤਸਵ ਵਾਂਗ ਮਨਾਉਣ ਲਈ ਵੱਡੇ ਪੱਧਰ ’ਤੇ ਤਿਆਰੀਆਂ ਕਰ ਰਿਹਾ ਹੈ।

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਲਈ ਇਹ ਇੱਕ ਇਤਿਹਾਸਕ ਮੌਕਾ ਹੁੰਦਾ ਹੈ ਜਿੱਥੇ ਵਿਦਿਆਰਥੀਆਂ ਦੀ ਸਾਲਾਂ ਦੀ ਮਿਹਨਤ ਨੂੰ ਸਨਮਾਨਿਤ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਨਿਵੇਕਲੀ ਪਹਿਲ ਕਰਦਿਆਂ ਪੰਜਾਬੀ ਸਭਿਆਚਾਰ ਦੀ ਪ੍ਰਤੀਨਿਧਤਾ ਵਾਲ਼ੇ ਵਸਤਰ ਬਣਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਵਾਰ ਦੀ ਵਿਲੱਖਣਤਾ ਇਹ ਹੋਵੇਗੀ ਕਿ ਇਹ ਵਸਤਰ ਕਾਨਵੋਕੇਸ਼ਨ ਤੋਂ ਉਪਰੰਤ ਵਿਦਿਆਰਥੀ ਆਪਣੇ ਨਾਲ ਲੈ ਕੇ ਜਾ ਸਕਦੇ ਹਨ।

ਕੰਟਰੋਲਰ ਪ੍ਰੀਖਿਆਵਾਂ ਡਾ. ਮਨੀਸ਼ ਕਪੂਰ ਨੇ ਦੱਸਿਆ ਕਿ ਕਾਨਵੋਕੇਸ਼ਨ ਲਈ ਲਾਜ਼ਮੀ ਰਿਹਰਸਲ 8 ਅਪ੍ਰੈਲ ਨੂੰ ਦੁਪਹਿਰ 12 ਵਜੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਕੈਂਪਸ ਦੇ ਸ਼੍ਰੀ ਗੁਰੂ ਤੇਗ ਬਹਾਦਰ ਹਾਲ ਵਿਖੇ ਹੋਵੇਗੀ। ਜਿਹੜੇ ਉਮੀਦਵਾਰ ਸਮਰੱਥ ਅਧਿਕਾਰੀ ਦੁਆਰਾ ਤਸਦੀਕ ਕੀਤੇ ਸ਼ਨਾਖਤੀ ਐਂਟਰੀ ਕਾਰਡ ਆਪਣੇ ਨਾਲ ਨਹੀਂ ਲਿਆਉਣਗੇ ਜਾਂ ਰਿਹਰਸਲ ਅਟੈਂਡ ਨਹੀਂ ਕਰਨਗੇ, ਉਨ੍ਹਾਂ ਨੂੰ ਕਾਨਵੋਕੇਸ਼ਨ ਵਿੱਚ ਸ਼ਾਮਿਲ ਹੋਣ ਦੀ ਆਗਿਆ ਨਹੀਂ ਦਿੱਤੀ ਜਾਵੇਗੀ। ਰਿਹਰਸਲ ਸ਼ੁਰੂ ਹੋਣ ਤੋਂ ਪਹਿਲਾਂ ਸਾਇੰਸ ਆਡੀਟੋਰੀਅਮ ਵਿਖੇ ਸਥਾਪਿਤ ਕੀਤੇ ਗਏ ਸਟਾਲ ਤੋਂ ਅਕਾਦਮਿਕ ਵਸਤਰ ਪ੍ਰਾਪਤ ਕੀਤੇ ਜਾ ਸਕਦੇ ਹਨ। ਇਸ ਸਬੰਧੀ ਕਾਨਵੋਕੇਸ਼ਨ ’ਤੇ ਵਿਦਿਆਰਥੀਆਂ ਤੋਂ ਇੱਕ ਹਜ਼ਾਰ ਰੁਪਏ ਪ੍ਰਤੀ ਵਿਦਿਆਰਥੀ ਚਾਰਜ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਰੈਗੂਲਰ ਉਮੀਦਵਾਰਾਂ ਨੂੰ ਉਨ੍ਹਾਂ ਦੀਆਂ ਸੰਸਥਾਵਾਂ ਅਤੇ ਵਿਭਾਗਾਂ ਰਾਹੀਂ ਅਤੇ ਪ੍ਰਾਈਵੇਟ ਉਮੀਦਵਾਰਾਂ ਨੂੰ ਸਿੱਧੇ ਤੌਰ ’ਤੇ ਸੱਦਾ-ਪੱਤਰ ਭੇਜ ਦਿੱਤੇ ਗਏ ਹਨ। ਜਿਨ੍ਹਾਂ ਉਮੀਦਵਾਰਾਂ ਨੂੰ ਸੱਦਾ-ਪੱਤਰ ਪ੍ਰਾਪਤ ਨਹੀਂ ਹੋਏ, ਉਹ ਪ੍ਰੀਖਿਆ-ਸ਼ਾਖਾ ਨਾਲ ਸੰਪਰਕ ਕਰ ਸਕਦੇ ਹਨ।

# ਪ੍ਰਾਈਵੇਟ ਬਿਲਡਿੰਗ ਵਿੱਚ ਚੱਲ ਰਿਹਾ ਫ਼ੂਡ ਸਪਲਾਈ ਵਿਭਾਗ ਦਾ ਦਫਤਰ ਹੋਇਆ ਬੰਦ

**ਕਾਹਨੂੰਵਾਨ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਹਨੂੰਵਾਨ ਸਠਿਆਲੀ ਮੁੱਖ ਮਾਰਗ ਉਪਰ ਇੱਕ ਪ੍ਰਾਈਵੇਟ ਬਿਲਡਿੰਗ ਦੇ ਵਿੱਚ ਚੱਲ ਰਿਹਾ ਸਿਵਲ ਸਪਲਾਈ ਵਿਭਾਗ ਦਾ ਦਫਤਰ ਬੰਦ ਹੋਣ ਕਾਰਨ ਇਸ ਦਫਤਰ ਵਿੱਚ ਕੰਮ ਕਰਾਉਣ ਆਏ ਲੋਕਾਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਵਿਭਾਗ ਵੱਲੋਂ ਬਿਲਡਿੰਗ ਮਾਲਕ ਨੂੰ ਦਫਤਰ ਦਾ ਕਿਰਾਇਆ ਨਾ ਦੇਣ ਕਾਰਨ ਬਿਲਡਿੰਗ ਮਾਲਕ ਵੱਲੋਂ ਇਸ ਦਫਤਰ ਨੂੰ ਤਾਲਾ ਜੜ ਦਿੱਤਾ ਗਿਆ ਹੈ। ਇਸ ਦਫਤਰ ਵਿੱਚ ਆਪਣੇ ਰਾਸ਼ਨ ਕਾਰਡ ਸਬੰਧੀ ਕੰਮ ਕਰਵਾਉਣ ਆਏ ਵਿਜੇ ਮਸੀਹ ਵਾਸੀ ਸਠਿਆਲੀ ਨੇ ਕਿਹਾ ਕਿ ਉਹ ਆਪਣੇ ਰਾਸ਼ਨ ਕਾਰਡ ਵਿੱਚ ਕਿਸੇ ਗਲਤੀ ਨੂੰ ਸਧਾਰਨ ਦੇ ਲਈ ਸਿਵਲ ਸਪਲਾਈ ਦਫਤਰ ਪਰ ਛੁੱਟੀ ਵਾਲਾ ਦਿਨ ਨਾ ਹੋਣ ਦੇ ਬਾਵਜੂਦ ਵੀ ਇਸ ਦਫਤਰ ਨੂੰ ਤਾਲਾ ਲੱਗਾ ਹੋਇਆ ਹੈ ਜਿਸ ਕਾਰਨ ਉਸਨੂੰ ਨਿਰਾਸ਼ ਆਪਣੇ ਘਰ ਜਾਣਾ ਪੈ ਰਿਹਾ ਹੈ। ਇਸ ਸਬੰਧੀ ਜਦੋਂ ਬਿਲਡਿੰਗ ਦੇ ਮਾਲਕ ਰਜਿੰਦਰ ਸਿੰਘ ਨੂੰ ਦਫਤਰ ਬੰਦ ਹੋਣ ਦੇ ਕਾਰਨ ਬਾਰੇ ਪੁੱਛਿਆ ਤਾਂ ਉਸ ਨੂੰ ਦੱਸਿਆ ਕਿ ਇਸ ਦਫਤਰ ਵੱਲੋਂ ਉਸ ਨੂੰ ਦਫਤਰ ਦਾ ਕਿਰਾਇਆ ਨਹੀਂ ਦਿੱਤਾ ਗਿਆ ਜਿਸ ਕਾਰਨ ਉਸ ਵੱਲੋਂ ਦਫਤਰ ਨੂੰ ਤਾਰਾ ਲਗਾ ਦਿੱਤਾ ਗਿਆ ਹੈ। ਉਹਨਾਂ ਦੱਸਿਆ ਕਿ ਇਸ ਦਫਤਰ ਅੰਦਰ ਵਿਭਾਗ ਦਾ ਕੀਮਤੀ ਰਿਕਾਰਡ ਪਿਆ ਹੈ। ਪਰ ਸੰਬੰਧਿਤ ਵਿਭਾਗ ਇਸ ਦਫਤਰ ਵਿੱਚ ਪਿਆ ਆਪਣਾ ਰਿਕਾਰਡ ਵੀ ਆਪਣੇ ਕਬਜ਼ੇ ਵਿੱਚ ਨਹੀਂ ਲੈ ਰਿਹਾ।

ਜੇ ਇਸ ਦਫਤਰ ਦੇ ਰਿਕਾਰਡ ਨਾਲ ਕੋਈ ਹੇਰਾ ਫੇਰੀ ਹੁੰਦੀ ਹੈ ਤਾਂ ਉਸਦੀ ਕੋਈ ਜਿੰਮੇਵਾਰੀ ਨਹੀਂ। ਇਸ ਜਦੋਂ ਫੂਡ ਸਪਲਾਈ ਵਿਭਾਗ ਦੇ ਇੰਸਪੈਕਟਰ ਸੁਮਿਤ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਉਹਨਾਂ ਵੱਲੋਂ ਇਹ ਦਫਤਰ ਇਥੋਂ ਤਬਦੀਲ ਕਰਕੇ ਆਪਣੇ ਦਫਤਰ ਨੂੰ ਆਪਣੇ ਗੁਦਾਮ ਦੇ ਵਿੱਚ ਹੀ ਸ਼ਿਫਟ ਕਰ ਦਿੱਤਾ ਹੈ। ਸਾਡਾ ਰਿਕਾਰਡ ਉਸ ਦਫਤਰ ਵਿੱਚ ਕੋਈ ਨਹੀਂ ਹੈ ਅਸੀਂ ਆਪਣਾ ਰਿਕਾਰਡ ਆਪਣੇ ਨਵੇਂ ਦਫਤਰ ਵਿੱਚ ਸ਼ਿਫਟ ਕਰ ਲਿਆ ਗਿਆ ਹੈ ਦਫਤਰ ਦੇ ਮਾਲਕ ਨੂੰ ਉਸਦਾ ਜਲਦ ਬਕਾਇਆ ਕਰਾਇਆ ਦੇ ਦਿੱਤਾ ਜਾਵੇਗਾ।

# ਪਟਿਆਲਾ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ ‘ਈਟ ਰਾਈਟ ਮੇਲਾ’

**ਪਟਿਆਲਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਦੇ ਸਹਿਯੋਗ ਨਾਲ ਅਤੇ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਕਮਿਸ਼ਨਰ (ਫੂਡ ਸੇਫਟੀ), ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ, ਪੰਜਾਬ ਸ਼੍ਰੀਮਤੀ ਕਨਵਲਪ੍ਰੀਤ ਕੌਰ ਦੀ ਰਹਿਨੁਮਾਈ ਹੇਠ 7 ਅਪ੍ਰੈਲ 2026 ਨੂੰ ਬਹਾਵਲਪੁਰ ਪੈਲੇਸ, ਤ੍ਰਿਪੁਰੀ, ਪਟਿਆਲਾ ਵਿਖੇ ਈਟ ਰਾਈਟ ਮੇਲਾ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਜਿਲ੍ਹ ਸਿਹਤ ਅਫਸਰ ਡਾ.ਗੁਰਪ੍ਰੀਤ ਕੌਰ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਇਸ ਮੇਲੇ ਦਾ ਮੁੱਖ ਉਦੇਸ਼ ਆਮ ਜਨਤਾ ਵਿੱਚ ਖੁਰਾਕ ਸੁਰੱਖਿਆ ਬਾਰੇ ਜਾਗਰੂਕਤਾ ਫੈਲਾਉਣਾ ਹੈ। ਮੇਲੇ ਵਿੱਚ ਆਰਗੈਨਿਕ ਖੁਰਾਕ, ਮਿਲਟਸ ਅਤੇ ਹੋਰ ਸਿਹਤਮੰਦ ਭੋਜਨ ਉੱਤੇ ਆਧਾਰਿਤ ਖਾਣ-ਪੀਣ ਦੇ ਸਟਾਲ ਲਗਾਏ ਜਾਣਗੇ। ਇਸ ਦੇ ਨਾਲ ਹੀ ਫੂਡ ਸੇਫਟੀ ਆਨ ਵੀਲਜ਼ ਵੈਨ ਵੀ ਉਪਲਬਧ ਹੋਵੇਗੀ, ਜਿੱਥੇ ਆਮ ਜਨਤਾ ਆਪਣੇ ਰੋਜ਼ਾਨਾ ਵਰਤੋਂ ਵਾਲੇ ਖਾਣ-ਪੀਣ ਦੇ ਸਮਾਨ ਜਿਵੇਂ ਕਿ ਮਸਾਲੇ, ਦੁੱਧ ਅਤੇ ਦੁੱਧ ਤੋਂ ਬਣੇ ਉਤਪਾਦਾਂ ਦੀ ਮੌਕੇ ‘ਤੇ ਹੀ ਜਾਂਚ ਕਰਵਾ ਸਕਦੀ ਹੈ।

ਇਸ ਮੌਕੇ ‘ਤੇ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਅਤੇ ਵਿਹਾਰਕ ਬਦਲਾਵਾਂ ਬਾਰੇ ਵਿਸ਼ੇਸ਼ ਲੈਕਚਰ ਵੀ ਕਰਵਾਏ ਜਾਣਗੇ। ਇਸ ਤੋਂ ਇਲਾਵਾ, ਜਾਗਰੂਕਤਾ ਨੂੰ ਹੋਰ ਰੁਚਿਕਰ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਲੋਕ ਨਾਟਕ (ਨੁੱਕੜ ਨਾਟਕ), ਕਵਿਜ਼ ਮੁਕਾਬਲੇ, ਪੇਂਟਿੰਗ ਮੁਕਾਬਲੇ ਅਤੇ ਸੱਭਿਆਚਾਰਕ ਪ੍ਰੋਗਰਾਮ ਵੀ ਆਯੋਜਿਤ ਕੀਤੇ ਜਾਣਗੇ।

# ਬ੍ਰਹਮਸੀਰਾ ਮੰਦਰ ਵਿੱਚ ਹਨੂਮਾਨ ਜਯੰਤੀ ਧੂਮਧਾਮ ਨਾਲ ਮਨਾਈ ਗਈ

**ਸੁਨਾਮ ਊਧਮ ਸਿੰਘ ਵਾਲਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਨੂਮਾਨ ਜਯੰਤੀ ਦੇ ਪਾਵਨ ਮੌਕੇ ‘ਤੇ ਬ੍ਰਹਮਸੀਰਾ ਮੰਦਰ ਕਮੇਟੀ ਵੱਲੋਂ ਧਾਰਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੰਦਰ ਦੇ ਪ੍ਰਧਾਨ ਮਨੋਜ ਕੁਮਾਰ ਗੋਇਲ (ਵਿੱਕੀ) ਦੀ ਅਗਵਾਈ ਹੇਠ ਸੁੰਦਰ ਕਾਂਡ ਦਾ ਪਾਠ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਕਰਵਾਇਆ ਗਿਆ। ਪ੍ਰੋਗਰਾਮ ਵਿੱਚ ਸੁਨਾਮ ਸ਼ਹਿਰ ਦੇ ਭਗਤਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ ਭਗਵਾਨ ਹਨੂਮਾਨ ਜੀ ਦਾ ਗੁਣਗਾਨ ਕੀਤਾ। ਪੂਰੇ ਮੰਦਰ ਪ੍ਰੰਗਣ ਵਿੱਚ ਭਗਤੀਮਈ ਮਾਹੌਲ ਬਣਿਆ ਰਿਹਾ। ਭਗਤਾਂ ਨੇ ਪਾਠ ਦੌਰਾਨ ਭਾਵਨਾਵਾਂ ਨਾਲ ਭਾਗ ਲਿਆ ਅਤੇ ਅੰਤ ਵਿੱਚ ਪ੍ਰਸਾਦ ਵੀ ਵੰਡਿਆ ਗਿਆ।
ਮੰਦਰ ਕਮੇਟੀ ਵੱਲੋਂ ਆਏ ਸਾਰੇ ਭਗਤਾਂ ਦਾ ਧੰਨਵਾਦ ਕੀਤਾ ਗਿਆ।

# ਕੈਵਲਯ ਫਾਊਂਡੇਸ਼ਨ ਦਾ ‘ਅੰਤਰੰਗ’ ਸਮਾਗਮ-ਸੁਰੀਲੀ ਪੇਸ਼ਕਾਰੀ ਅਤੇ ਮਹਿਲਾ ਕਲਾਕਾਰਾਂ ਦਾ ਸਨਮਾਨ

**ਪਟਿਆਲਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**






ਭਾਰਤੀ ਸ਼ਾਸਤਰੀ ਸੰਗੀਤ ਦੀ ਸਮ੍ਰਿੱਧ ਪਰੰਪਰਾ ਨੂੰ ਉਜਾਗਰ ਕਰਨ ਦੇ ਉਦੇਸ਼ ਨਾਲ ਕੈਵਲਯ ਫਾਊਂਡੇਸ਼ਨ ਵੱਲੋਂ, ਨਾਰਥ ਜ਼ੋਨ ਕਲਚਰਲ ਸੈਂਟਰ (ਸੰਸਕ੍ਰਿਤੀ ਮੰਤਰਾਲਾ) ਦੇ ਸਹਿਯੋਗ ਨਾਲ, ‘ਅੰਤਰੰਗ’ ਨਾਮਕ ਸੁਰੀਲਾ ਸੰਗੀਤ ਸਮਾਗਮ ਐਨ.ਜ਼ੈੱਡ.ਸੀ.ਸੀ. ਦੇ ਕਾਲੀਦਾਸ ਆਡੀਟੋਰੀਅਮ ਵਿੱਚ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ। ਇਹ ਸਮਾਗਮ ਸੰਗੀਤ ਪ੍ਰੇਮੀਆਂ ਲਈ ਇੱਕ ਅਨਮੋਲ ਅਨੁਭਵ ਸਾਬਤ ਹੋਇਆ, ਜਿਸ ਵਿੱਚ ਦੇਸ਼ ਦੇ ਮਸ਼ਹੂਰ ਕਲਾਕਾਰਾਂ ਨੇ ਆਪਣੀ ਕਲਾ ਨਾਲ ਸਭ ਨੂੰ ਮੋਹ ਲਿਆ।

ਅੰਤਰਰਾਸ਼ਟਰੀ ਖ਼ਿਆਤੀ ਪ੍ਰਾਪਤ ਵੀਣਾ ਵਾਦਕ ਪੰਡਿਤ ਸੁਮਨ ਲਾਹਾ ਨੇ ਰਾਗ ਮਧੁਵੰਤੀ ਦੀ ਅਦਭੁਤ ਪੇਸ਼ਕਾਰੀ ਕਰਕੇ ਦਰਸ਼ਕਾਂ ਦੇ ਦਿਲਾਂ ਵਿੱਚ ਖਾਸ ਥਾਂ ਬਣਾਈ। ਉਨ੍ਹਾਂ ਦੀ ਵਾਦਨ ਕਲਾ ਵਿੱਚ ਨਜ਼ਾਕਤ, ਗੰਭੀਰਤਾ ਅਤੇ ਰਸਭਰਾਪਨ ਦਾ ਅਦੁੱਤੀਅ ਮੇਲ ਦੇਖਣ ਨੂੰ ਮਿਲਿਆ। ਉਨ੍ਹਾਂ ਦਾ ਸਾਥ ਤਬਲੇ ‘ਤੇ ਫਰੁਖਾਬਾਦ ਘਰਾਨੇ ਦੇ ਪ੍ਰਤਿਭਾਸ਼ਾਲੀ ਕਲਾਕਾਰ ਸਿਧਾਰਥ ਚੈਟਰਜੀ ਨੇ ਬਖੂਬੀ ਨਿਭਾਇਆ। ਵੀਣਾ ਅਤੇ ਤਬਲੇ ਦੀ ਸੁਮੇਲਤ ਲਹਿਰਾਂ ਨੇ ਹਾਲ ਵਿੱਚ ਬੈਠੇ ਹਰ ਸਰੋਤਾ ਨੂੰ ਸੰਗੀਤਮਈ ਅਨੰਦ ਨਾਲ ਭਰ ਦਿੱਤਾ।

ਇਸ ਅਵਸਰ ‘ਤੇ ਪਟਿਆਲਾ ਖੇਤਰ ਦੀਆਂ ਪ੍ਰਮੁੱਖ ਮਹਿਲਾ ਸੰਗੀਤਕਾਰਾਂ ਨੂੰ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਡਾ. ਡੇਜ਼ੀ ਵਾਲੀਆ ਅਤੇ ਡਾ. ਜੀਵਨ ਬਾਲਾ ਨੂੰ ਉਨ੍ਹਾਂ ਦੀ ਲੰਬੀ ਸੇਵਾ ਅਤੇ ਸਮਰਪਣ ਲਈ ਲਾਈਫਟਾਈਮ ਅਚੀਵਮੈਂਟ ਐਵਾਰਡ ਨਾਲ ਨਿਵਾਜਿਆ ਗਿਆ। ਇਸ ਤੋਂ ਇਲਾਵਾ ਡਾ. ਜੋਤੀ ਸ਼ਰਮਾ, ਡਾ. ਪੁਸ਼ਪਿੰਦਰ ਕੌਰ, ਡਾ. ਗੌਰੀ ਖੰਨਾ, ਡਾ. ਅਰਸ਼ਦੀਪ ਕੌਰ ਭੱਟੀ, ਜੈਸਮੀਨ, ਵਿਦਿਆਗੌਰੀ, ਮਨੀਸ਼ਾ ਅਤੇ ਗਰਿਮਾ ਵਰਗੀਆਂ ਸ਼ਖ਼ਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਨੇ ਸੰਗੀਤ ਦੇ ਖੇਤਰ ਵਿੱਚ ਅਧਿਆਪਕ, ਪ੍ਰਦਰਸ਼ਕ ਅਤੇ ਮਾਰਗਦਰਸ਼ਕ ਵਜੋਂ ਉੱਲਲੇਖਣਯੋਗ ਯੋਗਦਾਨ ਦਿੱਤਾ ਹੈ।

ਕੈਵਲਯ ਫਾਊਂਡੇਸ਼ਨ ਦੇ ਪ੍ਰਧਾਨ ਡਾ. ਹਰਮੋਹਨ ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਸੰਸਥਾ ਦੇ ਉਦੇਸ਼ਾਂ ਅਤੇ ਉਪਲਬਧੀਆਂ ‘ਤੇ ਚਾਨਣ ਪਾਇਆ। ਉਨ੍ਹਾਂ ਨੇ ਖੁਸ਼ੀ ਪ੍ਰਗਟ ਕੀਤੀ ਕਿ ਫਾਊਂਡੇਸ਼ਨ ਭਾਰਤੀ ਸ਼ਾਸਤਰੀ ਸੰਗੀਤ ਦੀ ਸੇਵਾ ਵਿੱਚ ਆਪਣੇ 20 ਸਾਲ ਪੂਰੇ ਕਰਨ ਜਾ ਰਹੀ ਹੈ। ਇਸ ਦੌਰਾਨ ਸੰਸਥਾ ਨੇ ਦੇਸ਼-ਵਿਦੇਸ਼ ਦੇ ਕਲਾਕਾਰਾਂ ਨੂੰ ਇੱਕ ਮੰਚ ਮੁਹੱਈਆ ਕਰਵਾ ਕੇ ਸੰਗੀਤ ਦੇ ਪ੍ਰਚਾਰ-ਪ੍ਰਸਾਰ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਉਨ੍ਹਾਂ ਨੇ ਕਿਹਾ ਕਿ ‘ਅੰਤਰੰਗ’ ਵਰਗੇ ਸਮਾਗਮ ਸਾਡੀ ਸੱਭਿਆਚਾਰਕ ਵਿਰਾਸਤ ਦੇ ਜੀਵੰਤ ਪ੍ਰਤੀਕ ਹਨ ਅਤੇ ਇਹ ਸੰਸਥਾ ਦੀ ਇਸ ਵਚਨਬੱਧਤਾ ਨੂੰ ਦਰਸਾਉਂਦੇ ਹਨ ਕਿ ਉਹ ਇਸ ਅਮੋਲ ਧਰੋਹਰ ਨੂੰ ਸੰਭਾਲਣ ਅਤੇ ਅੱਗੇ ਵਧਾਉਣ ਲਈ ਸਦਾ ਪ੍ਰਤਿਬੱਧ ਰਹੇਗੀ।

ਸਮਾਗਮ ਦੀ ਸ਼ੁਰੂਆਤ ਡਾ. ਜਗਮੋਹਨ ਸ਼ਰਮਾ ਦੇ ਸਵਾਗਤੀ ਸ਼ਬਦਾਂ ਨਾਲ ਹੋਈ, ਜਿਨ੍ਹਾਂ ਨੇ ਕਲਾਕਾਰਾਂ ਅਤੇ ਦਰਸ਼ਕਾਂ ਦਾ ਦਿਲੋਂ ਸਵਾਗਤ ਕੀਤਾ। ਇਸ ਮੌਕੇ ਨਾਰਥ ਜ਼ੋਨ ਕਲਚਰਲ ਸੈਂਟਰ ਤੋਂ ਸ਼੍ਰੀ ਭੁਪਿੰਦਰ ਸਿੰਘ ਸੋਫਤ, ਪੰਜਾਬੀ ਯੂਨੀਵਰਸਿਟੀ ਤੋਂ ਡਾ. ਅਲੰਕਾਰ ਸਿੰਘ, ਪੰਡਿਤ ਮਧੁਰੇਸ਼ ਭੱਟ, ਪ੍ਰਸਿੱਧ ਚਿੰਤਕ ਡਾ. ਸੁਰਜੀਤ ਸਿੰਘ ਭੱਟੀ ਅਤੇ ਕਲਾ ਜਗਤ ਦੀਆਂ ਹੋਰ ਕਈ ਮਾਣਯੋਗ ਸ਼ਖ਼ਸੀਅਤਾਂ ਦੀ ਗਰਿਮਾਮਈ ਹਾਜ਼ਰੀ ਰਹੀ। ਮੰਚ ਸੰਚਾਲਨ ਡਾ. ਭਾਨਵੀ ਵੱਲੋਂ ਬੜੀ ਸੁਚੱਜੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ ਗਿਆ। ਇਹ ਸਮਾਗਮ ਸਿਰਫ਼ ਸੰਗੀਤ ਦੀ ਇੱਕ ਸ਼ਾਮ ਨਹੀਂ ਸੀ, ਸਗੋਂ ਭਾਰਤੀ ਸ਼ਾਸਤਰੀ ਸੰਗੀਤ ਦੀ ਆਤਮਾ ਨਾਲ ਜੁੜਨ ਦਾ ਇੱਕ ਅਨਮੋਲ ਅਨੁਭਵ ਸਾਬਤ ਹੋਇਆ, ਜਿਸ ਨੇ ਹਰ ਹਾਜ਼ਰ ਦਰਸ਼ਕ ਦੇ ਮਨ ਵਿੱਚ ਅਮਿਟ ਛਾਪ ਛੱਡੀ।

# ਪਰਮਾਤਮਾਂ ਨੂੰ ਮੱਥਾ ਟੇਕ ਕਣਕ ਦੀ ਪੱਕੀ ਫਸਲ ਦੀ ਵਾਢੀ ਦੀ ਕੀਤੀ ਸ਼ੁਰੂਆਤ

**ਸਨੌਰ,6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਬਲਾਕ ਸੰਮਤੀ ਚੇਅਰਮੈਨ ਚਰਨਜੀਤ ਸਿੰਘ ਨੈਣਾਂ, ਚੇਅਰਮੈਨ ਗੁਰਵਿੰਦਰ ਸਿੰਘ ਹੈਪੀ ਪਹਾੜੀਪੁਰ, ਦੀ ਅਗਵਾਈ ਚ ਪਰਮਾਤਮਾਂ ਨੂੰ ਮੱਥਾ ਟੇਕ ਕਣਕ ਦੀ ਪੱਕੀ ਫਸਲ ਦੀ ਵਾਢੀ ਦੀ ਕੀਤੀ ਸ਼ੁਰੂਆਤ । ਐਸ ਸੀ ਵਿੰਗ ਪ੍ਰਧਾਨਅਵਤਾਰ ਸਿੰਘ ਸੁਨਿਆਰਹੇੜੀ, ਕਿਸਾਨ ਆਗੂ ਗੁਰਮੇਲ ਸਿੰਘ, ਕਿਸਾਨ ਆਗੂ ਸੰਤੋਖ ਸਿੰਘ, ਰੋਕੀ, ਰਘਵੀਰ ਸਿੰਘ ਵੀ ਮੌਜੂਦ ਰਹੇ।

# ਮੁੱਖ ਮੰਤਰੀ ਬਾਗ਼ਬਾਨੀ ਬੀਮਾ ਯੋਜਨਾ ਕਿਸਾਨਾਂ ਲਈ ਹੋਵੇਗੀ ਅਹਿਮ

**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਅੱਜ ਆਯੋਜਿਤ ਬਜਟ ਐਲਾਨਾਂ ਦੀ ਸਮੀਖਿਆ ਮੀਟਿੰਗ ਵਿੱਚ ਮੁੱਖ ਮੰਤਰੀ ਬਾਗ਼ਬਾਨੀ ਬੀਮਾ ਯੋਜਨਾ ਦੀ ਪ੍ਰਗਤੀ ਅਤੇ ਪ੍ਰਭਾਵਸ਼ੀਲਤਾ ’ਤੇ ਵਿਸਤਾਰ ਚਰਚਾ ਕੀਤੀ ਗਈ। ਮੀਟਿੰਗ ਵਿੱਚ ਇਸ ਯੋਜਨਾ ਨੂੰ ਕਿਸਾਨਾਂ ਲਈ ਇੱਕ ਮਹੱਤਵਪੂਰਨ ਸੁਰੱਖਿਆ ਕਵਚ ਦੱਸਦੇ ਹੋਏ ਇਸ ਦੇ ਪ੍ਰਭਾਵੀ ਅਮਲ ’ਤੇ ਜ਼ੋਰ ਦਿੱਤਾ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਯੋਜਨਾ ਰਾਜ ਸਰਕਾਰ ਦੀ ਇੱਕ ਵਿਲੱਖਣ ਪਹਿਲ ਹੈ, ਜਿਸ ਦਾ ਉਦੇਸ਼ ਕੁਦਰਤੀ ਆਫ਼ਤਾਂ ਕਾਰਨ ਬਾਗ਼ਬਾਨੀ ਫ਼ਸਲਾਂ ਵਿੱਚ ਹੋਣ ਵਾਲੇ ਨੁਕਸਾਨ ਤੋਂ ਕਿਸਾਨਾਂ ਨੂੰ ਆਰਥਿਕ ਤੌਰ ’ਤੇ ਸੁਰੱਖਿਅਤ ਕਰਨਾ ਹੈ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਯੋਜਨਾ ਦਾ ਵਿਆਪਕ ਪੱਧਰ ’ਤੇ ਪ੍ਰਚਾਰ-ਪ੍ਰਸਾਰ ਯਕੀਨੀ ਬਣਾਇਆ ਜਾਵੇ, ਤਾਂ ਜੋ ਵੱਧ ਤੋਂ ਵੱਧ ਕਿਸਾਨ ਇਸ ਦਾ ਲਾਭ ਉਠਾ ਸਕਣ।

ਮੁੱਖ ਮੰਤਰੀ ਨੇ ਕਿਹਾ ਕਿ ਬਾਗ਼ਬਾਨੀ ਖੇਤਰ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਤਰਜੀਹ ਹੈ ਅਤੇ ਇਸ ਦੇ ਲਈ ਕਿਸਾਨਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

ਰਾਜ ਸਰਕਾਰ ਵੱਲੋਂ ਮੁੱਖ ਮੰਤਰੀ ਬਾਗ਼ਬਾਨੀ ਬੀਮਾ ਯੋਜਨਾ ਦੇ ਅਧੀਨ ਕਿਸਾਨਾਂ ਨੂੰ ਕੁਦਰਤੀ ਆਫ਼ਤਾਂ ਤੋਂ ਜੋਖਮ-ਮੁਕਤ ਕਰਨ ਲਈ 46 ਮੁੱਖ ਬਾਗ਼ਬਾਨੀ ਫ਼ਸਲਾਂ ’ਤੇ ਮੁਆਵਜ਼ਾ ਦਿੱਤਾ ਜਾਂਦਾ ਹੈ। ਇਨ੍ਹਾਂ ਫ਼ਸਲਾਂ ਵਿੱਚ 23 ਸਬਜ਼ੀਆਂ, 21 ਫਲ ਅਤੇ 2 ਮਸਾਲਿਆਂ ਦੀਆਂ ਫ਼ਸਲਾਂ ਸ਼ਾਮਲ ਹਨ। ਇੰਨਾ ਹੀ ਨਹੀਂ, ਸਾਲ 2026-27 ਦੇ ਬਜਟ ਵਿੱਚ ਇਸ ਮੁਆਵਜ਼ਾ ਰਾਸ਼ੀ ਨੂੰ ਵਧਾਉਣ ਦਾ ਐਲਾਨ ਵੀ ਕੀਤਾ ਗਿਆ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਧੂ-ਮੱਖੀ ਪਾਲਣ ਨਾਲ ਜੁੜੇ ਪਾਲਕਾਂ ਨੂੰ ਵੀ ਇਸ ਯੋਜਨਾ ਦੇ ਦਾਇਰੇ ਵਿੱਚ ਸ਼ਾਮਲ ਕਰਨ ਦਾ ਫੈਸਲਾ ਲਿਆ ਗਿਆ ਹੈ, ਜਿਸ ਨਾਲ ਉਨ੍ਹਾਂ ਨੂੰ ਵੀ ਕੁਦਰਤੀ ਆਫ਼ਤਾਂ ਕਾਰਨ ਹੋਣ ਵਾਲੇ ਨੁਕਸਾਨ ਦੀ ਸਥਿਤੀ ਵਿੱਚ ਆਰਥਿਕ ਸੁਰੱਖਿਆ ਮਿਲ ਸਕੇ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਯੋਜਨਾ ਦੇ ਪ੍ਰਭਾਵਸ਼ਾਲੀ ਅਮਲ ਲਈ ਜ਼ਮੀਨੀ ਪੱਧਰ ’ਤੇ ਨਿਗਰਾਨੀ ਨੂੰ ਮਜ਼ਬੂਤ ਕੀਤਾ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਯੋਗ ਲਾਭਕਾਰਾਂ ਤੱਕ ਯੋਜਨਾ ਦਾ ਲਾਭ ਸਮੇਂ ਸਿਰ ਪਹੁੰਚੇ।

# ਬਜਟ ਐਲਾਨਾਂ ’ਤੇ ਇੱਕ ਮਹੀਨੇ ਵਿੱਚ ਹੀ ਤੇਜ਼ੀ ਨਾਲ ਅਮਲ

**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਇੱਕ ਵਾਰ ਫਿਰ ਪ੍ਰਸ਼ਾਸਕੀ ਕਾਰਜਸ਼ੈਲੀ ਵਿੱਚ ਤਤਪਰਤਾ ਦੀ ਮਿਸਾਲ ਪੇਸ਼ ਕਰਦਿਆਂ ਵਿੱਤ ਮੰਤਰੀ ਵਜੋਂ ਬਜਟ ਪੇਸ਼ ਕਰਨ ਦੇ ਮਹਿਜ਼ ਇੱਕ ਮਹੀਨੇ ਦੇ ਅੰਦਰ ਹੀ ਬਜਟ ਐਲਾਨਾਂ ਨੂੰ ਜ਼ਮੀਨੀ ਪੱਧਰ ’ਤੇ ਉਤਾਰਨ ਦੀ ਦਿਸ਼ਾ ਵਿੱਚ ਠੋਸ ਪਹਿਲ ਸ਼ੁਰੂ ਕਰ ਦਿੱਤੀ ਹੈ। ਇਸ ਲੜੀ ਵਿੱਚ ਮੁੱਖ ਮੰਤਰੀ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਵਿਸਤਾਰ ਕਾਰਜ ਯੋਜਨਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ, ਤਾਂ ਜੋ ਐਲਾਨਾਂ ਨੂੰ ਸਮੇਂ ਸਿਰ ਅਤੇ ਪ੍ਰਭਾਵੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾ ਸਕੇ।

ਮੁੱਖ ਮੰਤਰੀ ਨੇ ਵੀਰਵਾਰ ਨੂੰ ਊਰਜਾ, ਸਿਹਤ, ਮਾਲ, ਆਬਕਾਰੀ ਅਤੇ ਕਰਾਧਾਨ, ਸਹਿਕਾਰਤਾ, ਵਿਕਾਸ ਅਤੇ ਪੰਚਾਇਤ, ਖੇਤੀਬਾੜੀ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਬਾਗਬਾਨੀ ਵਿਭਾਗਾਂ ਦੇ ਪ੍ਰਸ਼ਾਸਨਿਕ ਸਕੱਤਰਾਂ ਨਾਲ ਬਜਟ ਐਲਾਨਾਂ ਦੀ ਪ੍ਰਗਤੀ ਦੀ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਸਪੱਸ਼ਟ ਨਿਰਦੇਸ਼ ਦਿੱਤੇ ਕਿ ਬਜਟ ਵਿੱਚ ਕੀਤਾ ਗਿਆ ਹਰ ਐਲਾਨ ਦੀ ਜਾਣਕਾਰੀ ਪਿੰਡ ਪੱਧਰ ਤੱਕ ਪਹੁੰਚਣੀ ਚਾਹੀਦੀ ਹੈ ਅਤੇ ਇਸ ਲਈ ਗ੍ਰਾਮ ਸਭਾਵਾਂ ਦੀਆਂ ਮੀਟਿੰਗਾਂ ਵਿੱਚ ਇਨ੍ਹਾਂ ’ਤੇ ਚਰਚਾ ਕਰਕੇ ਮਤੇ ਪਾਸ ਕੀਤੇ ਜਾਣ ਅਤੇ ਇਸ ਦੀ ਸੂਚਨਾ ਸੀ.ਐਮ.ਓ ਦਫ਼ਤਰ ਨੂੰ ਭੇਜੀ ਜਾਵੇ।

ਮੀਟਿੰਗ ਵਿੱਚ ਇਹ ਵੀ ਦੱਸਿਆ ਗਿਆ ਕਿ ਹਰਿਆਣਾ ਦੇਸ਼ ਦਾ ਅਜਿਹਾ ਮੋਹਰੀ ਸੂਬਾ ਹੈ ਜਿੱਥੇ ਬਾਗਬਾਨੀ ਅਤੇ ਸਬਜ਼ੀਆਂ ਦੀਆਂ ਫਸਲਾਂ ਦੇ ਬਾਜ਼ਾਰ ਮੁੱਲ ਵਿੱਚ ਅੰਤਰ ਦੀ ਭਰਪਾਈ ਲਈ ’ਭਾਵਾਂਤਰ ਭਰਪਾਈ ਯੋਜਨਾ’ ਦੇ ਨਾਲ-ਨਾਲ ਕੁਦਰਤੀ ਆਫ਼ਤਾਂ ਦੀ ਸਥਿਤੀ ਵਿੱਚ ’ਮੁੱਖ ਮੰਤਰੀ ਬਾਗਬਾਨੀ ਬੀਮਾ ਯੋਜਨਾ’ ਤਹਿਤ ਕਿਸਾਨਾਂ ਨੂੰ ਬੀਮੇ ਦਾ ਲਾਭ ਦਿੱਤਾ ਜਾਂਦਾ ਹੈ।

ਇਸ ਯੋਜਨਾ ਤਹਿਤ 46 ਕਿਸਮਾਂ ਦੇ ਫਲ, ਸਬਜ਼ੀਆਂ ਅਤੇ ਮਸਾਲਿਆਂ ਦੀਆਂ ਫਸਲਾਂ ਸ਼ਾਮਲ ਹਨ, ਜਿਸ ਵਿੱਚ ਕਿਸਾਨਾਂ ਨੂੰ ਸਿਰਫ਼ 2.5 ਫੀਸਦੀ ਪ੍ਰੀਮੀਅਮ ਅਦਾ ਕਰਨਾ ਪੈਂਦਾ ਹੈ, ਜਦੋਂ ਕਿ ਬਾਕੀ ਰਾਸ਼ੀ ਸਰਕਾਰ ਵੱਲੋਂ ਭੁਗਤਾਨ ਕੀਤੀ ਜਾਂਦੀ ਹੈ।

ਮੁੱਖ ਮੰਤਰੀ ਨੇ ਆਪਣੇ ਬਜਟ ਭਾਸ਼ਣ ਵਿੱਚ ਕਿਸਾਨਾਂ ਨੂੰ ਹੋਰ ਰਾਹਤ ਦਿੰਦਿਆਂ ਮੁੱਖ ਮੰਤਰੀ ਬਾਗਬਾਨੀ ਬੀਮਾ ਯੋਜਨਾ ਤਹਿਤ ਮੁਆਵਜ਼ਾ ਰਾਸ਼ੀ ਵਿੱਚ ਵਾਧੇ ਦਾ ਐਲਾਨ ਕੀਤਾ ਹੈ। ਹੁਣ ਕੁਦਰਤੀ ਆਫ਼ਤਾਂ ਕਾਰਨ ਫਲਾਂ ਦੀ ਫ਼ਸਲ ਖ਼ਰਾਬ ਹੋਣ ’ਤੇ ਮੁਆਵਜ਼ਾ 40,000 ਰੁਪਏ ਪ੍ਰਤੀ ਏਕੜ ਤੋਂ ਵਧਾ ਕੇ 50,000 ਰੁਪਏ ਪ੍ਰਤੀ ਏਕੜ ਕੀਤਾ ਜਾਵੇਗਾ, ਜਦਕਿ ਸਬਜ਼ੀਆਂ ਅਤੇ ਮਸਾਲਿਆਂ ਲਈ ਇਹ ਰਾਸ਼ੀ 30,000 ਰੁਪਏ ਪ੍ਰਤੀ ਏਕੜ ਤੋਂ ਵਧਾ ਕੇ 40,000 ਰੁਪਏ ਪ੍ਰਤੀ ਏਕੜ ਕਰ ਦਿੱਤੀ ਜਾਵੇਗੀ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਨੇ 2 ਮਾਰਚ ਨੂੰ ਸਾਲ 2026-27 ਦਾ ਬਜਟ ਵਿਧਾਨ ਸਭਾ ਵਿੱਚ ਪੇਸ਼ ਕੀਤਾ ਸੀ ਅਤੇ ਮਹਿਜ਼ ਇੱਕ ਮਹੀਨੇ ਦੇ ਅੰਦਰ ਹੀ ਇਸ ਦੇ ਐਲਾਨਾਂ ਦੀ ਸਮੀਖਿਆ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ, ਜੋ ਸਰਕਾਰ ਦੀ ਵਚਨਬੱਧਤਾ ਅਤੇ ਕਾਰਜਕੁਸ਼ਲਤਾ ਨੂੰ ਦਰਸਾਉਂਦੀ ਹੈ।

ਮੀਟਿੰਗ ਵਿੱਚ ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਸੂਬੇ ਦੇ ਸਾਰੇ 775 ਕਿਸਾਨ ਉਤਪਾਦਕ ਸੰਗਠਨਾਂ ਦੀ ਮੀਟਿੰਗ ਬੁਲਾਈ ਜਾਵੇ, ਜਿਸ ਵਿੱਚ ਉਹ ਖੁਦ ਵੀ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਕਲਪਨਾ ਅਨੁਸਾਰ ਕਿਸਾਨਾਂ ਨੂੰ ਸਮੂਹ ਵਜੋਂ ਸੰਗਠਿਤ ਹੋ ਕੇ ਕੰਮ ਕਰਨਾ ਚਾਹੀਦਾ ਹੈ, ਜਿਸ ਨਾਲ ਉਨ੍ਹਾਂ ਦੀ ਆਮਦਨ ਵਿੱਚ ਵਾਧਾ ਯਕੀਨੀ ਹੋ ਸਕੇ।

ਅਧਿਕਾਰੀਆਂ ਨੇ ਮੀਟਿੰਗ ਵਿੱਚ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਦੇਸ਼ ਭਰ ਵਿੱਚ ਸਥਾਪਤ ਕਰਨ ਦਾ ਟੀਚਾ ਰੱਖਿਆ ਗਿਆ ਹੈ, ਜਿਸ ਤਹਿਤ ਹਰਿਆਣਾ ਨੂੰ AGB FPO ਸਥਾਪਤ ਕਰਨ ਦਾ ਟੀਚਾ ਮਿਲਿਆ ਸੀ। ਇਨ੍ਹਾਂ ਵਿੱਚੋਂ ਕਈ FPO ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਸਥਾਪਤ ਕੀਤੇ ਜਾ ਚੁੱਕੇ ਹਨ।ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਸਬੰਧਤ ਕੇਂਦਰੀ ਏਜੰਸੀਆਂ ਨੂੰ ਵੀ ਪ੍ਰਸਤਾਵਿਤ ਮੀਟਿੰਗਾਂ ਵਿੱਚ ਸੱਦਾ ਦਿੱਤਾ ਜਾਵੇ, ਤਾਂ ਜੋ ਤਾਲਮੇਲ ਨਾਲ ਕਿਸਾਨਾਂ ਦੇ ਹਿੱਤ ਵਿੱਚ ਯੋਜਨਾਵਾਂ ਦਾ ਪ੍ਰਭਾਵੀ ਅਮਲ ਯਕੀਨੀ ਬਣਾਇਆ ਜਾ ਸਕੇ।

ਮੀਟਿੰਗ ਵਿੱਚ ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਸ਼੍ਰੀ ਰਾਜੇਸ਼ ਖੁੱਲਰ, ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ, ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੀ ਵਧੀਕ ਮੁੱਖ ਸਕੱਤਰ ਅਤੇ ਵਿੱਤ ਕਮਿਸ਼ਨਰ ਡਾ. ਸੁਮਿਤਾ ਮਿਸ਼ਰਾ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ਼੍ਰੀ ਅਰੁਣ ਕੁਮਾਰ ਗੁਪਤਾ ਸਮੇਤ ਵੱਖ-ਵੱਖ ਵਿਭਾਗਾਂ ਦੇ ਪ ?ਸਾਸ਼ਨਿਕ ਸਕੱਤਰ ਮੌਜੂਦ ਸਨ।

# ਲਘੂ, ਸੂਖਮ ਅਤੇ ਮੱਧਮ ਉਦਯੋਗਾਂ ਨੂੰ ਪ੍ਰੋਤਸਾਹਨ ਦੇਣ ਲਈ ਹਰਿਆਣਾ ਸਰਕਾਰ ਦਾ ਵੱਡਾ ਕਦਮ

**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਲਘੂ, ਸੂਖਮ ਅਤੇ ਮੱਧਮ ਉਦਯੋਗ (ਐਮਐਸਐਮਈ) ਖੇਤਰ ਨੂੰ ਹੋਰ ਵੱਧ ਮਜਬੂਤ ਅਤੇ ਪ੍ਰੋਤਸਾਹਿਤ ਕਰਨ ਦੇ ਉਦੇਸ਼ ਨਾਲ ਹਰਿਆਣਾ ਸਰਕਾਰ ਨੇ ਇੱਕ ਮਹਤੱਵ ਪੂਰਣ ਫੈਸਲਾ ਕੀਤਾ ਹੈ। ਸਰਕਾਰ ਨੇ ਹਰਿਆਣਾ ਉਦਮ ਪ੍ਰੋਤਸਾਹਨ ਨਿਯਮ-16 ਦੇ ਨਿਯਮ-7 ਦੇ ਉੱਪ ਨਿਯਮ (1) ਵਿੱਚ ਸੋਧ ਕਰਦੇ ਹੋਏ ਹਰੇਕ ਜਿਲ੍ਹਾ ਵਿੱਚ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ 18 ਮੈਂਬਰੀ ਜਿਲ੍ਹਾ ਪੱਧਰੀ ਕਲੀਅਰਿੰਗ ਕਮੇਟੀ ਦੇ ਗਠਨ ਦਾ ਫੈਸਲਾ ਕੀਤਾ ਹੈ।

ਉਦਯੋਗ ਅਤੇ ਵਪਾਰ ਵਿਭਾਗ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਇਹ ਸ਼ੋਧ ਨਿਯਮਹੁਣ ਹਰਿਆਣਾ ਉਦਮ ਪ੍ਰੋਤਸਾਹਨ (ਸੋਧ) ਨਿਯਮ, 2026 ਦੇ ਦੇ ਨਾਮ ਨਾਲ ਜਾਣੇ ਜਾਣਗੇ। ਇਸ ਪਹਿਲ ਦਾ ਉਦੇਸ਼ ਉਦਯੋਗਾਂ ਨਾਲ ਸਬੰਧਿਤ ਵੱਖ-ਵੱਖ ਅਨੁਮਤੀਆਂ ਅਤੇ ਮੰਜੂਰੀਆਂ ਦੀ ਪ੍ਰਕ੍ਰਿਆ ਨੂੰ ਸਰਲ, ਤੁਰੰਤ ਅਤੇ ਪਾਰਦਰਸ਼ੀ ਬਨਾਉਣਾ ਹੈ, ਜਿਸ ਨਾਲ ਨਿਵੇਸ਼ਨੂੰ ਪ੍ਰੋਤਸਾਹਨ ਮਿਲੇਗਾ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਸ੍ਰਿਜਤ ਹੋਣਗੇ।

ਗਠਨ ਕਮੇਟੀ ਵਿੱਚ ਸੰਬਧਿਤ ਜਿਲ੍ਹਾ ਦਾ ਡਿਪਟੀ ਕਮਿਸ਼ਨਰ ਚੇਅਰਮੈਨ ਹੋਵੇਗਾ, ਜਦੋਂ ਕਿ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਮੈਂਬਰ ਵਜੋ ਸ਼ਾਮਿਲ ਕੀਤੇ ਗਏ ਹਨ। ਇੰਨ੍ਹਾਂ ਵਿੱਚ ਬਿਜਲੀ ਨਿਗਮਾਂ ਦੇ ਸੁਪਰਡੈਂਟ ਇੰਜੀਨੀਅਰ, ਉੱਪ ਆਬਕਾਰੀ ਕਮਿਸ਼ਨਰ, ਜਿਲ੍ਹਾ ਨਗਰ ਯੋਜਨਾਕਾਰ, ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਖੇਤਰੀ ਅਧਿਕਾਰੀ, ਉੱਪ ਸਹਾਇਕ ਕਿਰਤ ਕਮਿਸ਼ਨਰ, ਜਿਲ੍ਹਾ ਕਿਰਤ ਕਮਿਸ਼ਨਰ , ਉਦਯੋਗਿਕ ਸੁਰੱਖਿਆ ਦਫਤਰ ਦੇ ਸਹਾਇਕ ਨਿਦੇਸ਼, ਮੁੱਖ ਕਾਰਖਾਨਾਨਿਰੀਖਕ, ਔਸ਼ਧੀ ਨਿਦੇਸ਼ਕ, ਐਚਐਸਆਈਆਈਡੀਸੀ ਅਤੇ ਐਚਐਸਵੀਪੀ ਦੇ ਸੰਪਦਾ ਅਧਿਕਾਰੀ, ਨਗਰ ਪਾਲਿਕਾ ਦੇ ਕਾਰਜਕਾਰੀ ਅਧਿਕਾਰੀ ਜਾਂ ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ, ਜਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ, ਆਯੂਸ਼ ਵਿਭਾਗਅਤੇ ਅਕਸ਼ੈ ਊਰਜਾ ਵਿਭਾਂਗ ਦੇ ਜਿਲ੍ਹਾਂ ਪੱਧਰੀ ਅਧਿਕਾਰੀ, ਡਿਵੀਜਨ ਜੰਗਲਾਤ ਅਧਿਕਾਰੀ, ਜਿਲ੍ਹਾ ਸੂਖਮ, ਲਘੂ ਅਤੇ ਮੱਧਮ ਉਦਯੋਗ ਕੇਂਦਰ ਦੇ ਸੰਯੁਕਤ ਨਿਦੇਸ਼ਕ/ਉੱਪ ਨਿਦੇਸ਼ਕ ਅਤੇ ਜਿਲ੍ਹਾ ਐਮਐਸਐਮਈ ਸੰਗਠਨ ਦੇ ਪ੍ਰਤੀਨਿਧੀ ਸ਼ਾਮਿਲ ਹੋਣਗੇ।

ਇਸ ਤੋਂ ਇਲਾਵਾ, ਜਿਲ੍ਹਾ ਉਦਯੋਗ ਕੇਂਦਰ ਦੇ ਸੰਯੁਕਤ ਨਿਦੇਸ਼ਕ/ਉੱਪ ਨਿਦੇਸ਼ਕ ਨੂੰ ਕਮੇਟੀ ਦਾ ਮੈਂਬਰ ਸਕੱਤਰ ਨਿਯੁਕਤ ਕੀਤਾ ਗਿਆ ਹੈ।

ਇਹ ਕਮੇਟੀ ਉਦਯੋਗਾਂ ਨਾਲ ਸਬੰਧਿਤ ਮਾਮਲਿਆਂ ਦੇ ਤੁਰੰਤ ਹੱਲ ਲਈ ਇੱਕ ਪ੍ਰਭਾਵੀ ਮੰਚ ਪ੍ਰਦਾਨ ਕਰੇਗੀ, ਜਿਸ ਨਾਲ ਨਿਵੇਸ਼ਕਾਂ ਨੂੰ ਈਜ਼ ਆਫ ਡੂਇੰਗ ਬਿਜਨੈਸ ਤਹਿਤ ਬਿਹਤਰ ਸਹੂਲਤਾਂ ਮਿਲਣਗੀਆਂਅਤੇ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਨਵੀਂ ਗਤੀ ਪ੍ਰਾਪਤ ਹੋਵੇਗੀ।

# ਕਿਸਾਨਾਂ ਤੇ ਆੜ੍ਹਤੀਆਂ ਦੇ ਹਿੱਤਾਂ ਦੀ ਰੱਖਿਆ ਲਈ ਸਰਕਾਰ ਵਚਨਬੱਧ : ਰਾਜ ਮੰਤਰੀ ਰਾਜੇਸ਼ ਨਾਗਰ

**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਰਾਜ ਮੰਤਰੀ ਸ਼੍ਰੀ ਰਾਜੇਸ਼ ਨਾਗਰ ਨੇ ਵੀਰਵਾਰ ਨੂੰ ਜ਼ਿਲ੍ਹੇ ਦੀ ਝੱਜਰ ਅਤੇ ਆਸੌਦਾ ਅਨਾਜ ਮੰਡੀ ਤੇ ਖਰੀਦ ਕੇਂਦਰ ਦਾ ਦੌਰਾ ਕਰਕੇ ਰਬੀ ਫ਼ਸਲਾਂ ਦੀ ਖਰੀਦ ਵਿਵਸਥਾ ਦਾ ਡੂੰਘਾਈ ਨਾਲ ਨਿਰੀਖਣ ਕੀਤਾ ਅਤੇ ਸਬੰਧਤ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਇਸ ਦੌਰਾਨ ਰਾਜ ਮੰਤਰੀ ਸ਼੍ਰੀ ਨਾਗਰ ਨੇ ਮੰਡੀਆਂ ਵਿੱਚ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਦੇਸ਼ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਅਤੇ ਸੂਬੇ ਵਿੱਚ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਸੁਚੇਤ ਹੈ।

ਉਨ੍ਹਾਂ ਸਪੱਸ਼ਟ ਕਿਹਾ ਕਿ ਕਿਸੇ ਵੀ ਕਿਸਾਨ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣੀ ਚਾਹੀਦੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਹੈ ਕਿ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਸਮੇਂ ਸਿਰ ਅਤੇ ਉਚਿਤ ਮੁੱਲ ’ਤੇ ਖਰੀਦਿਆ ਜਾਵੇ ਅਤੇ ਪੂਰੀ ਪ੍ਰਕਿਰਿਆ ਨੂੰ ਪਾਰਦਰਸ਼ੀ, ਪ੍ਰਭਾਵੀ ਅਤੇ ਕਿਸਾਨ ਪੱਖੀ ਬਣਾਇਆ ਜਾਵੇ। ਇਸ ਦੇ ਲਈ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਮੰਡੀਆਂ ਵਿੱਚ ਲਗਾਤਾਰ ਮੌਜੂਦ ਰਹਿ ਕੇ ਸਾਰੇ ਪ੍ਰਬੰਧਾਂ ਦੀ ਨਿਗਰਾਨੀ ਕਰਨ।

ਇਸ ਮੌਕੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਰਾਜ ਮੰਤਰੀ ਸ਼੍ਰੀ ਰਾਜੇਸ਼ ਨਾਗਰ ਨੇ ਕਿਹਾ ਕਿ ਇਸ ਵਾਰ ਸਰਕਾਰ ਵੱਲੋਂ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 2585 ਰੁਪਏ ਪ੍ਰਤੀ ਕੁਇੰਟਲ ਅਤੇ ਸਰ੍ਹੋਂ ਦਾ 6200 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫ਼ਸਲ ਦਾ ਉਚਿਤ ਮੁੱਲ ਸਮੇਂ ਸਿਰ ਮਿਲੇ, ਇਹ ਸਰਕਾਰ ਦੀ ਮੁੱਖ ਤਰਜੀਹ ਹੈ।ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਭੁਗਤਾਨ ਪ੍ਰਕਿਰਿਆ ਵਿੱਚ ਕਿਸੇ ਕਿਸਮ ਦੀ ਦੇਰੀ ਨਾ ਹੋਵੇ ਅਤੇ ਪੂਰੀ ਪਾਰਦਰਸ਼ਤਾ ਨਾਲ ਰਾਸ਼ੀ ਸਿੱਧੀ ਕਿਸਾਨਾਂ ਦੇ ਖਾਤਿਆਂ ਵਿੱਚ ਭੇਜੀ ਜਾਵੇ। ਹਰਿਆਣਾ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਰਾਜ ਮੰਤਰੀ ਸ਼੍ਰੀ ਰਾਜੇਸ਼ ਨਾਗਰ ਨੇ ਨਿਰੀਖਣ ਦੌਰਾਨ ਸਾਫ਼-ਸਫ਼ਾਈ, ਸ਼ੈੱਡ, ਪੀਣ ਵਾਲੇ ਪਾਣੀ, ਪਖਾਨੇ, ਸੀਸੀਟੀਵੀ, ਮਾਪ-ਤੋਲ ਵਿਵਸਥਾ, ਬਾਇਓਮੀਟ੍ਰਿਕ ਇਲੈਕਟ੍ਰਾਨਿਕ ਡਿਵਾਈਸ, ਗੇਟ ਪਾਸ, ਬਾਰਦਾਨੇ ਦੀ ਉਪਲਬਧਤਾ ਅਤੇ ਫ਼ਸਲ ਦੀ ਚੁਕਾਈ ਵਰਗੇ ਪ੍ਰਬੰਧਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ। ਰਾਜ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਮੰਡੀਆਂ ਵਿੱਚ ਸਾਰੀਆਂ ਲੋੜੀਂਦੀਆਂ ਸਹੂਲਤਾਂ ਬਿਹਤਰ ਪੱਧਰ ’ਤੇ ਮੁਹੱਈਆ ਕਰਵਾਈਆਂ ਜਾਣ, ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਨਾ ਹੋਵੇ।

ਡੀ.ਐਫ.ਐਸ.ਸੀ. ਰਾਜੇਸ਼ਵਰ ਮੁਦਗਿਲ ਨੇ ਰਾਜ ਮੰਤਰੀ ਨੂੰ ਦੱਸਿਆ ਕਿ ਰਬੀ ਫ਼ਸਲਾਂ ਦੀ ਖਰੀਦ ਦੀ ਪ੍ਰਭਾਵੀ ਨਿਗਰਾਨੀ ਲਈ ਮਾਰਕੀਟਿੰਗ ਬੋਰਡ ਦਫ਼ਤਰ ਵਿੱਚ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ। ਇਹ ਕੰਟਰੋਲ ਰੂਮ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਚੱਲ ਰਹੀ ਖਰੀਦ ਪ੍ਰਕਿਰਿਆ ’ਤੇ ਸੀਸੀਟੀਵੀ ਕੈਮਰਿਆਂ ਰਾਹੀਂ ਲਗਾਤਾਰ ਨਜ਼ਰ ਰੱਖੇਗਾ। ਇਸ ਨਾਲ ਪਾਰਦਰਸ਼ਤਾ ਬਣੀ ਰਹੇਗੀ ਅਤੇ ਕਿਸੇ ਵੀ ਕਿਸਮ ਦੀ ਬੇਨਿਯਮੀ ’ਤੇ ਤੁਰੰਤ ਕਾਰਵਾਈ ਸੰਭਵ ਹੋ ਸਕੇਗੀ। ਇਸ ਮੌਕੇ ਅਧਿਕਾਰੀ, ਆੜ੍ਹਤੀ ਅਤੇ ਕਿਸਾਨ ਮੌਜੂਦ ਸਨ।

# ਕਣਕ ਦੀ ਆਮਦ ਅਤੇ ਚੁਕਾਈ ਦੇ ਕਾਰਜ ਦੇ ਨਾਲ-ਨਾਲ ਹੋਰ ਸਹੂਲਤਾਂ ਦਾ ਜਾਇਜ਼ਾ ਲਿਆ

**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਵੀਰਵਾਰ ਨੂੰ ਯਮੁਨਾਨਗਰ ਵਿੱਚ ਸਰਸਵਤੀ ਨਗਰ ਅਨਾਜ ਮੰਡੀ ਪਹੁੰਚ ਕੇ ਕਣਕ ਦੀ ਆਮਦ ਅਤੇ ਚੁਕਾਈ ਦੇ ਕਾਰਜ ਦੇ ਨਾਲ-ਨਾਲ ਹੋਰ ਸਹੂਲਤਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਖੇਤੀਬਾੜੀ ਮੰਤਰੀ ਨੇ ਸਬੰਧਤ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਮੰਡੀ ਵਿੱਚ ਖਰੀਦੀ ਗਈ ਕਣਕ ਦੀ ਜਲਦੀ ਚੁਕਾਈ ਦੇ ਨਿਰਦੇਸ਼ ਦਿੱਤੇ।

ਕਿਸਾਨਾਂ ਨੂੰ ਭਰੋਸਾ ਦਿੰਦੇ ਹੋਏ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਕਿਸਾਨ ਦੀ ਫ਼ਸਲ ਦਾ ਇੱਕ-ਇੱਕ ਦਾਣਾ ਐਮ.ਐਸ.ਪੀ. (MSP) ’ਤੇ ਖਰੀਦਿਆ ਜਾਵੇਗਾ ਅਤੇ ਕਿਸਾਨ ਨੂੰ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਰਾਜ ਸਰਕਾਰ ਕਣਕ ਦੀ ਖਰੀਦ ਨੂੰ ਲੈ ਕੇ ਬਹੁਤ ਗੰਭੀਰ ਹੈ ਅਤੇ ਮੁੱਖ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਸੂਬੇ ਦੇ ਮੰਤਰੀ ਅਤੇ ਵਿਧਾਇਕ ਲਗਾਤਾਰ ਮੰਡੀਆਂ ਦਾ ਨਿਰੀਖਣ ਵੀ ਕਰ ਰਹੇ ਹਨ, ਤਾਂ ਜੋ ਕਿਸਾਨ ਨੂੰ ਆਪਣੀ ਫ਼ਸਲ ਵੇਚਣ ਵਿੱਚ ਪੋਰਟਲ ਸੰਬੰਧੀ ਜਾਂ ਕੋਈ ਹੋਰ ਸਮੱਸਿਆ ਨਾ ਆਵੇ।

ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀ ਫ਼ਸਲ ਨੂੰ ਸੁਕਾ ਕੇ ਲਿਆਉਣ ਤਾਂ ਜੋ ਫ਼ਸਲ ਵੇਚਣ ਵਿੱਚ ਕੋਈ ਦਿੱਕਤ ਨਾ ਆਵੇ। ਕਿਸਾਨਾਂ ਅਤੇ ਆੜ੍ਹਤੀਆਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਨਾਲ ਆਪਸੀ ਸਹਿਯੋਗ ਅਤੇ ਤਾਲਮੇਲ ਰਾਹੀਂ ਫ਼ਸਲ ਦੀ ਚੁਕਾਈ ਦੀ ਸਮੱਸਿਆ ਨੂੰ ਦੂਰ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਿਰਧਾਰਿਤ ਕੀਤੇ ਗਏ ਮਾਪਦੰਡਾਂ ਅਨੁਸਾਰ ਕਿਸਾਨਾਂ ਦੀਆਂ ਫ਼ਸਲਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ’ਤੇ ਖਰੀਦਿਆ ਜਾਵੇਗਾ।

ਸਬੰਧਤ ਅਧਿਕਾਰੀਆਂ ਨੂੰ ਇਸ ਗੱਲ ’ਤੇ ਫੋਕਸ ਰੱਖਣਾ ਚਾਹੀਦਾ ਹੈ ਕਿ ਮੰਡੀਆਂ ਵਿੱਚ ਕਿਸਾਨਾਂ ਅਤੇ ਵਪਾਰੀਆਂ ਨੂੰ ਪੀਣ ਵਾਲੇ ਪਾਣੀ, ਪਖਾਨੇ, ਸਫਾਈ ਵਿਵਸਥਾ, ਬਿਜਲੀ ਸਮੇਤ ਹੋਰ ਸਹੂਲਤਾਂ ਮਿਲਣ। ਉਨ੍ਹਾਂ ਸਾਰੀਆਂ ਖਰੀਦ ਏਜੰਸੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਮੰਡੀਆਂ ਵਿੱਚੋਂ ਖਰੀਦੀ ਗਈ ਕਣਕ ਨੂੰ ਜਲਦੀ ਚੁੱਕਣ ਦੀ ਵਿਵਸਥਾ ਕਰਨ ਤਾਂ ਜੋ ਕਿਸਾਨ ਸਹੂਲਤਜਨਕ ਤਰੀਕੇ ਨਾਲ ਆਪਣੀ ਫ਼ਸਲ ਵੇਚ ਸਕਨ।

# ਕਾਂਗਰਸ ਪਾਰਟੀ ਨਹੀਂ, ਸਗੋ ਵੱਖ-ਵੱਖ ਮੁੱਦਿਆਂ ਦਾ ਸਮੂਹ : ਰਣਬੀਰ ਗੰਗਵਾ

**ਕਰਨਾਲ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਲੋਕ ਨਿਰਮਾਣ ਅਤੇ ਜਨਸਿਹਤ ਇੰਜੀਨੀਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਕਰਨਾਲ ਵਿੱਚ ਆਯੋਜਿਤ ਜਿਲ੍ਹਾ ਸ਼ਿਕਾਇਤ ਹੱਲ ਕਮੇਟੀ ਦੀ ਮੀਟਿੰਗ ਵਿੱਚ 14 ਵਿੱਚੋਂ 8 ਸ਼ਿਕਾਇਤਾਂ ਦਾ ਮੌਕੇ ’ਤੇ ਹੱਲ ਕੀਤਾ ਅਤੇ ਬਾਕੀ 6 ’ਤੇ ਅਗਲੀ ਮੀਟਿੰਗ ਵਿੱਚ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਕੈਬਨਿਟ ਮੰਤਰੀ ਸ੍ਰੀ ਰਣਬੀਰ ਗੰਗਵਾ ਵੀਰਵਾਰ ਨੂੰ ਪੰਚਾਇਤ ਭਵਨ ਦੇ ਓਡੀਟੋਰਿਅਮ ਵਿੱਚ ਜਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਹੱਲ ਕਮੇਟੀ ਦੀ ਮੀਟਿੰਗ ਦੇ ਬਾਅਦ ਪ੍ਰੈਸ ਕਾਨਫ੍ਰੈਂਸ ਨੂੰ ਸੰਬੋਧਿਤ ਕਰ ਰਹੇ ਸਨ। ਭਾਜਪਾ ਦਫਤਰ ’ਤੇ ਗ੍ਰੇਨੇਡ ਮਾਮਲੇ ’ਤੇ ਪੁੱਛੇ ਸੁਆਲ ਦੇ ਜਵਾਬ ਵਿੱਚ ਉਨ੍ਹਾਂ ਨੇ ਕਿਹਾ ਕਿ ਇਹ ਬਹੁਤ ਨਿੰਦਾਯੋਗ ਘਟਨਾ ਹੈ। ਪੁਲਿਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ, ਦੋਸ਼ੀਆਂ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

ਕਾਂਗਰਸ ਦੀ ਅੰਦਰੂਨੀ ਕਲਹ ’ਤੇ ਤੰਜ ਕੱਸਦੇ ਹੋਏ ਕੈਬਨਿਟ ਮੰਤਰੀ ਨੇ ਕਿਹਾ ਕਿ ਕਾਂਗਰਸ ਦਾ ਇਤਿਹਾਸ ਰਿਹਾ ਹੈ ਕਿ ਉਨ੍ਹਾਂ ਦੇ ਵੋਟ ਕਦੀ ਇੱਕਜੁੱਟ ਨਹੀਂ ਹੁੰਦੇ। ਹਰਿਆਣਾ ਵਿੱਚ ਕਾਂਗਰਸ ਕੋਈ ਇੱਕ ਪਾਰਟੀ ਨਹੀਂ, ਸਗੋ ਵੱਖ-ਵੱਖ ਗੁੱਟਾਂ ਦਾ ਸਮੂਹ ਹੈ ਜਿਨ੍ਹਾਂ ਦੇ ਵਿਚਾਰਾਂ ਵਿੱਚ ਕੋਈ ਸਮਾਨਤਾ ਨਹੀਂ ਹੈ।

ਹਾਲ ਹੀ ਵਿੱਚ ਹੋਏ ਚੋਣਾਂ ਵਿੱਚ ਕਾਂਗਰਸ ਦੇ 37 ਵਿਧਾਇਕਾਂ ਵਿੱਚੋਂ 9 ਵਿਧਾਇਕਾਂ ਦੇ ਵੋਟ ਉਨ੍ਹਾਂ ਦੇ ਆਪਣੇ ਉਮੀਦਵਾਰ ਨੂੰ ਨਹੀਂ ਮਿਲੇ, ਕਾਂਗਰਸ ਨੂੰ ਆਤਮਚਿੰਤਨ ਦੀ ਜਰੂਰਤ ਹੈ।

ਉਨ੍ਹਾਂ ਨੇ ਕਿਹਾ ਕਿ ਅੱਜ ਦੂਜੀ ਪਾਰਟੀਆਂ ਦੇ ਨੇਤਾ ਵੀ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਦੀ ਪਾਰਦਰਸ਼ਿਤਾ ਅਤੇ ਕਾਰਜਪ੍ਰਣਾਲੀ ਦੀ ਸ਼ਲਾਘਾ ਕਰ ਰਹੇ ਹਨ।

ਨੌਜੁਆਨਾਂ ਦੇ ਅਵੈਧ ਢੰਗ ਨਾਲ ਵਿਦੇਸ਼ ਦੇ ਮੁੱਦੇ ’ਤੇ ਮੰਤਰੀ ਨੇ ਚਿੰਤਾ ਵਿਅਕਤ ਕੀਤੀ। ਉਨ੍ਹਾਂ ਨੇ ਅਪੀਲ ਕੀਤੀ ਕਿ ਯੁਵਾ ਗਲਤ ਰਸਤਿਆਂ ਜਾਂ ਏਜੰਟਾਂ ਦੇ ਝਾਂਸੇ ਵਿੱਚ ਆ ਕੇ ਆਪਣੀ ਜਾਨ ਅਤੇ ਪੈਸਾ ਜੋਖਿਮ ਵਿੱਚ ਨਾ ਪਾਉਣ। ਹਰਿਆਣਾ ਸਰਕਾਰ ਨੌਜੁਆਨਾਂ ਨੂੰ ਕਾਨੂੰਨੀ ਢੰਗ ਨਾਲ ਵਿਦੇਸ਼ ਭੇਜਣ ਅਤੇ ਉੱਥੇ ਰੁਜ਼ਗਾਰ ਦਿਵਾਉਣ ਵਿੱਚ ਪੂਰੀ ਮਦਦ ਕਰ ਰਹੀ ਹੈ। ਉਨ੍ਹਾਂ ਨੇ ਨੌਜੁਆਨਾਂ ਨੂੰ ਕਿਹਾ ਕਿ ਸਰਕਾਰ ਵੱਲੋਂ ਜਾਰੀ ਹਿਦਾਇਤਾਂ ਦਾ ਪਾਲਣ ਕਰਨ ਅਤੇ ਅਧਿਕਾਰਕ ਸਰੋਤਾਂ ਦਾ ਹੀ ਚੋਣ ਕਰਨ।

# ਭਾਜਪਾ ਹੀ ਅਜਿਹੀ ਸਰਕਾਰ ਦੇ ਸਕਦੀ ਹੈ ਜੋ ਕਿਸਾਨਾਂ, ਆੜਤੀਆਂ ਅਤੇ ਵਪਾਰੀਆਂ ਦਾ ਭਲਾ ਕਰ ਸਕਣ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਪੰਜਾਬ ਦੀ ਆੜਤੀ ਏਸੋਸਇਏਸ਼ਨ ਦੇ ਵਫ਼ਦ ਨੇ ਚੰਡੀਗੜ੍ਹ ਸਥਿਤ ਸੰਤ ਕਬੀਰ ਕੁਟੀਰ ਆਵਾਸ ’ਤੇ ਬੁੱਧਵਾਰ ਦੇਰ ਸ਼ਾਮ ਮੁਲਾਕਾਤ ਕੀਤੀ ਹੈ। ਇਸ ਦੌਰਾਨ ਪੰਜਾਬ ਦੇ ਆੜਤੀਆਂ ਨਾਲ ਜੁੜੀ ਵੱਖ-ਵੱਖ ਸਮਸਿਆਵਾਂ ’ਤੇ ਵਿਸਤਾਰ ਨਾਲ ਚਰਚਾ ਹੋਈ।

ਵਫ਼ਦ ਨੇ ਮੁੱਖ ਮੰਤਰੀ ਨੂੰ ਜਾਣੂ ਕਰਾਇਆ ਕਿ ਪੰਜਾਬ ਵਿੱਚ ਲਗਭਗ 40 ਹਜਾਰ ਆੜਤੀ, ਕਰੀਬ ਸਵਾ ਲੱਖ ਮੁਨੀਮ ਅਤੇ 6-7 ਲੱਖ ਮਜਦੂਰ ਇਸ ਵਿਵਸਥਾ ਨਾਲ ਜੁੜੇ ਹੋਏ ਹਨ। ਮੌਜੂਦਾ ਵਿੱਚ ਆੜਤੀਆਂ ਦੇ ਸਾਹਮਣੇ ਆ ਰਹੀ ਮੁਸ਼ਕਲਾਂ ਦੇ ਚਲਦੇ ਪੰਜਾਬ ਵਿੱਚ ਆੜਤੀਆਂ ਦੀ ਹੜਤਾਲ ਚੱਲ ਰਹੀ ਹੈ, ਜਿਸ ਨਾਲ ਵਪਾਰਕ ਗਤੀਵਿਧੀਆਂ ਦੇ ਨਾਲ-ਨਾਲ ਲੱਖਾਂ ਪਰਿਵਾਰਾਂ ਦੀ ਆਜੀਵਿਕਾ ਪ੍ਰਭਾਵਿਤ ਹੋ ਰਹੀ ਹੈ। ਸਰਕਾਰ ਨਾਲ ਗਲਬਾਤ ਹੋਈ, ਪਰ ਕੋਈ ਹੱਲ ਨਹੀਂ ਹੋਇਆ। ਫਸਲ ਖਰੀਦ ਦੇ ਇਸ ਸੀਜ਼ਨ ਵਿੱਚ ਆੜਤੀ ਵਰਗ ਦੇ ਨਾਲ-ਨਾਲ ਲੇਬਰ ਤਬਕਾ ਅਤੇ ਕਿਸਾਨ ਵੀ ਪਰੇਸ਼ਾਨ ਹਨ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਸ ਵਿਸ਼ਾ ’ਤੇ ਗੰਭੀਰ ਚਿੰਤਾ ਵਿਅਕਤ ਕਰਦੇ ਹੋਏ ਕਿਹਾ ਕਿ ਉਹ ਖੁਦ ਕਈ ਵਾਰ ਪੰਜਾਬ ਦਾ ਦੌਰਾ ਕਰ ਚੁੱਕੇ ਹਨ ਅਤੇ ਉੱਥੇ ਹਰ ਵਰਗ ਚਾਹੇ ਕਿਸਾਨ ਹੋਵੇ, ਵਪਾਰੀ ਹੋਵੇ ਜਾਂ ਮਜਦੂਰ ਪਰੇਸ਼ਾਨ ਨਜਰ ਆਉਂਦਾ ਹੈ। ਸਮਸਿਆਵਾਂ ਦੇ ਹੱਲ ਦੇ ਵੱਲ ਉੱਥੇ ਦੀ ਆਪ ਪਾਰਟੀ ਦੀ ਸਰਕਾਰ ਕੁੱਝ ਨਹੀਂ ਕਰ ਰਹੀ। ਉਨ੍ਹਾਂ ਨੇ ਕਿਹਾ ਕਿ ਮੌਜੂਦਾ ਸਰਕਾਰ ਦੀ ਨੀਤੀਆਂ ਨੇ ਪੰਜਾਬ ਦੀ ਆਰਥਕ ਸਥਿਤੀ ਨੂੰ ਕਮਜੋਰ ਕਰ ਦਿੱਤਾ ਹੈ ਅਤੇ ਸੂਬੇ ਨੂੰ ਕੰਗਾਲ ਬਨਾਉਣ ਦਾ ਕੰਮ ਕੀਤਾ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ’ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਹੁਣ ਵੀ ਸਮੇਂ ਹੈ, ਪੰਜਾਬ ਨੂੰ ਉੱਥੇ ਦੀ ਜਨਤਾ ਸੰਭਾਲ ਲਵੇ। ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਹੀ ਉੱਥੇ ਅਜਿਹੀ ਸਰਕਾਰ ਦੇ ਸਕਦੀ ਹੈ ਜੋ ਕਿਸਾਨਾਂ, ਆੜਤੀਆਂ ਅਤੇ ਵਪਾਰੀਆਂ ਦਾ ਭਲਾ ਕਰ ਸਕਣ।ਮੁੱਖ ਮੰਤਰੀ ਨੇ ਹਰਿਆਣਾ ਦਾ ਉਦਾਹਰਣ ਦਿੰਦੇ ਹੋਏ ਕਿਹਾ ਕਿ ਰਾਜ ਵਿੱਚ ਕਿਸਾਨਾਂ ਦੀ ਸਾਰੀ ਫਸਲਾਂ ਦੀ ਘੱਟੋ ਘੱਟ ਸਹਾਇਕ ਮੁੱਲ (ਐਮਐਸਪੀ) ’ਤੇ ਖਰੀਦ ਕੀਤੀ ਜਾ ਰਹੀ ਹੈ, ਜਿਸ ਨਾਲ ਕਿਸਾਨਾਂ ਨੂੰ ਸਿੱਧਾ ਲਾਭ ਲਿਆ ਹੈ। ਨਾਲ ਹੀ ਆਢਤਿਆਂ ਦੇ ਕਮੀਸ਼ਨ ਨੂੰ ਵੀ ਸਮੇ-ਸਮੇ ’ਤੇ ਵਧਾਇਆ ਗਿਆ ਹੈ ਤਾਂ ਜੋ ਉਨ੍ਹਾਂ ਦੀ ਆਮਦਨੀ ਅਤੇ ਸਨਮਾਨ ਦੋਵੇਂ ਸੁਰੱਖਿਅਤ ਰਹਿਣ। ਮੁੱਖ ਮੰਤਰੀ ਨੇ ਦਸਿਆ ਕਿ ਹਰਿਆਣਾ ਵਿੱਚ ਕਣਕ ’ਤੇ ਆੜਤੀਆਂ ਨੂੰ 55 ਰੁਪਏ ਪ੍ਰਤੀ ਕੁਇੰਟਲ ਦਾ ਕਮੀਸ਼ਨ ਦਿੱਤਾ ਹੈ ਜੋ ਕਿ ਪੰਜਾਬ ਤੋਂ 9 ਰੁਪਏ ਵੱਧ ਹੈ।ਆੜਤੀ ਏਸੋਸਇਏਸ਼ਨ ਵੱਲੋਂ ਕਿਹਾ ਗਿਆ ਕਿ ਉਹ ਲੰਬੇ ਸਮੇਂ ਤੋਂ ਸਮਸਿਆਵਾਂ ਨਾਲ ਜੂਝ ਰਹੇ ਹਨ ਅਤੇ ਉਨ੍ਹਾਂ ਨੇ ਇੱਕ ਅਜਿਹੀ ਸਰਕਾਰ ਦੀ ਜਰੂਰਤ ਹੈ ਜੋ ਉਨ੍ਹਾਂ ਦੀ ਗੱਲ ਸੁਣੇ ਅਤੇ ਠੋਸ ਹੱਲ ਦੇਣ। ਉਨ੍ਹਾਂ ਨੇ ਮੁੱਖ ਮੰਤਰੀ ਦੇ ਸਾਹਮਣੇ ਆਪਣੀ ਮੰਗਾਂ ਰੱਖਦੇ ਹੋਏ ਸਕਾਰਾਤਮਕ ਪਹਿਲ ਦੀ ਉਮੀਦ ਜਤਾਈ। ਵਫ਼ਦ ਦੀ ਅਗਵਾਈ ਕਰਨ ਵਾਲਿਆਂ ਵਿੱਚ ਆੜਤੀ ਪੰਜਾਬ ਫੈਡਰੇਸ਼ਨ ਦੇ ਪ੍ਰੈਸੀਡੈਂਟ ਵਿਜੈ ਕਾਲਰਾ, ਪੰਜਾਬ ਦੇ ਸੀਨੀਅਰ ਵਾਇਸ ਪ੍ਰੈਸੀਡੈਂਟ ਅਮਰਜੀਤ ਸਿੰਘ ਬਰਾੜ, ਪੰਜਾਬ ਦੇ ਵਾਇਸ ਪ੍ਰੈਸੀਡੈਂਟ ਦੇਵੀ ਦਿਆਲ, ਆੜਤੀ ਏਸੋਸਇਏਸ਼ਨ ਪਟਿਆਲਾ ਦੇ ਚੇਅਰਮੈਨ ਮੁਲਖ ਰਾਜ ਗੁਪਤਾ, ਮੋਗਾ ਪ੍ਰੈਸੀਡੈਂਟ ਸਮੀਰ ਜੈਨ ਸ਼ਾਮਿਲ ਸਨ। ਵਫ਼ਦ ਨੇ ਮੁੱਖ ਮੰਤਰੀ ਦੀ ਮਹਿਮਾਨਨਿਵਾਜ਼ੀ ਅਤੇ ਦਿੱਤੇ ਗਏ ਠੋਸ ਭਰੋਸੇ ਲਈ ਧੰਨਵਾਦ ਕੀਤਾ।ਮੀਟਿੰਗ ਵਿੱਚ ਪੰਜਾਬ ਭਾਜਪਾ ਸੰਗਠਨ ਸ੍ਰੀ ਨਿਵਾਸਲੂ, ਮੁੱਖ ਮੰਤਰੀ ਦੇ ਓਐਸਡੀ ਡਾ. ਪ੍ਰਭਲੀਨ ਅਤੇ ਸ੍ਰੀ ਬੀ ਬੀ ਭਾਰਤੀ ਵੀ ਮੌਜੂਦ ਰਹੇ।

# ਮੀਂਹ ਅਤੇ ਗੜੇਮਾਰੀ ਕਾਰਨ ਪ੍ਰਭਾਵਿਤ ਪਿੰਡਾਂ ਦਾ ਕੀਤਾ ਦੌਰਾ



**ਫਾਜ਼ਿਲਕਾ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਖੇਤੀਬਾੜੀ ਅਫਸਰ ਸ਼੍ਰੀਮਤੀ ਹਰਪ੍ਰੀਤਪਾਲ ਕੌਰ ਵੱਲੋਂ ਹਾਲ ਹੀ ਵਿੱਚ ਹੋਈ ਮੀਂਹ ਅਤੇ ਗੜੇਮਾਰੀ ਕਾਰਨ ਪ੍ਰਭਾਵਿਤ ਪਿੰਡਾਂ ਬੱਲੂਆਣਾ, ਵਜੀਤਪੁਰ ਕਟਿਆਵਾਲੀ,ਬੁਰਜ ਮੁਹਾਰ, ਝੂਮਿਆਵਾਲੀ, ਮੁੱਮੂ ਖੇੜਾ ਅਤੇ ਕਟਹੇੜਾ, ਢਾਣੀ ਮੱਗਰ ਸਿੰਘ, ਵਜੀਦਪੁਰ ਕੱਟੀਆਂ ਆਦਿ ਪਿੰਡਾਂ ਦੌਰਾ ਕੀਤਾ ਗਿਆ।

ਦੌਰੇ ਦੌਰਾਨ ਉਨ੍ਹਾਂ ਨੇ ਖੇਤਾਂ ਵਿੱਚ ਜਾ ਕੇ ਫਸਲਾਂ ਨੂੰ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਅਤੇ ਕਿਸਾਨਾਂ ਨਾਲ ਸਿੱਧੀ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।

ਸ਼੍ਰੀਮਤੀ ਹਰਪ੍ਰੀਤਪਾਲ ਕੌਰ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਗੜੇਮਾਰੀ ਨਾਲ ਹੋਏ ਨੁਕਸਾਨ ਦੀ ਪੂਰੀ ਰਿਪੋਰਟ ਤਿਆਰ ਕਰਕੇ ਉੱਚ ਅਧਿਕਾਰੀਆਂ ਨੂੰ ਭੇਜੀ ਜਾਵੇਗੀ, ਤਾਂ ਜੋ ਯੋਗ ਮੁਆਵਜ਼ਾ ਦਿੱਤਾ ਜਾ ਸਕੇ।

ਉਨ੍ਹਾਂ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਜਾ ਕੇ ਗੜੇਮਾਰੀ ਨਾਲ ਹੋਏ ਨੁਕਸਾਨ ਦੀ ਵਿਸਥਾਰਪੂਰਵਕ ਜਾਣਕਾਰੀ ਇਕੱਠੀ ਕੀਤੀ ਜਾਵੇ।

ਇਸ ਦੇ ਨਾਲ ਹੀ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਖੇਤੀਬਾੜੀ ਮਾਹਿਰਾਂ ਦੀ ਸਲਾਹ ਅਨੁਸਾਰ ਅਗਲੇ ਕਦਮ ਚੁੱਕਣ।ਇਸ ਮੌਕੇ ਉੱਪਰ ਸਬੰਧਿਤ ਵਿਭਾਗ ਦੇ ਅਧਿਕਾਰੀ ਅਤੇ ਕਿਸਾਨ ਵੀ ਮੌਜੂਦ ਸਨ।

# ਕਿਸਾਨਾਂ ਨੂੰ ਸਮੇਂ ’ਤੇ ਗੁਣਵੱਤਾਪੂਰਣ ਬੀਜ ਉਪਲਬਧ ਕਰਾਉਣਾ ਸਰਕਾਰ ਦੀ ਪ੍ਰਾਥਮਿਕਤਾ : ਖੇਤੀਬਾੜੀ ਮੰਤਰੀ



**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਦੀ ਅਗਵਾਈ ਹੇਠ ਅੱਜ ਵਿਭਾਗ ਦੀ ਹਾਈ ਪਾਰਵਰਡ ਪਰਚੇਜ਼ ਕਮੇਟੀ ਦੀ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਕਿਸਾਨਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਅਤੇ ਖੇਤੀਬਾੜੀ ਵਿਵਸਥਾ ਨੂੰ ਮਜਬੂਤ ਬਨਾਉਣ ਨਾਲ ਜੁੜੇ ਮਹਤੱਵਪੂਰਣ ਫੈਸਲੇ ਕੀਤੇ ਗਏ।

ਮੀਟਿੰਗ ਵਿੱਚ ਹਰਿਆਣਾ ਬੀਜ ਵਿਕਾਸ ਨਿਗਮ ਦੇ ਸਾਲਾਨਾ ਲੇਬਰ ਟੈਂਡਰ ਨਾਲ ਸਬੰਧਿਤ ਇੱਕ ਅਹਿਮ ਪ੍ਰਸਤਾਵ ਨੂੰ ਮੰਜ਼ੂਰੀ ਦਿੱਤੀ ਗਈ।

ਇਸ ਫੈਸਲੇ ਦਾ ਉਦੇਸ਼ ਬੀਜ ਸੰਸਾਧਨ, ਪੈਕਿੰਗ ਅਤੇ ਪ੍ਰਮਾਣੀਕਰਣ ਦੀ ਪ੍ਰਕ੍ਰਿਆ ਨੂੰ ਸੁਚਾਰੂ ਬਨਾਉਣਾ ਹੈ, ਤਾਂ ਜੋ ਕਿਸਾਨਾਂ ਨੂੰ ਸਮੇਂ ’ਤੇ ਉੱਚ ਗੁਣਵੱਤਾ ਦੇ ਪ੍ਰਮਾਣਿਤ ਬੀਜ ਰਿਆਇਤੀ ਦਰਾਂ ’ਤੇ ਉਪਲਬਧ ਕਰਾਏ ਜਾ ਸਕਣ।

ਮੀਟਿੰਗ ਵਿੱਚ ਅਧਿਕਾਰੀਆਂ ਨੇ ਦਸਿਆ ਕਿ ਇਸ ਟੈਂਡਰ ਦੀ ਮੰਜ਼ੂਰੀ ਨਾਲ ਬੀਜ ਨਿਗਮ ਦੀ ਵੱਖ-ਵੱਖ ਇਕਾਈਆਂ-ਹਿਸਾਰ, ਸਿਰਸਾ, ਟੋਹਾਨਾ, ਯਮੁਨਾਨਗਰ, ਪਟੌਦੀ ਅਤੇ ਉਮੀਰ-ਵਿੱਚ ਬੀਜ ਉਤਪਾਦਕਾਂ ਤੋਂ ਰਾਅ ਬੀਜ ਦੀ ਸਮੇਂ ’ਤੇ ਖਰੀਦ ਯਕੀਨੀ ਹੋਵੇਗੀ। ਇਸ ਦੇ ਬਾਅਦ ਬੀਜਾਂ ਦਾ ਹੱਲ, ਪੈਕਕੇਜਿੰਗ ਅਤੇ ਪ੍ਰਮਾਣੀਕਰਣ ਵੀ ਤੈਅ ਸਮੇਂ ਸੀਮਾ ਵਿੱਚ ਪੂਰਾ ਕੀਤਾ ਜਾ ਸਕੇਗਾ।

ਖੇਤੀਬਾੜੀ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਕਿਸਾਨਾਂ ਨੂੰ ਸਮੇਂ ’ਤੇ ਗੁਣਵੱਤਾਪੂਰਣ ਬੀਜ ਉਪਲਬਧ ਕਰਾਉਣਾ ਸਰਕਾਰ ਦੀ ਪ੍ਰਾਥਮਿਕਤਾ ਹੈ, ਕਿਉਂਕਿ ਇਸ ਨਾਲ ਫਸਲ ਉਤਪਾਦਨ ਵਿੱਚ ਵਾਧਾ ਹੁੰਦਾ ਹੈ ਅਤੇ ਕਿਸਾਨਾਂ ਦੀ ਆਮਦਨ ਵਿੱਚ ਸੁਧਾਰ ਆਉਂਦਾ ਹੈ।

ਉਨ੍ਹਾਂ ਨੇ ਕਿਹਾ ਕਿ ਰਾਜ ਸਰਕਾਰ ਖੇਤੀਬਾੜੀ ਖੇਤਰ ਨੂੰ ਮਜਬੂਤ ਬਨਾਉਣ ਅਤੇ ਕਿਸਾਨਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ।

ਮੀਟਿੰਗ ਵਿੱਚ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਇਸ ਟੈਂਡਰ ਨੂੰ ਮੰਜ਼ੂਰੀ ਦੇਣ ਨਾਲ ਬੀਜ ਨਿਗਮ ਨੂੰ ਲਗਭਗ 15 ਲੱਖ ਰੁਪਏ ਦੀ ਬਚੱਤ ਹੋਵੇਗੀ। ਇਹਇਕਾਈਆਂ-ਹਿਸਾਰ, ਸਿਰਸਾ, ਟੋਹਾਨਾ, ਯਮੁਨਾਨਗਰ, ਪਟੌਦੀ ਅਤੇ ਉਮੀਰ-ਵਿੱਚ ਬੀਜ ਉਤਪਾਦਕਾਂ ਤੋਂ ਰਾਅ ਬੀਜ ਦੀ ਸਮੇਂ ’ਤੇ ਖਰੀਦ ਯਕੀਨੀ ਹੋਵੇਗੀ। ਇਸ ਦੇ ਬਾਅਦ ਬੀਜਾਂ ਦਾ ਹੱਲ, ਪੈਕਕੇਜਿੰਗ ਅਤੇ ਪ੍ਰਮਾਣੀਕਰਣ ਵੀਇਕਾਈਆਂ-ਹਿਸਾਰ, ਸਿਰਸਾ, ਟੋਹਾਨਾ, ਯਮੁਨਾਨਗਰ, ਪਟੌਦੀ ਅਤੇ ਉਮੀਰ-ਵਿੱਚ ਬੀਜ ਉਤਪਾਦਕਾਂ ਤੋਂ ਰਾਅ ਬੀਜ ਦੀ ਸਮੇਂ ’ਤੇ ਖਰੀਦ ਯਕੀਨੀ ਹੋਵੇਗੀ। ਫੈਸਲਾ ਸਰਕਾਰ ਦੀ ਪਾਰਦਰਸ਼ਿਤਾ ਅਤੇ ਵਿੱਤੀ ਅਨੁਸਾਸ਼ਨ ਨੂੰ ਵੀ ਦਰਸ਼ਾਉਂਦਾ ਹੈ।

ਮੀਟਿੰਗ ਵਿੱਚ ਵਿਭਾਗ ਦੇ ਸੀਨੀਅਰ ਅਧਿਕਾਰੀ ਅਤੇ ਹਰਿਆਣਾ ਬੀਜ ਵਿਕਾਸ ਨਿਗਮ ਦੇ ਪ੍ਰਤੀਨਿਧੀ ਵੀ ਮੌਜੂਦ ਰਹੇ।

# ਪਿਛਲੇ ਵਿੱਤੀ ਸਾਲ ਦੀ ਤੁਲਨਾ ਵਿੱਚ ਟੈਕਸਦਾਤਾ ਅਧਾਰ ਵਿੱਚ 12 ਗੁਣਾ ਦਾ ਹੋਇਆ ਵਾਧਾ

**ਚੰਡੀਗੜ੍ਹ, 6 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਨੇ ਵਿਤੀ ਸਾਲ 2025-26 ਵਿੱਚ ਸਕਲ ਰਾਜ ਜੀਐਸਟੀ (ਪੋਸਟ-ਸੇਟਲਮੇਂਟ) ਮਾਲਇਏ ਦਾ ਵਾਧਾ ਦਰ ਦੇ ਅਧਾਰ ’ਤੇ ਦੇਸ਼ ਦੇ ਸਾਰੇ ਸਟੇਟਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਪਿਛਲੇ ਵਿਤੀ ਸਾਲ ਦੀ ਤੁਲਨਾ ਵਿੱਚ ਇਸ ਵਿਤੀ ਸਾਲ ਵਿੱਚ 22 ਫੀਸਦੀ ਦਾ ਵਾਧਾ ਦਰ ਦਰਜ ਕੀਤੀ ਗਈ ਹੈ ਜਦੋਂ ਕਿ ਵਿਤੀ ਸਾਲ 2025-26 ਵਿੱਚ ਇਸ ਵਿਤੀ ਸਾਲ 2025-26 ਵਿੱਚ ਐਸਜੀਐਸਟੀ ਮਾਲਿਆ ਵਿੱਚ ਰਾਸ਼ਟਰੀ ਔਸਤ ਵਾਧਾ ਦਰ 6 ਫੀਸਦੀ ਹੀ ਹੈ।

ਇਸ ਵਰਣਯੋਗ ਪ੍ਰਦਰਸ਼ਨ ਨੇ ਹਰਿਆਣਾ ਨੂੰ ਭਾਰਤ ਦੇ ਸਾਰੇ ਸਟੇਟਾਂ ਵਿੱਚ ਐਸਜੀਐਸਟੀ ਮਾਲਿਆ ਵਾਧਾ ਵਿੱਚ ਇੱਕ ਮੋਹਰੀ ਰਾਜ ਵੱਜੋਂ ਸਥਾਪਿਤ ਕੀਤਾ ਹੈ। ਹਰਿਆਣਾ ਦਾ ਸਕਲ ਐਸਜੀਐਸਟੀ ਸੰਗ੍ਰਹਿ ਵਿਤੀ ਸਾਲ 2025-26 ਲਈ 48, 289 ਕਰੋੜ ਰੁਪਏ ਤੱਕ ਪਹੁੰਚ ਗਿਆ ਹੈ, ਜੋ ਪਿਛਲੇ ਵਿਤੀ ਸਾਲ ਦੇ ਸੰਗ੍ਰਹਿ ਨਾਲ 8, 546 ਕਰੋੜ ਰੁਪਏ ਵੱਧ ਹੈ। ਤੇਲੰਗਾਨਾ, ਪੱਛਮ ਬੰਗਾਲ ਅਤੇ ਰਾਜਸਥਾਨ ਜਿਹੇ ਸਟੇਟਾਂ ਨੂੰ ਪਿੱਛੇ ਛੱਡਦੇ ਹੋਏ, ਸਕਲ ਐਸਜੀਐਸਟੀ ਸੰਗ੍ਰਹਿ ਦੇ ਮਾਮਲੇ ਵਿੱਚ, ਹਰਿਆਣਾ ਵਿਤੀ ਸਾਲ 2025-26 ਵਿੱਚ ਦੇਸ਼ ਵਿੱਚ 6ਵੇਂ ਸਥਾਨ ’ਤੇ ਪਹੁੰਚ ਗਿਆ ਹੈ, ਜੋ ਵਿਤੀ ਸਾਲ 2024-25 ਵਿੱਚ 9ਵੇਂ ਸਥਾਨ ’ਤੇ ਸੀ।

ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ 1 ਅਪ੍ਰੈਲ 2026 ਨੂੰ ਹਰਿਆਣਾ ਵਿੱਚ 6,30,818 ਰਜਿਸਟਰਡ ਟੈਕਸਦਾਤਾ ਹਨ। ਪਿਛਲੇ ਵਿਤੀ ਸਾਲ ਦੀ ਤੁਲਨਾ ਵਿੱਚ ਟੈਕਸਦਾਤਾ ਅਧਾਰ ਵਿੱਚ 12 ਗੁਣਾ ਦਾ ਵਾਧਾ ਹੋਇਆ ਹੈ। ਜੀਐਸਟੀ ਦੇ ਲਾਗੂ ਹੋਣ ਤੋਂ ਬਾਅਦ ਦੇ ਸਾਲਾਂ ਵਿੱਚ ਟੈਕਸਦਾਤਾ ਦੀ ਗਿਣਤੀ ਵਿੱਚ ਸਥਿਰ ਵਾਧਾ ਵਿਖਾਈ ਦਿੱਤਾ ਹੈ।

ਸਤੰਬਰ 2025 ਵਿੱਜ ਜੀਐਸਟੀ ਪਰਿਸ਼ਦ ਵੱਲੋਂ ਜੀਐਸਟੀ ਦਰਾਂ ਵਿੱਚ ਸੁਧਾਰਾਂ ਤੋਂ ਬਾਅਦ, ਹਰਿਆਣਾ ਰਾਜ ਐਸਜੀਐਸਟੀ ਸੰਗ੍ਰਹਿ ਵਿੱਚ ਸਲਾਂਘਾਯੋਗ ਵਾਧਾ ਵਿਖ ਰਿਹਾ ਹੈ ਜੋ ਰਾਜ ਦੀ ਉਭਰਦੀ ਅਰਥਵਿਵਸਥਾ ਅਤੇ ਡੇਟਾ ਵਿਸ਼ਲੇਸ਼ਣ ਸੰਚਾਲਿਤ ਕਰ ਪ੍ਰਸ਼ਾਸਨ ਨੂੰ ਦਰਸ਼ਾਉਂਦਾ ਹੈ।

ਮੁੱਖ ਮੰਤਰੀ ਹਰਿਆਣਾ ਸ੍ਰੀ ਨਾਇਬ ਸਿੰਘ ਨੇ ਦੁਬਾਰਾ ਜੀਐਸਟੀ ਦਰ ਸੁਧਾਰਾਂ ਦਾ ਸੁਆਗਤ ਕੀਤਾ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਅਤੇ ਕੇਂਦਰੀ ਵਿਤੀ ਮੰਤਰੀ ਸ੍ਰੀਮਤੀ ਨਿਰਮਲਾ ਸੀਤਾਰਮਣ ਨੂੰ ਇਨ੍ਹਾਂ ਸੁਧਾਰਾਂ ਲਈ ਧੰਨਵਾਦ ਦਿੱਤਾ। ਮੁੱਖ ਮੰਤਰੀ ਨੇ ਟੈਕਸ ਭੁਗਤਾਨ ਕਰਕੇ ਰਾਜ ਦੇ ਵਿਕਾਸ ਵਿੱਚ ਯੋਗਦਾਨ ਦੇਣ ਵਾਲੇ ਟੈਕਸਦਾਤਾਵਾਂ ਦਾ ਧੰਨਵਾਦ ਕੀਤਾ।

ਸੂਬਾ ਸਰਕਾਰ ਨੇ ਰਾਜ ਵਿੱਚ ਟੈਕਸ ਪ੍ਰਸ਼ਾਸਨ ਨੂੰ ਮਜਬੂਤ ਕਰਨ ’ਤੇ ਜੋਰ ਦਿੱਤਾ ਹੈ। ਵਿਤੀ ਸਾਲ 2026-27 ਲਈ ਬਜਟ ਭਾਸ਼ਣ ਦੌਰਾਨ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਉਦਯੋਗਿਕ ਸੰਘਾਂ ਅਤੇ ਟੈਕਸ ਪ੍ਰੈਕਟਿਸ਼ਨਰਾਂ ਤੋਂ ਪ੍ਰਾਪਤ ਸੁਝਾਵਾਂ ਦੇ ਅਧਾਰ ’ਤੇ ਟੈਕਸ ਪ੍ਰਸ਼ਾਸਨ ਵਿੱਚ ਕਈ ਸੁਧਾਰਾਂ ਦਾ ਐਲਾਨ ਕੀਤਾ। ਉਨ੍ਹਾਂ ਨੇ ਕਿਹਾ ਇਹ ਸਿਰਫ ਸੁਧਾਰ ਨਹੀਂ, ਸਗੋਂ ਟੈਕਸ ਚੋਰੀ ਵਿਰੁਧ ਪ੍ਰਵਰਤਨ ਨੂੰ ਮਜਬੂਤ ਕਰਨਾ ਵੀ ਹੈ।

# ਮੂਧੇ ਮੂੰਹ ਡਿੱਗੇ ਆਲੂ-ਪਿਆਜ਼-ਟਮਾਟਰ ਦੇ ਭਾਅ, ਮਹਿੰਗਾਈ ਤੋਂ ਰਾਹਤ ਪਰ ਕਿਸਾਨ ਪ੍ਰੇਸ਼ਾਨ

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 6 ਅਪ੍ਰੈਲ। ਦੇਸ਼ ਦੀਆਂ ਪ੍ਰਮੁੱਖ ਥੋਕ ਮੰਡੀਆਂ ਵਿਚ ਸਬਜ਼ੀਆਂ ਦੀਆਂ ਕੀਮਤਾਂ ਤੇਜ਼ੀ ਨਾਲ ਡਿੱਗ ਗਈਆਂ ਹਨ। ਆਜ਼ਾਦਪੁਰ ਮੰਡੀ ਵਿਚ ਆਲੂ ਕਰੀਬ 4 ਰੁਪਏ ਪ੍ਰਤੀ ਕਿਲੋ ਵਿਕ ਰਿਹਾ ਹੈ, ਜਦਕਿ ਲਾਸਲਗਾਂਵ ਮੰਡੀ ਵਿਚ ਪਿਆਜ਼ 10-11 ਰੁਪਏ ਪ੍ਰਤੀ ਕਿਲੋ ਅਤੇ ਪਿੰਪਲਗਾਂਵ ਮੰਡੀ ਵਿਚ ਟਮਾਟਰ ਲੱਗਭਗ 7 ਰੁਪਏ ਪ੍ਰਤੀ ਕਿਲੋ ਤੱਕ ਪਹੁੰਚ ਗਿਆ ਹੈ। ਸਿਰਫ਼ ਸਬਜ਼ੀਆਂ ਹੀ ਨਹੀਂ, ਸਗੋਂ ਜ਼ਰੂਰੀ ਅਨਾਜ ਦੀਆਂ ਕੀਮਤਾਂ ਵਿਚ ਵੀ ਗਿਰਾਵਟ ਦਰਜ ਕੀਤੀ ਗਈ ਹੈ। ਕਣਕ ਦੇ ਭਾਅ ਕਰੀਬ 10 ਫੀਸਦੀ ਅਤੇ ਚੌਲ 5-6 ਫੀਸਦੀ ਤੱਕ ਸਸਤੇ ਹੋਏ ਹਨ, ਜਿਸ ਨਾਲ ਆਮ ਖਪਤਕਾਰਾਂ ਨੂੰ ਰਾਹਤ ਮਿਲ ਰਹੀ ਹੈ ਪਰ ਭਾਅ ਡਿੱਗਣ ਕਾਰਨ ਕਿਸਾਨਾਂ ਦੀਆਂ ਮੁਸ਼ਕਲਾਂ ਵਧਦੀਆਂ ਨਜ਼ਰ ਆ ਰਹੀਆਂ ਹਨ। ਮਾਹਿਰਾਂ ਅਨੁਸਾਰ ਇਸ ਗਿਰਾਵਟ ਦਾ ਮੁੱਖ ਕਾਰਨ ਵੱਧ ਪੈਦਾਵਾਰ ਅਤੇ ਮੰਡੀਆਂ ਵਿਚ ਫ਼ਸਲ ਦੀ ਭਾਰੀ ਆਮਦ ਹੈ। ਫ਼ਸਲ ਦੇ ਪੀਕ ਸੀਜ਼ਨ ਵਿਚ ਜ਼ਿਆਦਾ ਸਪਲਾਈ ਆਉਣ ਕਾਰਨ ਕੀਮਤਾਂ ਲਗਾਤਾਰ ਦਬਾਅ ਹੇਠ ਹਨ, ਜਿਸ ਕਾਰਨ ਕਿਸਾਨਾਂ ਨੂੰ ਲਾਗਤ ਨਾਲੋਂ ਵੀ ਘੱਟ ਭਾਅ ਮਿਲ ਰਹੇ ਹਨ। ਪੱਛਮੀ ਏਸ਼ੀਆ ਵਿਚ ਜਾਰੀ ਤਣਾਅ ਕਾਰਨ ਪਿਆਜ਼ ਦੇ ਐਕਸਪੋਰਟ ਦੀ ਮੰਗ ਘਟ ਗਈ ਹੈ। ਇਸ ਨਾਲ ਘਰੇਲੂ ਬਾਜ਼ਾਰ ਵਿਚ ਸਟਾਕ ਵੱਧ ਗਿਆ ਅਤੇ ਕੀਮਤਾਂ ਵਿਚ ਹੋਰ ਗਿਰਾਵਟ ਆਈ। ਐਕਸਪੋਰਟ ਘਟਣ ਨਾਲ ਕਿਸਾਨਾਂ ਨੂੰ ਵੱਡਾ ਝਟਕਾ ਲੱਗਾ ਹੈ। ਟਮਾਟਰ ਦੀਆਂ ਕੀਮਤਾਂ ਵਿਚ ਗਿਰਾਵਟ ਦਾ ਇਕ ਵੱਡਾ ਕਾਰਨ ਐੱਲ.ਪੀ.ਜੀ. ਸੰਕਟ ਵੀ ਬਣਿਆ ਹੈ। ਹੋਟਲਾਂ ਅਤੇ ਰੈਸਟੋਰੈਂਟਾਂ ਵਿਚ ਟਮਾਟਰ



ਦੀ ਮੰਗ ਲੱਗਭਗ ਖ਼ਤਮ ਹੋ ਗਈ ਹੈ। ਆਜ਼ਾਦਪੁਰ ਟਮਾਟਰ ਟ?ਰੇਡਰਜ਼ ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਕੌਸ਼ਿਕ ਦੇ ਅਨੁਸਾਰ ਫਰਵਰੀ ਦੇ ਅਖੀਰ ਤੋਂ ਮੰਗ ਡਿੱਗਣੀ ਸ਼ੁਰੂ ਹੋਈ ਸੀ ਅਤੇ ਹੁਣ ਲੱਗਭਗ ਬੰਦ ਹੋ ਗਈ ਹੈ, ਜਿਸ ਕਾਰਨ ਪਿਛਲੇ ਇਕ ਮਹੀਨੇ ਵਿਚ ਟਮਾਟਰ ਦੇ ਭਾਅ 40 ਫੀਸਦੀ ਤੱਕ ਡਿੱਗ ਗਏ ਹਨ। ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਸਥਾਨਕ ਪੱਧਰ 'ਤੇ ਟਮਾਟਰ ਦੀ ਉਪਲੱਬਧਤਾ ਵਧਣ ਨਾਲ ਮਹਾਰਾਸ਼ਟਰ, ਗੁਜਰਾਤ, ਕਰਨਾਟਕ ਅਤੇ ਮੱਧ ਪ੍ਰਦੇਸ਼ ਵਰਗੇ ਵੱਡੇ ਉਤਪਾਦਕ ਸੂਬਿਆਂ ਤੋਂ ਆਉਣ ਵਾਲੇ ਟਮਾਟਰ ਦੀ ਮੰਗ ਘਟ ਗਈ ਹੈ। ਇਕ ਪਾਸੇ ਜਿੱਥੇ ਸਸਤੀਆਂ ਸਬਜ਼ੀਆਂ ਅਤੇ ਅਨਾਜ ਆਮ ਲੋਕਾਂ ਲਈ ਰਾਹਤ ਲੈ ਕੇ ਆਏ ਹਨ, ਉੱਥੇ ਹੀ ਦੂਜੇ ਪਾਸੇ ਕਿਸਾਨ ਭਾਰੀ ਨੁਕਸਾਨ ਝੱਲ ਰਹੇ ਹਨ। ਲਾਗਤ ਤੋਂ ਘੱਟ ਮੁੱਲ ਮਿਲਣ ਕਾਰਨ ਉਨ੍ਹਾਂ ਦੀ ਆਮਦਨ 'ਤੇ ਸਿੱਧਾ ਅਸਰ ਪੈ ਰਿਹਾ ਹੈ। ਬਾਜ਼ਾਰ ਵਿਚ ਕੀਮਤਾਂ ਦੀ ਇਹ ਗਿਰਾਵਟ ਖਪਤਕਾਰਾਂ ਲਈ ਰਾਹਤ ਭਾਵੇਂ ਹੀ ਹੋਵੇ, ਪਰ ਕਿਸਾਨਾਂ ਲਈ ਇਹ ਸੰਕਟ ਦੀ ਘੰਟੀ ਹੈ। ਸਰਕਾਰ ਲਈ ਚੁਣੌਤੀ ਇਹ ਹੈ ਕਿ ਉਹ ਕਿਸਾਨਾਂ ਨੂੰ ਉਚਿਤ ਮੁੱਲ ਦਿਵਾਉਣ ਅਤੇ ਬਾਜ਼ਾਰ ਦਾ ਸੰਤੁਲਨ ਬਣਾਏ ਰੱਖਣ ਦੇ ਵਿਚਕਾਰ ਤਾਲਮੇਲ ਕਿਵੇਂ ਕਾਇਮ ਕਰੇ।

### ਬੇਕਾਬੂ ਕਾਰ ਨੇ ਸ਼ਰਧਾਲੂਆਂ ਨੂੰ ਕੁਚਲਿਆ, 7 ਸਾਲਾ ਮਾਸੂਮ ਦੀ ਮੌਤ

ਨੈਸ਼ਨਲ ਡੈਸਕ 6 ਅਪ੍ਰੈਲ। ਰਾਜਸਥਾਨ ਦੇ ਜੈਸਲਮੇਰ ਜ਼ਿਲ੍ਹੇ ਦੇ ਰਾਮਦੇਵਰਾ ਥਾਣਾ ਖੇਤਰ ਵਿੱਚ ਬੁੱਧਵਾਰ ਸਵੇਰੇ ਇੱਕ ਬਹੁਤ ਹੀ ਦਰਦਨਾਕ ਸੜਕ ਹਾਦਸਾ ਵਾਪਰਿਆ, ਜਿਸ ਵਿੱਚ ਇੱਕ ਸੱਤ ਸਾਲ ਦੇ ਮਾਸੂਮ ਬੱਚੇ ਦੀ ਜਾਨ ਚਲੀ ਗਈ। ਮੰਦਰ ਤੋਂ ਪਰਤ ਰਹੇ ਸ਼ਰਧਾਲੂ ਬਣੇ ਸ਼ਿਕਾਰ ਪੁਲਿਸ ਤੋਂ ਮਿਲੀ ਜਾਣਕਾਰੀ ਅਨੁਸਾਰ, ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਛੇ ਲੋਕ ਰਾਮਦੇਵਰਾ ਦੇ ਨੋਖਾ ਚੌਰਾਹੇ ਦੇ ਨੇੜੇ ਇੱਕ ਮੰਦਰ ਵਿੱਚ ਮੱਥਾ ਟੇਕ ਕੇ ਪੈਦਲ ਵਾਪਸ ਪਰਤ ਰਹੇ ਸਨ। ਇਸ ਦੌਰਾਨ ਇੱਕ ਬੇਕਾਬੂ ਕਾਰ ਨੇ ਇਨ੍ਹਾਂ ਲੋਕਾਂ ਨੂੰ ਜ਼ਬਰਦਸਤ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿੱਚ ਸੱਤ ਸਾਲਾ ਬੱਚੇ, ਜਿਸਦੀ ਪਛਾਣ ਮਾਹਿਰ ਵਜੋਂ ਹੋਈ ਹੈ, ਦੀ ਮੌਤ ਹੋ ਗਈ। ਇਸ ਟੱਕਰ ਵਿੱਚ ਕਾਰ ਦੇ ਡਰਾਈਵਰ ਸਮੇਤ ਪੰਜ ਹੋਰ ਲੋਕ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਹਨ। ਹਾਦਸੇ ਤੋਂ ਤੁਰੰਤ ਬਾਅਦ ਸਾਰੇ ਜ਼ਖਮੀਆਂ ਨੂੰ ਪੋਕਰਨ ਦੇ ਜ਼ਿਲ੍ਹਾ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ।

## ਕਣਕ ਦੇ ਨਾੜ ਨੂੰ ਅੱਗ ਲਗਾਉਣ 'ਤੇ ਪਾਬੰਦੀ ਦੇ ਹੁਕਮ ਜਾਰੀ

ਗੁਰਦਾਸਪੁਰ 6 ਅਪ੍ਰੈਲ। ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਸ੍ਰੀ ਗੁਰਸਿਮਰਨ ਸਿੰਘ ਢਿੱਲੋਂ ਵੱਲੋਂ ਕਣਕ ਦੀ ਰਹਿੰਦ-ਖੂੰਹਦ (ਨਾੜ) ਨੂੰ ਅੱਗ ਲਗਾਉਣ/ਸਾੜਨ 'ਤੇ ਪੂਰਨ ਤੌਰ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਗਏ ਹਨ। ਜਾਰੀ ਹੁਕਮਾਂ ਅਨੁਸਾਰ ਸ੍ਰੀ ਗੁਰਸਿਮਰਨ ਸਿੰਘ ਢਿੱਲੋਂ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਗੁਰਦਾਸਪੁਰ ਦੀ ਹੱਦ ਅੰਦਰ ਕਣਕ ਦੀ ਫ਼ਸਲ ਦੀ ਕਟਾਈ ਉਪਰੰਤ ਨਾੜ ਨੂੰ ਅੱਗ ਲਗਾਉਣ 'ਤੇ ਰੋਕ ਲਗਾਈ ਹੈ। ਉਨ੍ਹਾਂ ਕਿਹਾ ਕਿ ਸਾਲ 2026 ਦੌਰਾਨ



ਕਣਕ (ਹਾੜ੍ਹੀ) ਦੀ ਫ਼ਸਲ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋ ਰਿਹਾ ਹੈ ਅਤੇ ਆਮ ਤੌਰ 'ਤੇ ਦੇਖਿਆ ਗਿਆ ਹੈ ਕਿ ਕਈ ਕਿਸਾਨ ਕਟਾਈ ਮਗਰੋਂ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾ ਦਿੰਦੇ ਹਨ, ਜਿਸ ਨਾਲ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘੱਟ ਜਾਂਦੀ ਹੈ। ਅੱਗ ਲੱਗਣ ਨਾਲ ਮਿੱਟੀ ਦੀ ਉੱਪਰੀ ਸਤ?ਹਾ 'ਚ ਮੌਜੂਦ ਲਾਭਦਾਇਕ ਜੀਵਾਣੂ ਨਸ਼ਟ ਹੋ ਜਾਂਦੇ ਹਨ ਅਤੇ ਆਲੇ-ਦੁਆਲੇ ਖੜੀ ਫ਼ਸਲ ਨੂੰ ਵੀ ਨੁਕਸਾਨ ਪਹੁੰਚ ਸਕਦਾ ਹੈ। ਹੁਕਮਾਂ ਵਿਚ ਇਹ ਵੀ ਕਿਹਾ ਗਿਆ ਹੈ ਕਿ ਨਾੜ ਨੂੰ ਅੱਗ ਲਗਾਉਣ ਨਾਲ ਪੈਦਾ ਹੋਣ ਵਾਲਾ ਧੂੰਆ ਸੜਕਾਂ 'ਤੇ ਦਿੱਖ ਘੱਟ ਕਰ ਦਿੰਦਾ ਹੈ, ਜਿਸ ਕਾਰਨ ਵੱਡੇ ਸੜਕੀ ਹਾਦਸੇ ਵਾਪਰਨ ਦਾ ਖ਼ਤਰਾ ਬਣ ਜਾਂਦਾ ਹੈ ਅਤੇ ਕਈ ਵਾਰ ਕੀਮਤੀ ਜਾਨਾਂ ਵੀ ਜਾ ਸਕਦੀਆਂ ਹਨ। ਇਸ ਤੋਂ ਇਲਾਵਾ ਪਿੰਡਾਂ ਵਿਚ ਅੱਗ ਫੈਲਣ ਅਤੇ ਝਗੜਿਆਂ ਦੇ ਮਾਮਲੇ ਵੀ ਪੈਦਾ ਹੋ ਸਕਦੇ ਹਨ। ਇਹ ਹੁਕਮ 6 ਅਪ੍ਰੈਲ ਤੋਂ 10 ਜੂਨ 2026 ਤੱਕ ਲਾਗੂ ਰਹੇਗਾ ਅਤੇ ਇਸ ਦੀ ਉਲੰਘਣਾ ਕਰਨ ਵਾਲਿਆਂ ਖ਼ਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਗੈਸ ਤੇ ਪੈਟਰੋਲ-ਡੀਜ਼ਲ ਦੀ ਸਪਲਾਈ ਨੂੰ ਲੈ ਕੇ ਨਾ ਹੋਵੋ ਪ੍ਰੇਸ਼ਾਨ, 43 ਪਠਾਨਕੋਟ ਨੇ ਦਿੱਤਾ ਵੱਡਾ ਭਰੋਸਾ

ਪਠਾਨਕੋਟ 6 ਅਪ੍ਰੈਲ। ਮੌਜੂਦਾ ਸਮੇਂ ਖਾੜੀ ਖੇਤਰ ਦੇ ਦੇਸ਼ਾਂ ਵਿੱਚ ਬਣ ਰਹੇ ਜੰਗੀ ਤਣਾਅ ਦੇ ਹਾਲਾਤਾਂ ਨੂੰ ਧਿਆਨ ਵਿੱਚ



ਰੱਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਪਠਾਨਕੋਟ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਘਰੇਲੂ ਗੈਸ ਸਿਲੰਡਰਾਂ ਅਤੇ ਪੈਟਰੋਲ-ਡੀਜ਼ਲ ਦੀ ਸਪਲਾਈ ਪੂਰੀ ਤਰ੍ਹਾਂ ਸੁਚਾਰੂ ਹੈ। ਜ਼ਿਲ੍ਹੇ ਅਧੀਨ ਆਉਂਦੀਆਂ ਸਾਰੀਆਂ ਗੈਸ ਏਜੰਸੀਆਂ ਅਤੇ ਪੈਟਰੋਲ ਪੰਪਾਂ 'ਤੇ ਲੋੜ ਅਨੁਸਾਰ ਮਾਤਰਾ ਵਿੱਚ ਸਟਾਕ ਉਪਲਬਧ ਹੈ। ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਕਿਸੇ ਵੀ ਕਿਸਮ ਦੀ ਅਫਵਾਹ ਜਾਂ ਘਬਰਾਹਟ ਵਿੱਚ ਆ ਕੇ ਵਾਧੂ ਗੈਸ ਸਿਲੰਡਰਾਂ ਦੀ ਬੁਕਿੰਗ ਨਾ ਕੀਤੀ ਜਾਵੇ ਅਤੇ ਸਿਰਫ ਆਪਣੀ ਜ਼ਰੂਰਤ ਅਨੁਸਾਰ ਹੀ ਪਹਿਲਾਂ ਵਾਂਗ ਹੀ ਬੁਕਿੰਗ ਕੀਤੀ ਜਾਵੇ। ਇਸ ਦੇ ਨਾਲ ਹੀ ਜ਼ਿਲ੍ਹੇ ਦੀਆਂ ਸਮੂਹ ਗੈਸ ਏਜੰਸੀਆਂ ਅਤੇ ਪੈਟਰੋਲ ਪੰਪ ਮਾਲਕਾਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਮੋਟਰ ਵਾਹਨਾਂ ਲਈ ਪੈਟਰੋਲ ਅਤੇ ਡੀਜ਼ਲ ਅਤੇ ਘਰੇਲੂ ਵਰਤੋਂ ਲਈ ਐੱਲਪੀਜੀ ਗੈਸ ਸਿਲੰਡਰਾਂ ਦੀ ਨਿਰੰਤਰ ਅਤੇ ਬਿਨਾ ਰੁਕਾਵਟ ਸਪਲਾਈ ਯਕੀਨੀ ਬਣਾਈ ਜਾਵੇ। ਪ੍ਰਸ਼ਾਸਨ ਵੱਲੋਂ ਇਹ ਵੀ ਚੇਤਾਵਨੀ ਦਿੱਤੀ ਗਈ ਹੈ ਕਿ ਅਜਿਹੇ ਹਾਲਾਤਾਂ ਵਿੱਚ ਪੈਟਰੋਲ, ਡੀਜ਼ਲ ਅਤੇ ਐਲਪੀਜੀ ਦੀ ਕਾਲਾਬਾਜ਼ਾਰੀ ਜਾਂ ਗੈਰ-ਕਾਨੂੰਨੀ ਸਟਾਕਿੰਗ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਜੇਕਰ ਕੋਈ ਵੀ ਡਿਸਟਰੀਬਿਊਟਰ ਜਾਂ ਵਪਾਰੀ ਕਾਲਾਬਾਜ਼ਾਰੀ ਕਰਦਾ ਪਾਇਆ ਗਿਆ ਤਾਂ ਉਸਦੇ ਖ਼?ਲਾਫ਼ ਤੁਰੰਤ ਅਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਜ਼ਿਲ੍ਹਾ ਪ੍ਰਸ਼ਾਸਨ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਸ਼ਾਂਤੀ ਬਣਾਈ ਰੱਖਣ ਅਤੇ ਸਹਿਯੋਗ ਦੇਣ ਤਾਂ ਜੋ ਸਪਲਾਈ ਪ੍ਰਣਾਲੀ ਸੁਚਾਰੂ ਤਰੀਕੇ ਨਾਲ ਚੱਲਦੀ ਰਹੇ।

## ਗੁਰੂਹਰਸਹਾਏ 'ਚ ਸਰਗਰਮ ਹੋਇਆ ਨੌਜਵਾਨ ਠੱਗ, ਲੋਕਾਂ ਨੂੰ ਸੁਚੇਤ ਰਹਿਣ ਦੀ ਸਲਾਹ

ਗੁਰੂਹਰਸਹਾਏ 6 ਅਪ੍ਰੈਲ। ਸ਼ਹਿਰ ਅੰਦਰ ਇਕ ਠੱਗ ਨੌਜਵਾਨ ਭੋਲੇ-ਭਾਲੇ ਲੋਕਾਂ ਨੂੰ ਸਰਕਾਰੀ ਸਕੀਮਾਂ ਦਾ ਫਾਇਦਾ ਲੈਣ ਲਈ ਅਤੇ ਉਨ੍ਹਾਂ ਨੂੰ ਸਰਕਾਰੀ ਜਾਣਕਾਰੀ ਦੇਣ ਸਬੰਧੀ ਪੈਸੇ ਲੈ ਕੇ ਰਫੂ ਚੱਕਰ ਹੋ ਜਾਂਦਾ ਹੈ। ਇਹ ਠੱਗ ਬਜ਼ੁਰਗ ਵਿਅਕਤੀ ਨੂੰ ਸਰਕਾਰੀ ਸਕੀਮ ਦਾ ਲਾਭ ਲੈਣ ਦੀ ਗੱਲਬਾਤ ਕਰਦਾ ਤੇ ਉਸ ਕੋਲੋਂ ਪੈਸੇ ਲੈਂਦਾ ਹੋਇਆ ਸੀਸੀਟੀਵੀ 'ਚ ਕੈਦ ਹੋ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਰਾਣੀ ਛੋਟੀ ਮੋਰੀ ਵਾਲੀ ਗਲੀ 'ਚ ਰਹਿੰਦੇ ਲੋਕਾਂ ਨੇ ਦੱਸਿਆ ਕਿ ਸ਼ਹਿਰ ਅੰਦਰ ਇਕ ਕਾਲੀ ਟੋਪੀ ਵਾਲਾ ਨੌਜਵਾਨ ਠੱਗ ਭੋਲੇ ਭਾਲੇ ਲੋਕਾਂ ਨੂੰ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਦਾ ਲਾਭ ਲੈਣ ਸਬੰਧੀ ਜਾਣਕਾਰੀ ਦੇ ਕੇ ਉਨ੍ਹਾਂ ਕੋਲੋਂ ਪੈਸੇ ਠੱਗ ਕੇ ਰਫੂ ਚੱਕਰ ਹੋ ਜਾਂਦਾ ਹੈ। ਅੱਜ ਵੀ ਸ਼ਹਿਰ ਦੀ ਗਲੀ ਨੰਬਰ 7 ਦੇ ਕੋਲ ਇਕ ਬਜ਼ੁਰਗ ਨੂੰ ਸਰਕਾਰੀ ਸਕੀਮ ਦਾ ਲਾਭ ਲੈਣ ਸਬੰਧੀ ਦੱਸਿਆ ਤੇ ਉਸ ਕੋਲੋਂ ਪੈਸੇ ਲੈ ਲਏ ਤੇ ਉਸ ਨੂੰ ਕਹਿੰਦਾ ਤੂੰ ਆਪਣੇ ਆਧਾਰ ਕਾਰਡ ਦੀ ਫੋਟੋ ਕਾਪੀ ਕਰਵਾ ਕੇ ਲਿਆ ਮੈਂ ਇੱਥੇ ਖੜਾ ਹਾਂ ਤੇ ਬਜ਼ੁਰਗ ਵਿਅਕਤੀ ਆਧਾਰ ਕਾਰਡ ਦੀ ਫੋਟੋ ਕਾਪੀ ਕਰਾਉਣ ਲਈ ਉਥੋਂ ਚਲਾ ਗਿਆ। ਇਹ ਸਾਰੀ ਘਟਨਾ ਗਲੀ 'ਚ ਰਹਿੰਦੇ ਵਿਅਕਤੀ ਦੇ ਘਰ ਦੇ ਬਾਹਰ ਲੱਗੇ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਈ। ਬਜ਼ੁਰਗ ਵਿਅਕਤੀ ਜਦੋਂ ਆਧਾਰ ਕਾਰਡ ਦੀ ਫੋਟੋ ਕਾਪੀ ਕਰਵਾ ਕੇ ਵਾਪਸ ਆਇਆ ਤਾਂ ਉਸ ਨੇ ਦੇਖਿਆ ਕਿ ਨੌਜਵਾਨ ਉੱਥੇ ਮੌਜੂਦ ਨਹੀਂ ਸੀ। ਇਸ ਘਟਨਾ ਸਬੰਧੀ ਬਜ਼ੁਰਗ ਵਿਅਕਤੀ ਨੇ ਗਲੀ 'ਚ ਰਹਿੰਦੇ ਲੋਕਾਂ ਨੂੰ ਦੱਸਿਆ ਕਿ ਉਸ ਨਾਲ ਨੌਜਵਾਨ ਨੇ ਠੱਗੀ ਮਾਰੀ ਹੈ ਤੇ ਉਸਦੇ ਪੈਸੇ ਲੈ ਕੇ ਰਫੂ ਚੱਕਰ ਹੋ ਗਿਆ ਉਸਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਠੱਗ ਨੂੰ ਜਲਦੀ ਫੜਿਆ ਜਾਵੇ ਤੇ ਉਸ ਕੋਲੋਂ ਪੈਸੇ ਬਰਾਮਦ ਕਰਕੇ ਉਸਨੂੰ ਵਾਪਸ ਦਿੱਤੇ ਜਾਣ।

## ਮਾਂ ਜਵਾਲਾਮੁਖੀ ਦੇ ਦਰਬਾਰ 'ਚ ਨਤਮਸਤਕ ਹੋਏ 3.5 ਲੱਖ ਸ਼ਰਧਾਲੂ, 99.77 ਲੱਖ ਰੁਪਏ ਦਾ ਚੜ੍ਹਿਆ ਚੜ੍ਹਾਵਾ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 6 ਅਪ੍ਰੈਲ। ਵਿਸ਼ਵ ਪ੍ਰਸਿੱਧ ਸ਼ਕਤੀਪੀਠ ਸ੍ਰੀ ਜਵਾਲਾਮੁਖੀ ਮੰਦਰ ਵਿੱਚ ਚੇਤਰ ਨਰਾਤਰਿਆਂ ਦੌਰਾਨ ਸ਼ਰਧਾ ਦਾ ਅਥਾਹ ਸੈਲਾਬ ਦੇਖਣ ਨੂੰ ਮਿਲਿਆ। 10 ਦਿਨਾਂ ਤੱਕ ਚੱਲੇ ਇਨ੍ਹਾਂ ਨਰਾਤਰਿਆਂ ਵਿੱਚ ਦੇਸ਼-ਵਿਦੇਸ਼ ਤੋਂ ਲਗਭਗ 3 ਲੱਖ 50 ਹਜ਼ਾਰ ਸ਼ਰਧਾਲੂਆਂ ਨੇ ਮਾਂ ਜਵਾਲਾ ਦੇ ਦਰਬਾਰ ਵਿੱਚ ਹਾਜ਼ਰੀ ਭਰੀ। ਭਾਰੀ ਭੀੜ ਦੇ ਬਾਵਜੂਦ ਸ਼ਰਧਾਲੂਆਂ ਨੇ ਸ਼ਾਂਤੀਪੂਰਵਕ ਢੰਗ ਨਾਲ ਮਾਤਾ ਦੇ ਦਰਸ਼ਨ ਕੀਤੇ। ਮੰਦਰ ਪ੍ਰਸ਼ਾਸਨ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਇਸ ਸਾਲ ਨਵਰਾਤਰਿਆਂ ਦੌਰਾਨ ਕੁੱਲ 99 ਲੱਖ 77 ਹਜ਼ਾਰ 209 ਰੁਪਏ ਦਾ ਨਕਦ ਚੜ੍ਹਾਵਾ ਪ੍ਰਾਪਤ ਹੋਇਆ ਹੈ। ਇਹ ਰਾਸ਼ੀ ਪਿਛਲੇ ਸਾਲ ਦੇ ਮੁਕਾਬਲੇ ਕਰੀਬ 10 ਲੱਖ ਰੁਪਏ ਜ਼ਿਆਦਾ ਹੈ। ਨਕਦ ਰਾਸ਼ੀ ਤੋਂ ਇਲਾਵਾ ਵਿਦੇਸ਼ੀ ਸ਼ਰਧਾਲੂਆਂ ਨੇ ਵੀ ਵੱਡੀ ਸ਼ਰਧਾ ਦਿਖਾਈ ਹੈ। ਮਾਤਾ ਦੇ ਚਰਨਾਂ ਵਿੱਚ ਕੈਨੇਡਾ ਤੋਂ 135 ਡਾਲਰ, ਇੰਗਲੈਂਡ ਤੋਂ 75 ਪੌਂਡ, ਅਮਰੀਕਾ ਤੋਂ 6 ਡਾਲਰ ਅਤੇ ਯੂ.ਏ.ਈ. ਤੋਂ 45 ਦਿਰਹਾਮ ਅਰਪਿਤ ਕੀਤੇ ਗਏ ਹਨ। ਲੱਖਾਂ ਦੀ ਭੀੜ ਦੇ ਬਾਵਜੂਦ ਮੰਦਰ ਪ੍ਰਸ਼ਾਸਨ ਦੇ ਪ੍ਰਬੰਧਾਂ ਦੀ ਕਾਫੀ ਸ਼ਲਾਘਾ ਹੋ ਰਹੀ ਹੈ। ਬਾਹਰੋਂ ਆਉਣ ਵਾਲੇ ਸ਼ਰਧਾਲੂਆਂ ਲਈ ਮੁਫ਼ਤ ਲੰਗਰ, ਡਿਸਪੈਂਸਰੀ, ਸਾਫ਼ ਪਖਾਨੇ



ਅਤੇ ਇਸ਼ਨਾਨਘਰ ਦੀ ਉਚਿਤ ਵਿਵਸਥਾ ਕੀਤੀ ਗਈ ਸੀ। ਲੰਗਰ ਭਵਨ ਵਿੱਚ ਐਲ.ਪੀ.ਜੀ. ਗੈਸ ਦਾ ਪੂਰਾ ਪ੍ਰਬੰਧ ਸੀ ਤਾਂ ਜੋ ਸੇਵਾ ਵਿੱਚ ਕੋਈ ਰੁਕਾਵਟ ਨਾ ਆਵੇ। ਮੰਦਰ ਅਧਿਕਾਰੀ ਅਜੈ ਮੰਡਿਆਲ ਨੇ ਦੱਸਿਆ ਕਿ ਸੀਮਤ ਸਾਧਨਾਂ ਦੇ ਬਾਵਜੂਦ ਸ਼ਰਧਾਲੂਆਂ ਨੂੰ ਹਰ ਸੰਭਵ ਸਹੂਲਤ ਦੇਣ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਅਨੁਸਾਰ ਮਾਤਾ ਚਿੰਤਪੂਰਨੀ ਮੰਦਰ ਵਿੱਚ ਕੰਮ ਕਰਨ ਦਾ ਉਨ੍ਹਾਂ ਦਾ ਪੁਰਾਣਾ ਤਜ਼ਰਬਾ ਇੱਥੋਂ ਦੇ ਪ੍ਰਬੰਧਾਂ ਵਿੱਚ ਕੰਮ ਆਇਆ। ਮੰਦਰ ਦੇ ਪੁਜਾਰੀ ਅਵਿਨੰਦਰ ਸ਼ਰਮਾ ਅਤੇ ਜਿਤੇਸ਼ ਸ਼ਰਮਾ ਨੇ ਦੱਸਿਆ ਕਿ ਇਸ ਵਾਰ ਭਗਤਾਂ ਦੀ ਗਿਣਤੀ ਵਿੱਚ ਰਿਕਾਰਡ ਵਾਧਾ ਹੋਇਆ ਹੈ। ਪ੍ਰਸ਼ਾਸਨ ਨੇ ਭਵਿੱਖ ਵਿੱਚ ਸ਼ਰਧਾਲੂਆਂ ਨੂੰ ਹੋਰ ਵੀ ਬਿਹਤਰ ਸਹੂਲਤਾਂ ਦੇਣ ਦਾ ਭਰੋਸਾ ਦਿੱਤਾ ਹੈ।

### ਪੁਰਾਣੀ ਰੰਜਿਸ਼ ਨੂੰ ਲੈ ਕੇ ਚੱਲੀ ਗੋਲੀ, ਇਕ ਵਿਅਕਤੀ ਗੰਭੀਰ ਜ਼ਖਮੀ

ਗੁਰੂਹਰਸਹਾਏ 6 ਅਪ੍ਰੈਲ। ਪੁਰਾਣੀ ਰੰਜਿਸ਼ ਨੂੰ ਲੈ ਕੇ ਦੇਰ ਰਾਤ ਗੋਲੀ ਚੱਲਣ ਕਰਕੇ ਇੱਕ 40 ਸਾਲਾਂ ਦੇ ਕਰੀਬ ਵਿਅਕਤੀ ਦੇ ਜ਼ਖਮੀ ਹੋ ਜਾਣ ਦੀ ਖ਼ਬਰ ਪ੍ਰਾਪਤ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਮੁਖੀ ਜਗਦੀਪ ਸਿੰਘ ਨੇ ਦੱਸਿਆ ਕਿ ਪਿੰਡ ਮੋਹਨ ਕੇ ਵਿਖੇ ਦੋ ਧਿਰਾਂ ਵਿੱਚ ਪੁਰਾਣੀ ਰੰਜਿਸ਼ ਸੀ, ਜਿਸ ਦੇ ਚੱਲਦਿਆਂ ਦੋਵੇਂ ਧਿਰਾਂ ਰੇਲਵੇ ਸਟੇਸ਼ਨ ਗੁਰੂਹਰਸਹਾਏ 'ਤੇ ਗੱਲਬਾਤ ਕਰ ਰਹੀਆਂ ਸਨ। ਇਸ ਦੌਰਾਨ ਦੋਵੇਂ ਧਿਰਾਂ 'ਚ ਕਿਸੇ ਗੱਲ ਨੂੰ ਲੈ ਕੇ ਮੁੜ ਤੋਂ ਟਕਰਾਰ ਹੋ ਗਿਆ। ਇਸ ਦੇ ਚੱਲਦਿਆਂ ਇੱਕ ਧਿਰ ਵੱਲੋਂ ਦੂਜੇ ਧਿਰ ਦੇ ਇੱਕ ਵਿਅਕਤੀ 'ਤੇ ਗੋਲੀ ਚਲਾ ਦਿੱਤੀ ਗਈ, ਜਿਸ ਕਰਕੇ ਇੱਕ 40 ਸਾਲਾ ਵਿਅਕਤੀ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ, ਜਿਸ ਨੂੰ ਇਲਾਜ ਦੇ ਲਈ ਕਮਿਊਨਿਟੀ ਹੈਲਥ ਸੈਂਟਰ ਗੁਰੂਹਰਸਹਾਏ ਵਿਖੇ ਲਿਆਂਦਾ ਗਿਆ ਜਿੱਥੇ ਉਸਦੀ ਨਾਜ਼ੁਕ ਹਾਲਤ ਨੂੰ ਦੇਖਦੇ ਹੋਏ ਉਸ ਨੂੰ ਫਰੀਦਕੋਟ ਦੇ ਮੈਡੀਕਲ ਕਾਲਜ ਚ ਰੈਫ਼ਰ ਕਰ ਦਿੱਤਾ ਗਿਆ।

## ਭਾਰਤੀ ਨਿਵੇਸ਼ਕਾਂ ਦੇ ਹੌਸਲੇ ਬੁਲੰਦ, ਦੁਬਈ 'ਚ ਲਗਜ਼ਰੀ ਘਰ ਵੇਚਣ ਨੂੰ ਤਿਆਰ ਨਹੀਂ ਨਿਵੇਸ਼ਕ

**ਕੌਮੀ ਪਤ੍ਰਿਕਾ**


ਬਿਜ਼ਨੈੱਸ ਡੈਸਕ 6 ਅਪ੍ਰੈਲ। ਪੱਛਮੀ ਏਸ਼ੀਆ ਵਿੱਚ ਵਧਦੇ ਭੂ-ਰਾਜਨੀਤਿਕ ਤਣਾਅ ਕਾਰਨ ਦੁਬਈ ਦੇ ਲਗਜ਼ਰੀ ਰੀਅਲ ਐਸਟੇਟ ਮਾਰਕੀਟ ਵਿੱਚ ਕੁਝ ਸੁਸਤੀ ਜ਼ਰੂਰ ਦੇਖਣ ਨੂੰ ਮਿਲ ਰਹੀ ਹੈ, ਪਰ ਭਾਰਤੀ ਨਿਵੇਸ਼ਕ ਅਜੇ ਵੀ ਆਪਣੀਆਂ ਮਹਿੰਗੀਆਂ ਜਾਇਦਾਦਾਂ ਨੂੰ ਲੈ ਕੇ ਪੂਰੀ ਤਰ੍ਹਾਂ ਭਰੋਸੇ ਵਿੱਚ ਹਨ। ਸਰੋਤਾਂ ਅਨੁਸਾਰ, ਅਮੀਰ ਭਾਰਤੀ ਪਾਮ ਜੁਮੇਰਾਹ ਜਾਂ ਐਮੀਰੇਟਸ ਹਿਲਜ਼ ਵਰਗੇ ਪੌਸ਼ ਇਲਾਕਿਆਂ ਵਿੱਚ ਆਪਣੇ ਆਲੀਸ਼ਾਨ ਘਰਾਂ ਨੂੰ ਵੇਚ ਕੇ ਨਿਕਲਣ ਦੀ ਬਜਾਏ ਫਿਲਹਾਲ 'ਹੋਲਡ ਮੋਡ' ਵਿੱਚ ਰਹਿਣਾ ਪਸੰਦ ਕਰ ਰਹੇ ਹਨ। ਦੁਬਈ ਦੇ ਰੀਅਲ ਐਸਟੇਟ ਬਾਜ਼ਾਰ ਵਿੱਚ ਵਿਦੇਸ਼ੀ ਨਿਵੇਸ਼ਕਾਂ ਦਾ ਦਬਦਬਾ ਹੈ, ਜਿਨ੍ਹਾਂ ਵਿੱਚੋਂ ਭਾਰਤੀ ਸਭ ਤੋਂ ਅੱਗੇ ਹਨ। ਅੰਕੜਿਆਂ ਮੁਤਾਬਕ, ਦੁਬਈ ਵਿੱਚ ਕੁੱਲ ਰਿਹਾਇਸ਼ੀ ਮਲਕੀਅਤ ਵਿੱਚ ਵਿਦੇਸ਼ੀ ਖਰੀਦਦਾਰਾਂ ਦੀ ਹਿੱਸੇਦਾਰੀ 40 ਫੀਸਦੀ ਤੋਂ ਵੱਧ ਹੈ, ਜਿਸ ਵਿੱਚ ਇਕੱਲੇ ਭਾਰਤੀਆਂ ਦਾ ਯੋਗਦਾਨ ਲਗਭਗ 22 ਪ੍ਰਤੀਸ਼ਤ ਹੈ। ਨਾਈਟ ਫ?ਰੈਂਕ ਦੀ 'ਦ ਵੈਲਥ ਰਿਪੋਰਟ 2025' ਅਨੁਸਾਰ, ਭਾਰਤ ਵਿੱਚ ਅਰਬਪਤੀਆਂ ਦੀ ਗਿਣਤੀ 12 ਪ੍ਰਤੀਸ਼ਤ ਵਧ ਕੇ 191 ਹੋ ਗਈ ਹੈ, ਅਤੇ ਇਹਨਾਂ ਵਿੱਚੋਂ



ਜ਼ਿਆਦਾਤਰ ਦੁਬਈ ਵਿੱਚ ਆਪਣੀ ਜਾਇਦਾਦ ਰੱਖਣਾ ਚਾਹੁੰਦੇ ਹਨ। ਉਦਯੋਗ ਮਾਹਿਰਾਂ ਦਾ ਕਹਿਣਾ ਹੈ ਕਿ ਦੁਬਈ ਦਾ ਟੈਕਸ-ਫ?ਰੀ ਸਿਸਟਮ, ਗੋਲਡਨ ਵੀਜ਼ਾ ਦੀ ਸਹੂਲਤ ਅਤੇ ਜਾਇਦਾਦ ਤੋਂ ਮਿਲਣ ਵਾਲਾ 6-9 ਪ੍ਰਤੀਸ਼ਤ ਤੱਕ ਦਾ ਮਜ਼ਬੂਤ ਕਿਰਾਇਆ ਭਾਰਤੀ ਨਿਵੇਸ਼ਕਾਂ ਲਈ ਮੁੱਖ ਖਿੱਚ ਦਾ ਕੇਂਦਰ ਹੈ। ਇਸ ਤੋਂ ਇਲਾਵਾ, ਸਾਲ 2021 ਤੋਂ ਬਾਅਦ ਦੁਬਈ ਵਿੱਚ ਰਿਹਾਇਸ਼ੀ ਜਾਇਦਾਦ ਦੀਆਂ ਕੀਮਤਾਂ ਵਿੱਚ 60-75 ਪ੍ਰਤੀਸ਼ਤ ਦਾ ਭਾਰੀ ਵਾਧਾ ਹੋਇਆ ਹੈ, ਜੋ ਨਿਵੇਸ਼ਕਾਂ ਨੂੰ ਵਧੀਆ ਰਿਟਰਨ ਦੇ ਰਿਹਾ ਹੈ। ਪ੍ਰੋਐਕਟ ਲਗਜ਼ਰੀ ਰੀਅਲ ਐਸਟੇਟ ਦੇ ਸੀ.ਈ.ਓ. ਰਿਤੂ ਕਾਂਤ ਓਝਾ ਅਨੁਸਾਰ, ਬਾਜ਼ਾਰ ਵਿੱਚ ਫਿਲਹਾਲ ਕੋਈ ਅਜਿਹਾ ਸੰਕੇਤ ਨਹੀਂ ਹੈ ਕਿ ਭਾਰਤੀ ਆਪਣੀਆਂ ਜਾਇਦਾਦਾਂ ਵੇਚ ਕੇ ਬਾਹਰ ਨਿਕਲਣਾ ਚਾਹੁੰਦੇ ਹਨ। ਉੱਥੇ ਹੀ ਐਨਾਰੋਕ ਗਰੁੱਪ ਦੇ ਚੇਅਰਮੈਨ ਅਨੁਜ ਪੁਰੀ ਨੇ ਕਿਹਾ ਕਿ ਲੋਕ ਫਿਲਹਾਲ ਸਾਵਧਾਨ ਹਨ ਅਤੇ ਨਵੇਂ ਸੌਦਿਆਂ ਨੂੰ ਲੈ ਕੇ ਉਡੀਕ ਕਰੋ ਅਤੇ ਦੇਖੋ ਦੀ ਨੀਤੀ ਅਪਣਾ ਰਹੇ ਹਨ। ਕ੍ਰੇਡਾਈ ਦੇ ਪ੍ਰਧਾਨ ਸ਼ੇਖਰ ਪਟੇਲ ਦਾ ਮੰਨਣਾ ਹੈ ਕਿ ਮੌਜੂਦਾ ਭੂ-ਰਾਜਨੀਤਿਕ ਸਥਿਤੀ ਕਾਰਨ ਨਿਵੇਸ਼ਕ ਅਗਲੇ 2 ਤੋਂ 3 ਸਾਲਾਂ ਤੱਕ ਆਪਣੀਆਂ ਜਾਇਦਾਦਾਂ ਨੂੰ ਰੋਕ ਕੇ ਰੱਖ ਸਕਦੇ ਹਨ।

## 19 ਅਪ੍ਰੈਲ ਨੂੰ ਖੁੱਲ੍ਹਣਗੇ ਗੰਗੋਤਰੀ ਧਾਮ ਦੇ ਕਿਵਾੜ, ਅੰਤਿਮ ਪੜਾਅ 'ਤੇ ਪੁੱਜੀਆਂ ਤਿਆਰੀਆਂ

ਉੱਤਰਕਾਸ਼ੀ 6 ਅਪ੍ਰੈਲ। ਉੱਤਰਾਖੰਡ ਦੇ ਉੱਤਰਕਾਸ਼ੀ ਜ਼ਿਲ੍ਹੇ ਵਿਚ ਚਾਰਧਾਮ ਯਾਤਰਾ ਦੇ ਸ਼ੁਰੂ ਹੋਣ 'ਚ ਕੁਝ ਦਿਨ ਬਾਕੀ ਹਨ। ਇਸ ਕ੍ਰਮ ਵਿਚ ਉੱਤਰਕਾਸ਼ੀ ਸਥਿਤ ਗੰਗੋਤਰੀ ਧਾਮ ਦੇ ਕਿਵਾੜ 19 ਅਪ੍ਰੈਲ ਨੂੰ ਸ਼ਰਧਾਲੂਆਂ ਦੇ ਦਰਸ਼ਨਾਂ ਲਈ ਖੋਲ੍ਹ ਦਿੱਤੇ ਜਾਣਗੇ। ਕਿਵਾੜ ਖੁੱਲ੍ਹਣ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਮੰਦਰ ਕਮੇਟੀ ਨੇ ਆਪਣੀਆਂ ਤਿਆਰੀਆਂ ਹੋਰ ਤੇਜ਼ ਕਰ ਦਿੱਤੀਆਂ ਹਨ। ਯਾਤਰਾ ਨੂੰ ਸੁਚਾਰੂ ਅਤੇ ਯੋਜਨਾਬੱਧ ਬਣਾਉਣ ਦੇ ਉਦੇਸ਼ ਨਾਲ ਹੋਟਲ ਐਸੋਸੀਏਸ਼ਨ ਅਤੇ ਮੰਦਰ ਕਮੇਟੀ ਦੇ ਨੁਮਾਇੰਦਿਆਂ ਨੇ ਵੀਰਵਾਰ ਨੂੰ ਜ਼ਿਲ੍ਹਾ ਮੈਜਿਸਟ?ਰੇਟ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ। ਇਸ ਮੀਟਿੰਗ ਦੌਰਾਨ ਪ੍ਰਤੀਨਿਧੀਆਂ ਨੇ ਆਪਣੀਆਂ ਵੱਖ-ਵੱਖ ਮੰਗਾਂ ਸੰਬੰਧੀ ਇਕ ਮੰਗ ਪੱਤਰ ਸੌਂਪਿਆ। ਮੀਟਿੰਗ ਵਿਚ ਮੁੱਖ ਤੌਰ 'ਤੇ ਕੋਵਿਡ-19 ਮਹਾਂਮਾਰੀ ਦੌਰਾਨ ਲਗਾਈ ਗਈ ਸੀਮਤ ਗਿਣਤੀ ਵਿਚ ਸ਼ਰਧਾਲੂਆਂ ਦੇ ਮੁੱਦੇ 'ਤੇ ਚਰਚਾ ਕੀਤੀ ਗਈ। ਹੋਟਲ ਐਸੋਸੀਏਸ਼ਨ ਅਤੇ ਮੰਦਰ ਕਮੇਟੀ ਦੇ ਅਧਿਕਾਰੀਆਂ ਨੇ ਕਿਹਾ ਕਿ ਮੌਜੂਦਾ ਸਥਿਤੀ ਆਮ ਵਾਂਗ ਹੋ ਗਈ ਹੈ। ਇਸ ਲਈ ਅਜਿਹੇ ਵਿਚ ਮੰਦਰ ਵਿਚ ਸ਼ਰਧਾਲੂਆਂ ਦੀ ਗਿਣਤੀ 'ਤੇ ਲਗਾਈ ਪਾਬੰਦੀ ਨੂੰ ਖ਼ਤਰ ਕਰ ਦੇਣਾ



ਚਾਹੀਦਾ ਹੈ। ਉਨ੍ਹਾਂ ਦਲੀਲ ਦਿੱਤੀ ਕਿ ਇਸ ਨਾਲ ਵੱਧ ਤੋਂ ਵੱਧ ਗਿਣਤੀ ਵਿਚ ਸ਼ਰਧਾਲੂ ਗੰਗੋਤਰੀ ਧਾਮ ਦੇ ਦਰਸ਼ਨਾਂ ਲਈ ਪਹੁੰਚ ਸਕਦੇ ਹਨ, ਜਿਸ ਨਾਲ ਸਥਾਨਕ ਵਪਾਰ ਅਤੇ ਸੈਰ-ਸਪਾਟਾ ਵਿਚ ਵਾਧਾ ਹੋਵੇਗਾ। ਜ਼ਿਲ੍ਹਾ ਮੈਜਿਸਟਰੇਟ ਨੇ ਪ੍ਰਤੀਨਿਧੀਆਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਇਸ ਸਬੰਧ ਵਿਚ ਸਰਕਾਰੀ ਪੱਧਰ 'ਤੇ ਵਿਚਾਰ-ਵਟਾਂਦਰੇ ਤੋਂ ਬਾਅਦ ਢੁਕਵਾਂ ਫ਼ੈਸਲਾ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਯਾਤਰਾ ਦੇ ਦੌਰਾਨ ਸ਼ਰਧਾਲੂਆਂ ਦੀ ਸਹੂਲਤ ਅਤੇ ਸੁਰੱਖਿਆ ਸਭ ਤੋਂ ਵੱਡੀ ਤਰਜੀਹ ਹੈ ਅਤੇ ਇਸ ਨੂੰ ਧਿਆਨ ਵਿਚ ਰੱਖਦੇ ਹੋਏ ਸਾਰੇ ਜ਼ਰੂਰੀ ਕਦਮ ਚੁੱਕੇ ਜਾਣਗੇ।

## ਪੰਜਾਬ 'ਚ ਵੱਡਾ ਹਾਦਸਾ, ਡਿੱਗੇ ਖੰਭੇ 'ਚ ਜਾ ਵਜਿਆ ਮੋਟਰਸਾਈਕਲ

**ਏਜੰਸੀਆਂ**

ਕਾਠਗੜ੍ਹ 6 ਅਪ੍ਰੈਲ। ਸਵੇਰੇ ਬਲਾਚੌਰ-ਰੂਪਨਗਰ ਰਾਸ਼ਟਰੀ ਮਾਰਗ 'ਤੇ ਨੈਸ਼ਨਲ ਪਿੰਡ ਰੈਲਮਾਜਰਾ ਅੱਡੇ ਦੇ ਕੋਲ ਇਕ ਟਰੱਕ ਨਾਲ ਹਾਦਸਾ ਵਾਪਰਨ ਤੋਂ ਬਾਅਦ ਸਰਵਿਸਸ ਮਾਰਗ 'ਤੇ ਡਿੱਗੇ ਲਾਈਟ ਵਾਲੇ ਖੰਭੇ ਵਿਚ ਟਕਰਾਉਣ ਨਾਲ ਮੋਟਰਸਾਈਕਲ ਸਵਾਰ ਪਿਓ-ਪੁੱਤ ਜ਼ਖਮੀ ਹੋ ਗਏ ਅਤੇ ਹਸਪਤਾਲ ਪਹੁੰਚ ਕੇ ਪਿਤਾ ਦੀ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਉਕਤ ਮਾਰਗ 'ਤੇ ਵਾਪਰੇ ਇਸ ਹਾਦਸੇ ਸਬੰਧੀ ਜਾਣਕਾਰੀ ਦਿੰਦੇ ਹੋਏ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਏ.ਐੱਸ.ਆਈ. ਕੁਲਦੀਪ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਕੰਟ?ਰੋਲਰ ਰੂਮ ਨਵਾਂਸ਼ਹਿਰ ਤੋਂ ਸੂਚਨਾ ਮਿਲੀ ਸੀ ਕਿ ਇਕ ਟਰੱਕ ਜਿਸ ਨੂੰ ਸੁਨੀਲ ਕੁਮਾਰ ਪੁੱਤਰ ਅਜੀਤ ਰਾਜ ਪਿੰਡ ਬੈਂਗਲਰ ਤਹਿਸੀਲ ਸਾਂਬਾ ਜੰਮੂ ਐਂਡ ਕਸ਼ਮੀਰ ਚਲਾ ਰਿਹਾ ਸੀ ਤੇ ਉਹ ਜੰਮੂ ਤੋਂ ਟਰੱਕ ਲੋਡ ਕਰ ਕੇ ਪੰਚਕੂਲਾ ਹਰਿਆਣਾ ਜਾ ਰਿਹਾ ਸੀ, ਜਦੋਂ ਇਹ ਟਰੱਕ ਰੈਲਮਾਜਰਾ ਦੇ ਨੇੜੇ ਪਹੁੰਚਿਆ ਤਾਂ ਟਰੱਕ ਅੱਗੇ ਅਚਾਨਕ ਆਵਾਰਾ ਪਸ਼ੂ ਆ ਗਿਆ ਜਿਸ ਨੂੰ ਬਚਾਉਣ ਲਈ ਟਰੱਕ ਚਾਲਕ ਨੇ ਇਕਦਮ ਬ੍ਰੇਕ ਮਾਰੀ ਪਰ ਤੇਜ਼ ਹੋਣ ਕਾਰਨ ਟਰੱਕ ਦਾ ਸੰਤੁਲਨ ਵਿਗੜ ਜਿਸ ਕਾਰਨ ਟਰੱਕ ਬੇਕਾਬੂ ਹੋ ਕੇ ਹਾਈਵੇ ਮਾਰਗ ਦੇ ਡਿਵਾਇਡਰ 'ਤੇ ਜਾ ਚੜ੍ਹਿਆ ਅਤੇ ਡਿਵਾਈਡਰ 'ਤੇ ਲੱਗੀ ਰੇਲਿੰਗ ਨੂੰ ਕਾਫੀ ਦੂਰ ਤੱਕ ਤੋੜਦਾ ਚਲਾ ਗਿਆ ਅਤੇ ਨਾਲ ਹੀ ਮਾਰਗ 'ਤੇ ਲੱਗੇ ਲਾਈਟ ਵਾਲੇ ਖੰਭੇ ਨਾਲ ਜਾ ਟਕਰਾਇਆ ਜਿਸ ਕਾਰਨ ਲਾਈਟ ਦਾ ਖੰਭਾ ਟੁੱਟ ਕੇ ਸਰਵਿਸ ਰੋਡ 'ਤੇ ਜਾ ਡਿਗਿਆ ਅਤੇ ਟਰੱਕ ਬੁਰੀ ਤਰ੍ਹਾਂ ਨਾਲ ਨੁਕਸਾਨਿਆ ਗਿਆ। ਏ.ਐੱਸ.ਆਈ. ਕੁਲਦੀਪ ਕੁਮਾਰ ਨੇ ਦੱਸਿਆ ਕਿ ਅਜੇ ਉਹ ਹਾਦਸੇ ਵਾਲੀ ਜਗ?ਹਾ 'ਤੇ ਪਹੁੰਚੇ ਹੀ ਸਨ ਕਿ ਰੈਲਮਾਜਰਾ ਸਾਈਡ ਤੋਂ ਇਕ ਮੋਟਰਸਾਈਕਲ ਆਇਆ ਜਿਸ ਨੂੰ ਮੋਹਨ ਲਾਲ ਪੁੱਤਰ ਜਗਦੀਸ਼ ਕੁਮਾਰ ਵਾਸੀ ਬੜੀ ਹਵੇਲੀ ਰੋਪੜ ਅਤੇ ਉਸ ਦਾ ਪੁੱਤਰ ਰੋਹਨ ਪੁੱਤਰ ਜਗਦੀਸ਼ ਕੁਮਾਰ ਜੋ ਮੋਟਰਸਾਈਕਲ ਦੇ ਪਿੱਛੇ ਬੈਠਾ ਸੀ ਇਹ ਦੋਵੇਂ ਪਿਓ-ਪੁੱਤਰ ਜੋ ਪਿੰਡ ਟੌਂਸਾ ਵਿਖੇ ਜਾਗਰਣ ਕਰਨ ਉਪਰੰਤ ਵਾਪਸ ਆਪਣੇ ਘਰ ਰੋਪੜ ਵਿਖੇ ਪਰਤ ਰਹੇ ਸਨ ਕਿ ਜਦੋਂ ਉਹ ਉਪਰੋਕਤ ਸਥਾਨ 'ਤੇ ਪਹੁੰਚੇ ਤਾਂ ਪਤਾ ਨਾ ਲੱਗਣ ਕਰ ਕੇ ਉਨ੍ਹਾਂ ਦਾ ਮੋਟਰਸਾਈਕਲ ਸਰਵਿਸ ਰੋਡ 'ਤੇ ਡਿੱਗੇ ਖੰਭੇ ਨਾਲ ਟਕਰਾ ਗਿਆ ਜਿਸ ਨਾਲ ਦੋਨੋਂ ਪਿਓ-ਪੁੱਤਰ ਗੰਭੀਰ ਰੂਪ 'ਚ ਜ਼ਖਮੀ ਹੋ ਗਏ ਜਿਨ੍ਹਾਂ ਨੂੰ ਨੈਸ਼ਨਲ ਹਾਈਵੇ ਅਥਾਰਟੀ ਦੀ ਐਂਬੂਲੈਂਸ ਰਾਹੀ ਐੱਸ. ਐੱਸ. ਐੱਫ. ਦੀ ਟੀਮ ਵੱਲੋਂ ਸਿਵਲ ਹਸਪਤਾਲ ਰੋਪੜ ਵਿਖੇ ਇਲਾਜ ਲਈ ਦਾਖ਼ਲ ਕਰਵਾਇਆ ਗਿਆ ਪਰ ਜ਼ਖਮਾਂ ਦੀ ਤਾਬ ਨਾ ਚਲਦੇ ਹੋਏ ਪਿਓ ਦੀ ਮੌਤ ਹੋ ਗਈ ਜਦ ਕਿ ਪੁੱਤਰ ਜੇਰੇ ਇਲਾਜ ਹੈ। ਐੱਸ. ਐੱਸ. ਐੱਫ. ਦੀ ਟੀਮ ਵੱਲੋਂ ਟਰੱਕ ਨੂੰ ਸਾਈਡ 'ਤੇ ਕਰਵਾ ਕੇ ਆਵਜਾਈ ਨੂੰ ਸਚਾਰੂ ਕਰਵਾਇਆ ਗਿਆ ਅਤੇ ਇਸ ਹਾਦਸੇ ਦੀ ਸੂਚਨਾ ਥਾਣਾ ਕਾਠਗੜ੍ਹ ਨੂੰ ਦੇ ਦਿੱਤੀ ਗਈ ਹੈ।

## ਜਲੰਧਰ ਦਿਹਾਤੀ ਪੁਲਸ ਵੱਲੋਂ ਕਤਲ ਕੇਸ ਦੀ ਗੁੱਥੀ ਸੁਲਝਾਈ, ਘਰ 'ਚੋਂ ਦੱਬੀ ਲਾਸ਼ ਬਰਾਮਦ

**ਕੌਮੀ ਪਤ੍ਰਿਕਾ**

ਜਲੰਧਰ 6 ਅਪ੍ਰੈਲ। ਕਤਲ ਦੇ ਮਾਮਲੇ ਦੀ ਗੁੱਥੀ ਸੁਲਝਾਉਂਦੇ ਹੋਏ ਮਾਮਲੇ ਦੀ ਸੰਵੇਦਨਸ਼ੀਲਤਾ ਨੂੰ ਦੇਖਦਿਆਂ ਵਿਨੀਤ ਅਹਿਲਾਵਤ, ਆਈ.ਪੀ.ਐੱਸ, ਪੁਲਸ ਕਪਤਾਨ ਤਫਤੀਸ਼ ਅਤੇ ਉਂਕਾਰ ਸਿੰਘ ਬਰਾੜ ਦੀ ਅਗਵਾਈ ਹੇਠ ਸਬ ਇੰਸਪੈਕਟਰ ਦਿਲਬਾਗ ਸਿੰਘ, ਮੁੱਖ ਅਫਸਰ ਥਾਣਾ ਸਦਰ ਨਕੋਦਰ ਦੀ ਟੀਮ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਅਧੁਨਿਕ ਅਤੇ ਟੈਕਨੀਕਲ ਤਰੀਕਿਆਂ ਨਾਲ ਦੋਸ਼ੀ ਗੁਰਦੇਵ ਸਿੰਘ ਨੂੰ ਟਰੇਸ ਕਰਕੇ ਗ੍ਰਿਫਤਾਰ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਉਂਕਾਰ ਸਿੰਘ ਬਰਾੜ, ਉਪ ਪੁਲਸ ਕਪਤਾਨ ਸਬ-ਡਵੀਜ਼ਨ ਨਕੋਦਰ ਨੇ ਦੱਸਿਆ ਕਿ ਮਿਤੀ 01.04.2026 ਨੂੰ ਅਮਨਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪੱਤੀ ਅਕਲਪੁਰ ਮਲਸੀਆਂ ਥਾਣਾ ਸ਼ਾਹਕੋਟ ਜ਼ਿਲ੍ਹਾ ਜਲੰਧਰ ਵੱਲੋਂ ਦਰਖ਼ਾਸਤ ਦਿੱਤੀ ਗਈ ਕਿ ਉਸਦਾ ਚਾਚਾ ਅਮਰਜੀਤ ਸਿੰਘ ਪੁੱਤਰ ਅਜਮੇਰ ਸਿੰਘ, ਉਮਰ ਕਰੀਬ 45 ਸਾਲ, ਜੋ ਲਗਭਗ 20 ਸਾਲ ਤੋਂ ਗੁਰਦੇਵ ਸਿੰਘ ਨਾਲ ਕੰਮ ਕਰਦਾ ਸੀ, ਨਵੰਬਰ 2025 ਤੋਂ ਘਰ ਨਹੀਂ ਆਇਆ। ਸ਼ੱਕ ਦੇ ਆਧਾਰ 'ਤੇ ਗੁਰਦੇਵ ਸਿੰਘ ਖ਼?ਲਾਫ਼ ਮੁਕੱਦਮਾ ਨੰਬਰ 63 ਮਿਤੀ 01.04.2026 ਅਧੀਨ ਧਾਰਾ 103, 238 ਥਾਣਾ ਸਦਰ ਨਕੋਦਰ ਵਿਖੇ ਦਰਜ ਕੀਤਾ ਗਿਆ। ਮੁੱਢਲੀ ਪੁੱਛਗਿੱਛ ਦੌਰਾਨ ਦੋਸ਼ੀ ਨੇ ਖੁਲਾਸਾ ਕੀਤਾ ਕਿ ਉਸ ਨੇ 13.11.2025 ਨੂੰ ਅਮਰਜੀਤ ਸਿੰਘ ਦਾ ਕਤਲ ਕਰਕੇ ਲਾਸ਼ ਨੂੰ ਖੁਰਦ-ਬੁਰਦ



ਕਰਨ ਦੀ ਨੀਅਤ ਨਾਲ ਆਪਣੇ ਘਰ ਵਿੱਚ ਬਾਥਰੂਮ ਨੇੜੇ ਲਗਭਗ 5-6 ਫੁੱਟ ਡੂੰਘਾ ਖੱਡਾ ਖੋਦ ਕੇ ਬੋਰੇ ਵਿੱਚ ਪਾ ਕੇ ਦੱਬ ਦਿੱਤਾ ਸੀ। ਅੱਜ ਡਿਊਟੀ ਮੈਜਿਸਟ?ਰੇਟ ਪਵਨਦੀਪ ਸਿੰਘ ਦੀ ਹਾਜ਼ਰੀ ਵਿੱਚ ਪੁਲਸ ਪਾਰਟੀ ਨੇ ਦੋਸ਼ੀ ਦੀ ਨਿਸ਼ਾਨਦੇਹੀ 'ਤੇ ਪਿੰਡ ਗਾਂਧਰਾ ਵਿਖੇ ਉਸਦੇ ਘਰ ਤੋਂ ਬਾਥਰੂਮ ਨੇੜੇ ਖੁਦਾਈ ਕਰਕੇ ਮ੍ਰਿਤਕ ਅਮਰਜੀਤ ਸਿੰਘ ਦੀ ਦੱਬੀ ਹੋਈ ਲਾਸ਼ ਬਰਾਮਦ ਕੀਤੀ। ਇਸ ਮੌਕੇ ਪਿੰਡ ਗਾਂਧਰਾ ਅਤੇ ਮਲਸੀਆਂ ਪੱਤੀ ਅਕਲਪੁਰ ਦੀਆਂ ਪੰਚਾਇਤਾਂ ਵੀ ਮੌਜੂਦ ਸਨ। ਲਾਸ਼ ਦਾ ਪੋਸਟਮਾਰਟਮ ਡਾਕਟਰੀ ਟੀਮ ਦੇ ਬੋਰਡ ਰਾਹੀਂ ਕਰਵਾਇਆ ਜਾਵੇਗਾ ਅਤੇ ਮ੍ਰਿਤਕ ਦੇ ਡੀਐੱਨਏ ਸੈਂਪਲ ਵੀ ਲਏ ਜਾਣਗੇ। ਦੋਸ਼ੀ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਹੋਰ ਡੂੰਘਾਈ ਨਾਲ ਤਫਤੀਸ਼ ਕੀਤੀ ਜਾ ਸਕੇ। ਮ੍ਰਿਤਕ ਦੀ ਪਛਾਣ ਅਮਰਜੀਤ ਸਿੰਘ ਪੁੱਤਰ ਅਜਮੇਰ ਸਿੰਘ ਵਾਸੀ ਪੱਤੀ ਅਕਲਪੁਰ ਮਲਸੀਆਂ ਥਾਣਾ ਸ਼ਾਹਕੋਟ ਜ਼ਿਲ੍ਹਾ ਜਲੰਧਰ (ਉਮਰ ਕਰੀਬ 45 ਸਾਲ) ਵਜੋਂ ਹੋਈ ਹੈ ਤੇ ਇਸ ਮਾਮਲੇ ਵਿਚ ਗੁਰਦੇਵ ਸਿੰਘ ਪੁੱਤਰ ਗਹਿਲ ਸਿੰਘ ਵਾਸੀ ਪਿੰਡ ਪਛਾੜੀਆ ਥਾਣਾ ਮਹਿਤਪੁਰ ਜ਼ਿਲ੍ਹਾ ਜਲੰਧਰ ਹਾਲ ਵਾਸੀ ਪਿੰਡ ਗਾਂਧਰਾ ਥਾਣਾ ਸਦਰ ਨਕੋਦਰ ਜ਼ਿਲ੍ਹਾ ਜਲੰਧਰ ਦੀ ਗ੍ਰਿਫਤਾਰ ਕੀਤਾ ਗਿਆ ਹੈ।